Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
# ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 35 Chief Editor : Chowdhary Prabhjit Singh, Editor : Chhatarpal Singh 98146-32807, Saturday 18 July 2026 Price : 2 Rs. Page : 6

# ਸਿਰ ’ਤੇ ਦਸਤਾਰ ਸਜਾ ਕੇ ਜਲੰਧਰ ਪਹੁੰਚੇ ਪ੍ਰਧਾਨ ਮੰਤਰੀ : ਕੈਂਟ ਰੇਲਵੇ ਸਟੇਸ਼ਨ ਦਾ ਕੀਤਾ ਉਦਘਾਟਨ

ਜਲੰਧਰ, 16 ਜੁਲਾਈ
-ਸ਼ਹੀਦ-ਏ-ਆਜ਼ਮ-ਬਿਊਰੋ-

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਪੰਜਾਬ ਦੇ ਜਲੰਧਰ ਪਹੁੰਚੇ, ਜਿੱਥੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੇ ਆਧੁਨਿਕ ਸਹੂਲਤਾਂ ਨਾਲ ਲੈਸ ਜਲੰਧਰ ਕੈਂਟ ਰੇਲਵੇ ਸਟੇਸ਼ਨ ਦਾ ਉਦਘਾਟਨ ਕੀਤਾ। ਇਸ ਮੌਕੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਅਤੇ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਵੀ ਉਨ੍ਹਾਂ ਦੇ ਨਾਲ ਮੌਜੂਦ ਰਹੇ।



**ਯਾਤਰੀਆਂ ਨੂੰ ਮਿਲਣਗੀਆਂ ਆਧੁਨਿਕ ਸਹੂਲਤਾਂ**

ਜਲੰਧਰ ਕੈਂਟ ਰੇਲਵੇ ਸਟੇਸ਼ਨ ਨੂੰ ਆਧੁਨਿਕ ਤਕਨੀਕ ਅਤੇ ਬਿਹਤਰ ਯਾਤਰੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ। ਇੱਥੇ ਏਸੀ ਵੇਟਿੰਗ ਹਾਲ, ਐਸਕੇਲੇਟਰ (ਚਲਦੀਆਂ ਪੌੜੀਆਂ), ਲਿਫਟ, ਡਿਜੀਟਲ ਲਾਕਰ, ਆਧੁਨਿਕ ਸੁਰੱਖਿਆ ਪ੍ਰਬੰਧ ਅਤੇ ਦਿਵਿਆਂਗ ਪੱਖੀ (ਸਰੀਰਕ ਤੌਰ ’ਤੇ ਅਸਮਰੱਥ ਲੋਕਾਂ ਲਈ ਅਨੁਕੂਲ) ਸਹੂਲਤਾਂ ਉਪਲੱਬਧ ਕਰਵਾਈਆਂ ਗਈਆਂ ਹਨ। ਸਟੇਸ਼ਨ ਦਾ ਨਵਾਂ ਸਰੂਪ ਯਾਤਰੀਆਂ ਨੂੰ ਹਵਾਈ ਅੱਡੇ ਵਰਗਾ ਅਹਿਸਾਸ ਕਰਵਾਏਗਾ।

**ਸੁਰੱਖਿਆ ਦੇ ਰਹੇ ਸਖ਼ਤ ਪ੍ਰਬੰਧ**

ਪ੍ਰਧਾਨ ਮੰਤਰੀ ਦੇ ਦੌਰੇ ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਰੇਲਵੇ ਵੱਲੋਂ ਸੁਰੱਖਿਆ ਦੇ ਵਿਆਪਕ ਪ੍ਰਬੰਧ ਕੀਤੇ ਗਏ ਸਨ। ਰੇਲਵੇ ਸਟੇਸ਼ਨ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਪੁਲਿਸ ਅਤੇ ਸੁਰੱਖਿਆ ਬਲਾਂ ਤਾਇਨਾਤ ਕੀਤੇ ਗਏ। ਪੂਰੇ ਪ੍ਰੋਗਰਾਮ ਵਾਲੀ ਥਾਂ ਅਤੇ ਨਿਰਧਾਰਿਤ ਰੂਟ ’ਤੇ ਸਖ਼ਤ ਨਜ਼ਰ ਰੱਖੀ ਗਈ ਤਾਂ ਜੋ ਪ੍ਰੋਗਰਾਮ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚੜ੍ਹ ਸਕੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਚੰਡੀਗੜ੍ਹ ਦੌਰੇ ਦੌਰਾਨ ਟ੍ਰਾਈਸਿਟੀ ਅਤੇ ਇਸ ਦੇ ਨਾਲ ਲੱਗਦੇ ਸੂਬਿਆਂ ਲਈ 4,700 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਇਸ ਮੌਕੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਆਖਿਆ ਕਿ ਚੰਡੀਗੜ੍ਹ ਮਹਿਜ਼ ਇੱਕ ਸ਼ਹਿਰ ਨਹੀਂ ਹੈ, ਸਗੋਂ ਇਹ ਬਦਲਦੇ ਭਾਰਤ ਦੇ ‘ਵਿਕਾਸ ਮਾਡਲ’ ਦਾ ਇੱਕ ਵੱਡਾ ਪ੍ਰਤੀਕ ਹੈ ਅਤੇ ਇਸ ਦਾ ਸਰਵਪੱਖੀ ਵਿਕਾਸ ਕਰਨਾ ਸਾਡੀ ਸਰਕਾਰ ਦੀਆਂ ਮੁੱਖ ਪ੍ਰਾਥਮਿਕਤਾਵਾਂ ਵਿੱਚ ਸ਼ਾਮਲ ਹੈ।

ਆਪਣੇ ਸੰਬੋਧਨ ਦੌਰਾਨ ਦੇਸ਼ ਦੀ ਕਾਨੂੰਨ ਵਿਵਸਥਾ ਦਾ ਜ਼ਿਕਰ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਪੁਰਾਣੀ ਦੰਡ ਸੰਹਿਤਾ ਨੂੰ ਬਦਲ ਕੇ ‘ਭਾਰਤੀ ਨਿਆ ਸੰਹਿਤਾ’ ਲਾਗੂ ਕੀਤੀ ਹੈ, ਅਤੇ ਇਸ ਇਤਿਹਾਸਕ ਡਿਜੀਟਲ ਪ੍ਰੋਜੈਕਟ ਦੀ ਸ਼ੁਰੂਆਤ ਚੰਡੀਗੜ੍ਹ ਤੋਂ ਹੀ ਹੋਈ ਸੀ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਦੀ ਭੂਗੋਲਿਕ ਸਥਿਤੀ ਅਜਿਹੀ ਹੈ ਜੋ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਨੂੰ ਆਪਸ ਵਿੱਚ ਜੋੜਦੀ ਹੈ, ਇਸ ਲਈ ਇੱਥੇ ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ (ਇਨਫਰਾਸਟਰਕਚਰ) ਵਿੱਚ ਕੀਤਾ ਗਿਆ ਸੁਧਾਰ ਸਿੱਧੇ ਤੌਰ ’ਤੇ ਇਨ੍ਹਾਂ ਗੁਆਂਢੀ ਸੂਬਿਆਂ ਦੇ ਲੋਕਾਂ ਨੂੰ ਵੀ ਵੱਡਾ ਫ਼ਾਇਦਾ ਪਹੁੰਚਾਉਂਦਾ ਹੈ।

ਪ੍ਰਧਾਨ ਮੰਤਰੀ ਨੇ ਪੀ.ਜੀ.ਆਈ. ਨਾਲ ਜੁੜੀਆਂ ਆਪਣੀਆਂ ਪੁਰਾਣੀਆਂ ਯਾਦਾਂ ਤਾਜ਼ਾ ਕਰਦਿਆਂ ਕਿਹਾ ਕਿ ਜਦੋਂ ਉਹ ਚੰਡੀਗੜ੍ਹ ਰਹਿੰਦੇ ਸਨ, ਤਾਂ ਅਕਸਰ ਆਪਣੇ ਸਾਥੀਆਂ ਦਾ ਹਾਲ-ਚਾਲ ਜਾਣਨ ਲਈ ਇੱਥੇ ਆਉਂਦੇ ਸਨ। ਉਨ੍ਹਾਂ ਦੱਸਿਆ ਕਿ ਸਾਲ 2015 ਤੋਂ ਬਾਅਦ ਹੁਣ ਪੀ.ਜੀ.ਆਈ. ਦਾ ਬਹੁਤ ਵੱਡਾ ਵਿਸਥਾਰ ਹੋਇਆ ਹੈ। ਅੱਜ ਇੱਥੇ ‘ਐਡਵਾਂਸਡ ਮਦਰ ਐਂਡ ਚਾਈਲਡ ਸੈਂਟਰ’ ਅਤੇ ‘ਐਡਵਾਂਸਡ ਨਿਊਰੋਸਾਇੰਸ ਸੈਂਟਰ’ ਦਾ ਉਦਘਾਟਨ ਕੀਤਾ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਇੱਕ ਵੱਡਾ ਐਲਾਨ ਕਰਦਿਆਂ ਦੱਸਿਆ ਕਿ ਚੰਡੀਗੜ੍ਹ ਪੀ.ਜੀ.ਆਈ. ਵਿੱਚ ਹੁਣ ਨਵੇਂ ਐੱਮ.ਬੀ.ਬੀ.ਐੱਸ. (MBBS) ਕਾਲਜ ਨੂੰ ਵੀ ਸਰਕਾਰ ਵੱਲੋਂ ਮਨਜ਼ੂਰੀ ਦੇ ਦਿੱਤੀ ਗਈ ਹੈ, ਜਿਸ ਨਾਲ ਦੇਸ਼ ਨੂੰ ਵੱਡੀ ਗਿਣਤੀ ਵਿੱਚ ਨਵੇਂ ਡਾਕਟਰ ਮਿਲਣਗੇ।

ਆਪਣੇ ਭਾਸ਼ਣ ਦੌਰਾਨ ਪ੍ਰਧਾਨ ਮੰਤਰੀ ਨੇ ਚੰਡੀਗੜ੍ਹ ਦੇ ਸੇਵਾਮੁਕਤ ਆਈ.ਪੀ.ਐੱਸ. ਅਧਿਕਾਰੀ ਇੰਦਰਜੀਤ ਸਿੰਘ ਸਿੱਧੂ ਦੀ ਵਿਸ਼ੇਸ਼ ਤੌਰ ’ਤੇ ਸ਼ਲਾਘਾ ਕੀਤੀ, ਜੋ ਲੰਬੇ ਸਮੇਂ ਤੋਂ ਸਵੱਛਤਾ ਨੂੰ ਲੈ ਕੇ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ ਅਤੇ ਜਿਨ੍ਹਾਂ ਨੂੰ ਸਰਕਾਰ ਵੱਲੋਂ ਪਦਮ ਸ਼੍ਰੀ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਸਿਹਤ ਖੇਤਰ ’ਤੇ ਗੱਲ ਕਰਦਿਆਂ ਪੀ.ਐੱਮ. ਮੋਦੀ ਨੇ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਦੇਸ਼ ਦੇ ਮੈਡੀਕਲ ਢਾਂਚੇ ਵਿੱਚ ਕ੍ਰਾਂਤੀਕਾਰੀ ਬਦਲਾਅ ਆਏ ਹਨ ਅਤੇ ਮੈਡੀਕਲ ਸੀਟਾਂ ਸਮੇਤ ਕਾਲਜਾਂ ਦੀ ਗਿਣਤੀ ਦੁੱਗਣੀ ਹੋ ਗਈ ਹੈ। ਉਨ੍ਹਾਂ ਸਾਲ 2022 ਵਿੱਚ ਆਪਣੇ ਵੱਲੋਂ ਉਦਘਾਟਨ ਕੀਤੇ ਗਏ ‘ਹੋਮੀ ਭਾਬਾ ਕੈਂਸਰ ਹਸਪਤਾਲ’ ਦਾ ਜ਼ਿਕਰ ਕਰਦਿਆਂ ਕਿਹਾ ਕਿ ਹੁਣ ਮਰੀਜ਼ਾਂ ਨੂੰ ਬੇਹੱਦ ਘੱਟ ਕੀਮਤ ’ਤੇ ਵਿਸ਼ਵ ਪੱਧਰੀ ਇਲਾਜ ਦੀਆਂ ਸਹੂਲਤਾਂ ਮਿਲ ਰਹੀਆਂ ਹਨ।

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਹਰਿਆਣਾ ਦੇ ਜੀਂਦ ਰੇਲਵੇ ਸਟੇਸ਼ਨ ਤੋਂ ਦੇਸ਼ ਦੀ ਪਹਿਲੀ ਹਾਈਡ੍ਰੋਜਨ-ਚਾਲਿਤ ਟ੍ਰੇਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਸਵਦੇਸ਼ੀ ਤਕਨੀਕ ਨਾਲ ਵਿਕਸਿਤ ਇਹ ਟ੍ਰੇਨ ਹਾਈਡ੍ਰੋਜਨ ਫਿਊਲ ਸੈੱਲ ’ਤੇ ਆਧਾਰਿਤ ਹੈ ਅਤੇ ਸੰਚਾਲਨ ਦੌਰਾਨ ਜ਼ੀਰੋ ਕਾਰਬਨ ਨਿਕਾਸ ਕਰਦੀ ਹੈ। ਇਸ ਨੂੰ ਸਵੱਛ, ਹਰੇ ਅਤੇ ਟਿਕਾਊ ਰੇਲ ਆਵਾਜਾਈ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ।

ਇਸ ਇਤਿਹਾਸਕ ਮੌਕੇ ’ਤੇ ਖੇਤਰ ਵਿੱਚ 23,000 ਕਰੋੜ ਰੁਪਏ ਤੋਂ ਵੱਧ ਦੇ ਵਿਸ਼ਾਲ ਸੜਕੀ ਬੁਨਿਆਦੀ ਢਾਂਚੇ, ਅਤਿ-ਆਧੁਨਿਕ ਸਿਹਤ ਸਹੂਲਤਾਂ ਅਤੇ ਸਿੱਖਿਆ ਪ੍ਰਾਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖ ਰਹੇ ਹਨ।

ਇੱਥੇ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ, ਅੱਜ ਇਸ ਪਵਿੱਤਰ ਧਰਤੀ ’ਤੇ ਆ ਕੇ ਮਨ ਗਦਗਦ ਹੋ ਗਿਆ ਹੈ... ਅੱਜ ਜੀਂਦ ਭਾਜਪਾ-ਐਨ.ਡੀ.ਏ. ਦੇ ਸੁਸ਼ਾਸਨ ਮਾਡਲ ਦੀ ਤਸਵੀਰ ਬਣ ਰਿਹਾ ਹੈ। ਪਿਛਲੇ ਸਾਲਾਂ ਵਿੱਚ ਪੂਰਾ ਹਰਿਆਣਾ ਹੀ ਵਿਕਾਸ ਦੀ ਨਵੀਂ ਲੀਹ ’ਤੇ ਚੱਲ ਪਿਆ ਹੈ। ਅੱਜ ਜੀਂਦ ਅਤੇ ਹਰਿਆਣਾ ਦਾ ਨਾਮ ਇਤਿਹਾਸ ਦੇ ਪੰਨਿਆਂ ਵਿੱਚ ਦਰਜ ਹੋ ਗਿਆ ਹੈ। ਅੱਜ ਇੱਥੋਂ ਦੇਸ਼ ਨੂੰ ਪਹਿਲੀ ਹਾਈਡ੍ਰੋਜਨ ਟ੍ਰੇਨ ਮਿਲੀ ਹੈ।

ਆਪਣੇ ਇਸ ਰੁਝੇਵਿਆਂ ਭਰੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਕੁਰੂਕਸ਼ੇਤਰ ਵਿਖੇ ਸਿੱਖ ਅਜਾਇਬ ਘਰ ਦੀ ਨੀਂਹ ਰੱਖਣਗੇ ਅਤੇ ਹਾਂਸੀ-ਬਰਵਾਲਾ ਨੈਸ਼ਨਲ ਹਾਈਵੇਅ ਸਮੇਤ ਕਈ ਪ੍ਰਮੁੱਖ ਸੜਕੀ ਮਾਰਗਾਂ ਦੇ ਨੀਂਹ ਪੱਥਰ ਰੱਖਣ ਦੇ ਨਾਲ-ਨਾਲ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ ਦੇ ਹਰਿਆਣਾ ਵਾਲੇ ਹਿੱਸੇ ਸਮੇਤ ਹੋਰ ਵੱਡੇ ਪ੍ਰਾਜੈਕਟਾਂ ਨੂੰ ਰਾਸ਼ਟਰ ਨੂੰ ਸਮਰਪਿਤ ਕਰਨਗੇ।


## ਸ਼ਹੀਦ ਊਧਮ ਸਿੰਘ ਜੀ ਦੇ ਸ਼ਹੀਦੀ ਦਿਵਸ ਮੌਕੇ 31 ਜੁਲਾਈ ਨੂੰ ਹੋਵੇਗਾ ਰਾਜ ਪੱਧਰੀ ਸਮਾਗਮ ਸਨੌਰ ਵਿਖੇ

### ਸ਼੍ਰੀ ਨਾਇਬ ਸਿੰਘ ਸੈਣੀ ਮੁੱਖ ਮੰਤਰੀ ਹਰਿਆਣਾ ਸ਼ਹੀਦ ਸ. ਊਧਮ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਰਧਾ ਦੇ ਫੁੱਲ ਭੇਟ ਕਰਨਗੇ



ਸਨੌਰ, 17 ਜੁਲਾਈ 2026 (ਛਤਰਪਾਲ ਸਿੰਘ) : ਸ਼ਹੀਦ ਊਧਮ ਸਿੰਘ ਜੀ ਦੇ 86ਵੇਂ ਸ਼ਹੀਦੀ ਦਿਵਸ ਮੌਕੇ 31 ਜੁਲਾਈ 2026 ਨੂੰ ਸਵੇਰੇ 9 ਵਜੇ ਰਾਜ ਪੱਧਰੀ ਸਮਾਗਮ ਦਾ ਆਯੋਜਨ ਕੀਤਾ ਜਾਵੇਗਾ। ਇਹ ਸਮਾਗਮ ਹਾਂਡਾ ਪੈਲੇਸ, ਸਨੌਰ, ਨੇੜੇ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਹੋਵੇਗਾ।

ਸਮਾਗਮ ਦੌਰਾਨ ਸ਼ਹੀਦ ਊਧਮ ਸਿੰਘ ਜੀ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਦੇਸ਼ ਲਈ ਦਿੱਤੇ ਯੋਗਦਾਨ ਨੂੰ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ।

ਇਸ ਸ਼ਹੀਦੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼੍ਰੀ ਨਾਇਬ ਸਿੰਘ ਸੈਣੀ, ਮੁੱਖ ਮੰਤਰੀ, ਹਰਿਆਣਾ ਅਤੇ ਸ. ਕੇਵਲ ਸਿੰਘ ਢਿੱਲੋਂ, ਸੂਬਾ ਪ੍ਰਧਾਨ ਬੀ.ਜੇ.ਪੀ., ਪੰਜਾਬ ਸ਼ਾਮਲ ਹੋਣਗੇ। ਇਨ੍ਹਾਂ ਤੋਂ ਇਲਾਵਾ ਸ. ਭੁਪਿੰਦਰ ਸਿੰਘ, ਡਾਇਰੈਕਟਰ ਮਾਤਾ ਗੁਜਰੀ ਸਕੂਲ, ਦੇਵੀਗੜ੍ਹ ਅਤੇ ਸ. ਅਮਨ ਢੋਟ, ਯੂਵਾ ਮੋਰਚਾ ਬੀ.ਜੇ.ਪੀ. ਵਿਸ਼ੇਸ਼ ਤੌਰ ’ਤੇ ਪੰਹੁਚ ਰਹੇ ਹਨ।

ਇਸ ਮੌਕੇ ਹੋਰ ਕਈ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਸ਼ਖਸੀਅਤਾਂ ਦੀ ਹਾਜ਼ਰੀ ਵੀ ਰਹੇਗੀ। ਸ਼ਹੀਦੀ ਸਮਾਗਮ ਵਿਚ ਸ੍ਰੀ ਗੁਰੂ ਮਹਾਰਾਜ ਬਾਬਾ ਬ੍ਰਹਮ ਦਾਸ ਜੀ ਗੱਦੀ ਨਸ਼ੀਨ: ਡੇਰਾ ਬਾਬਾ ਭੂੰਮਣ ਸ਼ਾਹ ਜੀ ਸੰਗਰ ਸਾਧਾਂ (ਸਿਰਸਾ) ਵੀ ਸ਼ਿਰਕਤ ਕਰ ਰਹੇ ਹਨ।



ਸ੍ਰੀ ਨਾਇਬ ਸਿੰਘ ਸੈਣੀ
(ਮੁੱਖ ਮੰਤਰੀ, ਹਰਿਆਣਾ)

ਸ. ਕੇਵਲ ਸਿੰਘ ਢਿੱਲੋਂ
(ਸੂਬਾ ਪ੍ਰਧਾਨ ਬੀ.ਜੇ.ਪੀ., ਪੰਜਾਬ)

ਸ. ਹਰਦੀਪ ਸਿੰਘ ਕੰਬੋਜ (ਪ੍ਰਧਾਨ ਕੰਬੋਜ ਭਲਾਈ ਮੰਚ, ਪੰਜਾਬ), ਸਮੂਹ ਨਿਵਾਸੀ ਵਿਧਾਨ ਸਭਾ ਹਲਕਾ ਸਨੌਰ ਤੇ ਕੰਬੋਜ ਭਾਈਚਾਰਾ, ਪੰਜਾਬ ਆਪ ਜੀ ਨੂੰ ਸ਼ਹੀਦੀ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਅਤੇ ਸ਼ਰਧਾ ਦੇ ਫੁੱਲ ਭੇਟ ਕਰਨ ਦੀ ਅਪੀਲ ਕਰਦੇ ਹਨ।

ਇਹ ਰਾਜ ਪੱਧਰੀ ਸ਼ਹੀਦੀ ਸਮਾਗਮ ਨਾ ਸਿਰਫ਼ ਸ਼ਹੀਦ ਊਧਮ ਸਿੰਘ ਜੀ ਦੀ ਲਾਸਾਨੀ ਕੁਰਬਾਨੀ ਨੂੰ ਨਮਨ ਕਰਨ ਦਾ ਮੌਕਾ ਹੋਵੇਗਾ, ਸਗੋਂ ਦੇਸ਼ਭਗਤੀ, ਸਮਾਜਿਕ ਏਕਤਾ ਅਤੇ ਨੌਜਵਾਨਾਂ ਵਿੱਚ ਰਾਸ਼ਟਰ ਪ੍ਰੇਮ ਦੀ ਭਾਵਨਾ ਨੂੰ ਮਜ਼ਬੂਤ ਕਰਨ ਲਈ ਵੀ ਇੱਕ ਮਹੱਤਵਪੂਰਨ ਮੰਚ ਸਾਬਤ ਹੋਵੇਗਾ।



ਸ੍ਰੀ ਗੁਰੂ ਮਹਾਰਾਜ ਬਾਬਾ ਬ੍ਰਹਮ ਦਾਸ ਜੀ
ਗੱਦੀ ਨਸ਼ੀਨ: ਡੇਰਾ ਬਾਬਾ ਭੂੰਮਣ ਸ਼ਾਹ ਜੀ ਸੰਗਰ ਸਾਧਾਂ (ਸਿਰਸਾ)



ਸ. ਭੁਪਿੰਦਰ ਸਿੰਘ
ਡਾਇਰੈਕਟਰ, ਮਾਤਾ ਗੁਜਰੀ ਸਕੂਲ ਦੇਵੀਗੜ੍ਹ



ਸ. ਅਮਨ ਢੋਟ
ਯੂਵਾ ਮੋਰਚਾ ਬੀ.ਜੇ.ਪੀ.



ਬੇਨਤੀ ਕਰਤਾ:
ਸ. ਹਰਦੀਪ ਸਿੰਘ ਕੰਬੋਜ
ਬੀ.ਜੀ.ਪੀ. ਆਗੂ ਅਤੇ
ਪ੍ਰਧਾਨ ਕੰਬੋਜ ਭਲਾਈ ਮੰਚ, ਪੰਜਾਬ
ਸੰਪਰਕ ਲਈ:
98559-79222, 76965-41760


# ਕਾਂਗਰਸ ਪਾਰਟੀ ਸੀ.ਜੇ.ਪੀ.ਦੇ ਪ੍ਰਦਰਸ਼ਨ ਵਿੱਚ ਸ਼ਾਮਲ, ਪਵਨ ਖੇੜਾ ਨੇ ਇਕਜੁੱਟਤਾ ਪ੍ਰਗਟਾਈ

ਨਵੀਂ ਦਿੱਲੀ, 16 ਜੁਲਾਈ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-



ਸੀ.ਜੇ.ਪੀ. ਦੇ ਚੱਲ ਰਹੇ ਪ੍ਰਦਰਸ਼ਨ ਤੋਂ ਕਈ ਦਿਨਾਂ ਤੱਕ ਦੂਰ ਰਹਿਣ ਤੋਂ ਬਾਅਦ, ਕਾਂਗਰਸ ਨੇ ਸ਼ੁੱਕਰਵਾਰ ਨੂੰ ਪ੍ਰਦਰਸ਼ਨਕਾਰੀਆਂ ਨੂੰ ਸਮਰਥਨ ਦਿੱਤਾ, ਜਿਸ ਵਿੱਚ ਪਾਰਟੀ ਆਗੂ ਪਵਨ ਖੇੜਾ ਨੇ ਇਕਜੁੱਟਤਾ ਪ੍ਰਗਟਾਉਣ ਲਈ ਪ੍ਰਦਰਸ਼ਨ ਵਾਲੀ ਥਾਂ ਦਾ ਦੌਰਾ ਕੀਤਾ। ਖੇੜਾ ਨੇ ਪ੍ਰਦਰਸ਼ਨਕਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਅੰਦੋਲਨ ਦੀ ਅਗਵਾਈ ਕਰਨ ਵਾਲਿਆਂ ਨਾਲ ਗੱਲਬਾਤ ਕੀਤੀ, ਜੋ ਕਿ ਪ੍ਰਦਰਸ਼ਨ ਵਿੱਚ ਕਾਂਗਰਸ ਦੀ ਪਹਿਲੀ ਨਜ਼ਰ ਆਉਣ ਵਾਲੀ ਸ਼ਮੂਲੀਅਤ ਹੈ। ਉਨ੍ਹਾਂ ਦਾ ਇਹ ਦੌਰਾ ਉਦੋਂ ਹੋਇਆ ਹੈ ਜਦੋਂ ਕਈ ਵਿਰੋਧੀ ਆਗੂਆਂ ਅਤੇ ਸਿਵਲ ਸੁਸਾਇਟੀ ਸਮੂਹਾਂ ਵੱਲੋਂ ਪ੍ਰਦਰਸ਼ਨ ਦਾ ਸਮਰਥਨ ਕਰਨ ਦੇ ਬਾਵਜੂਦ ਪਾਰਟੀ ਦੀ ਗੈਰ-ਹਾਜ਼ਰੀ ’ਤੇ ਸਵਾਲ ਉਠਾਏ ਜਾ ਰਹੇ ਸਨ। ਉੱਥੇ ਇਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ, ਖੇੜਾ ਨੇ ਪ੍ਰਦਰਸ਼ਨਕਾਰੀਆਂ ਨਾਲ ਇਕਜੁੱਟਤਾ ਪ੍ਰਗਟਾਈ ਅਤੇ ਉਨ੍ਹਾਂ ਦੀਆਂ ਮੰਗਾਂ ਲਈ ਕਾਂਗਰਸ ਦੇ ਸਮਰਥਨ ਨੂੰ ਦੁਹਰਾਇਆ। ਉਨ੍ਹਾਂ ਨੇ ਇਸ ਮੁੱਦੇ ’ਤੇ ਕੇਂਦਰ ਦੀ ਆਲੋਚਨਾ ਵੀ ਕੀਤੀ ਅਤੇ ਕਿਹਾ ਕਿ ਪ੍ਰਦਰਸ਼ਨਕਾਰੀਆਂ ਵੱਲੋਂ ਉਠਾਈਆਂ ਗਈਆਂ ਚਿੰਤਾਵਾਂ ਨੂੰ ਸੁਣਿਆ ਜਾਣਾ ਚਾਹੀਦਾ ਹੈ। ਇਸ ਦੌਰੇ ਨੂੰ ਕਾਂਗਰਸ ਵੱਲੋਂ ਅੰਦੋਲਨ ਨੂੰ ਰਸਮੀ ਰਾਜਨੀਤਿਕ ਸਮਰਥਨ ਵਜੋਂ ਦੇਖਿਆ ਜਾ ਰਿਹਾ ਹੈ, ਜਿਸ ਨੂੰ ਕਾਰਕੁਨਾਂ ਅਤੇ ਵਿਰੋਧੀ ਧਿਰ ਦੇ ਵਰਗਾਂ ਤੋਂ ਲਗਾਤਾਰ ਸਮਰਥਨ ਮਿਲ ਰਿਹਾ ਹੈ। ਸੀ.ਜੇ.ਪੀ. ਦੇ ਬੁਲਾਰੇ ਆਸ਼ੂਤੋਸ਼ ਰੰਕਾ ਨੇ ਕਿਹਾ, ਅਸੀਂ ਚਾਹੁੰਦੇ ਸੀ ਕਿ ਹਰ ਪਾਰਟੀ ਇੱਥੇ ਸਾਡੇ ਨਾਲ ਸ਼ਾਮਲ ਹੋਵੇ, ਅਤੇ ਹਾਂ, ਅਸੀਂ ਪਹਿਲਾਂ ਕਾਂਗਰਸ ਨਾਲ ਸੰਪਰਕ ਕੀਤਾ ਸੀ। ਹਾਲਾਂਕਿ, ਉਨ੍ਹਾਂ ਨੇ ਜਵਾਬ ਦੇਣ ਵਿੱਚ ਥੋੜੀ ਦੇਰੀ ਕੀਤੀ ਪਰ ਸਾਨੂੰ ਖੁਸ਼ੀ ਹੈ ਕਿ ਉਹ ਆਖਰਕਾਰ ਇੱਥੇ ਹਨ। ਇਸ ਨਾਲ ਇਸ ਪ੍ਰਦਰਸ਼ਨ ਨੂੰ ਯਕੀਨੀ ਤੌਰ ’ਤੇ ਗਤੀ ਮਿਲੇਗੀ। ਖੇੜਾ ਨੇ ਵਾਂਗਚੂਕ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਸਿਹਤ ਬਾਰੇ ਪੁੱਛਗਿੱਛ ਕੀਤੀ। ਉਨ੍ਹਾਂ ਭਰੋਸਾ ਦਿਵਾਇਆ ਕਿ ਇਸ ਲੜਾਈ ਵਿੱਚ ਕਾਂਗਰਸ ਸੀ.ਜੇ.ਪੀ. ਦੇ ਨਾਲ ਹੈ। ਉਨ੍ਹਾਂ ਪ੍ਰਦਰਸ਼ਨ ਵਾਲੀ ਥਾਂ ’ਤੇ ਭੁੱਖ ਹੜਤਾਲ ’ਤੇ ਬੈਠੇ ਹੋਰ ਵਿਦਿਆਰਥੀਆਂ ਨਾਲ ਵੀ ਮੁਲਾਕਾਤ ਕੀਤੀ। ਕਾਂਗਰਸ ਨੇ ਇਸ ਤੋਂ ਪਹਿਲਾਂ ਵਾਂਗਚੂਕ ਨੂੰ ਉਨ੍ਹਾਂ ਦੀ ਸਿਹਤ ਨੂੰ ਲੈ ਕੇ ਚਿੰਤਾਵਾਂ ਦਾ ਹਵਾਲਾ ਦਿੰਦੇ ਹੋਏ ਆਪਣੀ ਭੁੱਖ ਹੜਤਾਲ ਖਤਮ ਕਰਨ ਦੀ ਅਪੀਲ ਕੀਤੀ ਸੀ। ਖੇੜਾ ਦਾ ਦੌਰਾ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਸਮਾਜਵਾਦੀ ਪਾਰਟੀ ਦੀ ਆਗੂ ਡਿੰਪਲ ਯਾਦਵ ਵੱਲੋਂ ਪ੍ਰਦਰਸ਼ਨ ਵਾਲੀ ਥਾਂ ’ਤੇ ਵਾਂਗਚੂਕ ਅਤੇ ਹੋਰ ਪ੍ਰਦਰਸ਼ਨਕਾਰੀਆਂ ਨਾਲ ਮੁਲਾਕਾਤ ਕਰਨ ਤੋਂ ਇੱਕ ਦਿਨ ਬਾਅਦ ਹੋਇਆ ਹੈ।

# ਮਾਹਰਾਂ ਨੇ ਵਿਸ਼ਵ ਲੋਕ ਸੰਪਰਕ ਦਿਵਸ ’ਤੇ ਰਣਨੀਤਕ ਸੰਚਾਰ, ਏਆਈ ਅਤੇ ਕਰੀਅਰ ਦੇ ਨਵੇਂ ਅਵਸਰਾਂ ’ਤੇ ਪ੍ਰਕਾਸ਼ ਪਾਇਆ



ਚੰਡੀਗੜ੍ਹ, 17 ਜੁਲਾਈ
-ਮਨੋਜ ਵਰਮਾ-
-ਸ਼ਹੀਦ-ਏ-ਆਜ਼ਮ-ਬਿਊਰੋ-

ਪਬਲਿਕ ਰਿਲੇਸ਼ਨਸ ਕੌਂਸਲ ਆਵ ਇੰਡੀਆ (ਪੀਆਰਸੀਆਈ) ਦੇ ਚੰਡੀਗੜ੍ਹ ਚੈਪਟਰ ਨੇ ਵਿਸ਼ਵ ਲੋਕ ਸੰਪਰਕ ਦਿਵਸ 2026 ਦੇ ਅਵਸਰ ’ਤੇ ਚੰਡੀਗੜ੍ਹ ਪ੍ਰੈੱਸ ਕਲੱਬ ਵਿਖੇ ਦ ਗੋਲਡਨ ਏਜ ਆਵ ਪਬਲਿਕ ਰਿਲੇਸ਼ਨਸ ਵਿਸ਼ੇ ’ਤੇ ਇੱਕ ਵਿਚਾਰ-ਉਤੇਜਕ ਪੈਨਲ ਚਰਚਾ ਦਾ ਆਯੋਜਨ ਕੀਤਾ। ਇਸ ਸਮਾਗਮ ਵਿੱਚ ਟ੍ਰਾਇਸਿਟੀ ਦੇ ਪਬਲਿਕ ਰਿਲੇਸ਼ਨਸ ਪੇਸ਼ੇਵਰਾਂ, ਸਿੱਖਿਆ ਸ਼ਾਸਤਰੀਆਂ ਅਤੇ ਵਿਦਿਆਰਥੀਆਂ ਦੀ ਉਤਸ਼ਾਹਪੂਰਵਕ ਹਿੱਸਾ ਲਿਆ। ਇਕੱਠ ਦਾ ਸੁਆਗਤ ਕਰਦੇ ਹੋਏ ਸ਼ੂਲਿਨੀ ਯੂਨੀਵਰਸਿਟੀ ਦੇ ਪ੍ਰੋਫੈਸਰ ਪ੍ਰੋ. ਸੀ.ਜੇ. ਸਿੰਘ ਨੇ ਅੱਜ ਦੇ ਤੇਜ਼ੀ ਨਾਲ ਬਦਲਦੇ ਸੰਚਾਰ ਪਰਿਦ੍ਰਿਸ਼ ਵਿੱਚ ਲੋਕ ਸੰਪਰਕ ਦੀ ਵਧਦੀ ਭੂਮਿਕਾ ’ਤੇ ਪ੍ਰਕਾਸ਼ ਪਾਇਆ। ਉਨ੍ਹਾਂ ਨੇ ਕਿਹਾ ਕਿ ਅੱਜ ਪੀਆਰ ਪੇਸ਼ੇਵਰਾਂ ਤੋਂ ਉਮੀਦਾਂ ਪਹਿਲਾਂ ਤੋਂ ਕਿਤੇ ਅਧਿਕ ਵਧ ਗਈਆਂ ਹਨ। ਨਾਲ ਹੀ ਉਨ੍ਹਾਂ ਨੇ ਭਰੋਸੇਯੋਗਤਾ ਬਣਾਈ ਰੱਖਣ ਜਾਣਕਾਰੀ ਫੇਕ ਨਿਊਜ਼ ਨੈਤਿਕ ਸੰਚਾਰ ਜਿਹੀਆਂ ਚੁਣੌਤੀਆਂ ਨੂੰ ਵੀ ਰੇਖਾਂਕਿਤ ਕੀਤਾ।

ਮੁੱਖ ਵਕਤਾ ਅਤੇ ਸਾਬਕਾ ਆਈਏਐੱਸ ਅਧਿਕਾਰੀ, ਲੇਖਕ ਅਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਸਾਬਕਾ ਡਾਇਰੈਕਟਰ, ਪਬਲਿਕ ਰਿਲੇਸ਼ਨਸ ਸ਼੍ਰੀ ਵਿਵੇਕ ਅਤਰੇ ਨੇ 1990 ਦੇ ਦਹਾਕੇ ਤੋਂ ਲੈਕੇ ਅੱਜ ਦੇ ਡਿਜੀਟਲ ਯੁਗ ਤੱਕ ਲੋਕ ਸੰਪਰਕ ਦੇ ਵਿਕਾਸ ਦੀ ਯਾਤਰਾ ਨੂੰ ਵਿਸਤਾਰ ਨਾਲ ਸਮਝਾਇਆ। ਉਨ੍ਹਾਂ ਨੇ ਕਿਹਾ ਕਿ ਪੀਆਰ ਹੁਣ ਕੇਵਲ ਮੀਡੀਆ ਸਬੰਧਾਂ ਤੱਕ ਸੀਮਿਤ ਨਹੀਂ ਰਿਹਾ, ਬਲਕਿ ਇਹ ਤਕਨੀਕ, ਹਿਤਧਾਰਕਾਂ ਦੇ ਨਾਲ ਸੰਵਾਦ ਅਤੇ ਰੀਅਲ ਟਾਇਮ ਕਮਿਊਨੀਕੇਸ਼ਨ ਦੇ ਜ਼ਰੀਏ ਪ੍ਰਤਿਸ਼ਠਾ ਪ੍ਰਬੰਧਨ ਦਾ ਇੱਕ ਮਹੱਤਵਪੂਰਨ ਮਾਧਿਅਮ ਬਣ ਚੁੱਕਿਆ ਹੈ। ਚਿਤਕਾਰਾ ਯੂਨੀਵਰਸਿਟੀ ਦੀ ਪੀਆਰ ਸਟ੍ਰੈਟੇਜੀ ਹੈੱਡ ਸਵਾਤੀ ਭਾਨ ਨੇ ਵਿਦਿਆਰਥੀਆਂ ਨੂੰ ਲੋਕ ਸੰਪਰਕ ਨੂੰ ਇੱਕ ਆਕਰਸ਼ਕ ਅਤੇ ਸੰਭਾਵਨਾਵਾਂ ਨਾਲ ਭਰਪੂਰ ਕਰੀਅਰ ਦੇ ਰੂਪ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਦੱਸਿਆ ਕੀ ਕਾਰਪੋਰੇਟ, ਸਰਕਾਰੀ ਸੰਸਥਾਵਾਂ, ਸਿਹਤ, ਸਿੱਖਿਆ ਅਤੇ ਸਟਾਰਟਅਪ ਜਿਹੇ ਖੇਤਰਾਂ ਵਿੱਚ ਪੀਆਰ ਮਾਹਰਾਂ ਦੀ ਮੰਗ ਲਗਾਤਾਰ ਵਧ ਰਹੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਨੂੰ ਅਪਣਾਉਣ ਅਤੇ ਆਪਣੇ ਕੌਸ਼ਲ ਨੂੰ ਨਿਰੰਤਰ ਵਿਕਸਿਤ ਕਰਨ ਦਾ ਸੱਦਾ ਦਿੱਤਾ।

# ਸਾਰੇ ਪੋਲਿੰਗ ਬੂਥਾਂ ’ਤੇ ਇੱਕ ਰੋਜ਼ਾ ਐੱਸਆਈਆਰ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ: ਸੀਈਓ ਅਨਿੰਦਿਤਾ ਮਿਤਰਾ*

ਚੰਡੀਗੜ੍ਹ, 17 ਜੁਲਾਈ
-ਸ਼ਹੀਦ-ਏ-ਆਜ਼ਮ-ਬਿਊਰੋ-



ਵਿਸ਼ੇਸ਼ ਤੀਬਰ ਸੋਧ (ਐਸ.ਆਈ.ਆਰ) ਦਾ ਘਰ-ਘਰ ਗਣਨਾ ਪੜਾਅ ਮੌਜੂਦਾ ਸਮੇਂ ਸੂਬੇ ਭਰ ਵਿੱਚ ਚੱਲ ਰਿਹਾ ਹੈ ਅਤੇ ਇਹ 3 ਅਗਸਤ ਤੱਕ ਜਾਰੀ ਰਹੇਗਾ। ਇਸ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਉਣ ਲਈ, ਸੂਬੇ ਭਰ ਦੇ ਸਾਰੇ ਪੋਲਿੰਗ ਬੂਥਾਂ ’ਤੇ 19 ਜੁਲਾਈ ਨੂੰ ਸਵੇਰੇ 08:00 ਵਜੇ ਤੋਂ ਦੁਪਹਿਰ 02:00 ਵਜੇ ਤੱਕ ਇੱਕ ਰੋਜ਼ਾ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਨਾਲ ਵੋਟਰਾਂ ਨੂੰ ਆਪਣੇ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਦੀ ਸਹੂਲਤ ਮਿਲੇਗੀ। ਸੂਬੇ ਦੇ ਵੋਟਰਾਂ ਨੂੰ ਸਰਗਰਮੀ ਨਾਲ ਹਿੱਸਾ ਲੈਣ ਦੀ ਅਪੀਲ ਕਰਦਿਆਂ, ਮੁੱਖ ਚੋਣ ਅਫ਼ਸਰ (ਸੀਈਓ) ਪੰਜਾਬ, ਸ੍ਰੀਮਤੀ ਅਨਿੰਦਿਤਾ ਮਿਤਰਾ, ਆਈਏਐਸ ਨੇ ਵੋਟਰਾਂ ਨੂੰ ਅਪੀਲ ਕੀਤੀ, ਜੇਕਰ ਤੁਸੀਂ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ ਹੈ, ਤਾਂ ਤੁਰੰਤ ਆਪਣੇ ਬੂਥ ਲੈਵਲ ਅਫ਼ਸਰ (ਬੀਐਲਓ) ਨਾਲ ਸੰਪਰਕ ਕਰੋ ਜਾਂ ਇਸ ਵਿਸ਼ੇਸ਼ ਕੈਂਪ ਦੌਰਾਨ ਆਪਣੇ ਨਜ਼ਦੀਕੀ ਪੋਲਿੰਗ ਬੂਥ ’ਤੇ ਜਾਓ। ਹਰੇਕ ਯੋਗ ਵੋਟਰ ਦਾ ਨਾਮ 13 ਅਗਸਤ, 2026 ਨੂੰ ਪ੍ਰਕਾਸ਼ਿਤ ਹੋਣ ਵਾਲੀ ਮੁੱਢਲੀ ਵੋਟਰ ਸੂਚੀ ਵਿੱਚ ਸ਼ਾਮਲ ਹੋਣਾ ਯਕੀਨੀ ਬਣਾਉਣ ਲਈ ਨਾਗਰਿਕਾਂ ਦੀ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਬੂਥ ਲੈਵਲ ਅਫ਼ਸਰ (ਬੀਐਲਓ) ਵੋਟਰਾਂ ਦੀ ਇਸ ਪ੍ਰਕਿਰਿਆ ਵਿੱਚ ਸਹਾਇਤਾ ਲਈ ਸਾਰੇ ਨਿਰਧਾਰਤ ਪੋਲਿੰਗ ਬੂਥਾਂ ’ਤੇ ਮੌਜੂਦ ਰਹਿਣਗੇ।






# ਚੰਡੀਗੜ੍ਹ ਸਿਰਫ਼ ਇੱਕ ਸ਼ਹਿਰ ਨਹੀਂ, ਸਗੋਂ ਭਾਰਤ ਦੇ ਵਿਕਾਸ ਮਾਡਲ ਦਾ ਪ੍ਰਤੀਕ: ਮੋਦੀ

ਚੰਡੀਗੜ੍ਹ 16 ਜੁਲਾਈ
-ਛਤਰਪਾਲ ਸਿੰਘ-



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਚੰਡੀਗੜ੍ਹ ਦੌਰੇ ਦੌਰਾਨ ਟ੍ਰਾਈਸਿਟੀ ਅਤੇ ਇਸ ਦੇ ਨਾਲ ਲੱਗਦੇ ਸੂਬਿਆਂ ਲਈ 4,700 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਇਸ ਮੌਕੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਆਖਿਆ ਕਿ ਚੰਡੀਗੜ੍ਹ ਮਹਿਜ਼ ਇੱਕ ਸ਼ਹਿਰ ਨਹੀਂ ਹੈ, ਸਗੋਂ ਇਹ ਬਦਲਦੇ ਭਾਰਤ ਦੇ ‘ਵਿਕਾਸ ਮਾਡਲ’ ਦਾ ਇੱਕ ਵੱਡਾ ਪ੍ਰਤੀਕ ਹੈ ਅਤੇ ਇਸ ਦਾ ਸਰਵਪੱਖੀ ਵਿਕਾਸ ਕਰਨਾ ਸਾਡੀ ਸਰਕਾਰ ਦੀਆਂ ਮੁੱਖ ਪ੍ਰਾਥਮਿਕਤਾਵਾਂ ਵਿੱਚ ਸ਼ਾਮਲ ਹੈ।

ਆਪਣੇ ਸੰਬੋਧਨ ਦੌਰਾਨ ਦੇਸ਼ ਦੀ ਕਾਨੂੰਨ ਵਿਵਸਥਾ ਦਾ ਜ਼ਿਕਰ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਪੁਰਾਣੀ ਦੰਡ ਸੰਹਿਤਾ ਨੂੰ ਬਦਲ ਕੇ ‘ਭਾਰਤੀ ਨਿਆ ਸੰਹਿਤਾ’ ਲਾਗੂ ਕੀਤੀ ਹੈ, ਅਤੇ ਇਸ ਇਤਿਹਾਸਕ ਡਿਜੀਟਲ ਪ੍ਰੋਜੈਕਟ ਦੀ ਸ਼ੁਰੂਆਤ ਚੰਡੀਗੜ੍ਹ ਤੋਂ ਹੀ ਹੋਈ ਸੀ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਦੀ ਭੂਗੋਲਿਕ ਸਥਿਤੀ ਅਜਿਹੀ ਹੈ ਜੋ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਨੂੰ ਆਪਸ ਵਿੱਚ ਜੋੜਦੀ ਹੈ, ਇਸ ਲਈ ਇੱਥੇ ਸਿਹਤ, ਸਿੱਖਿਆ ਅਤੇ ਬੁਨਿਆਦੀ ਢਾਂਚੇ (ਇਨਫਰਾਸਟਰਕਚਰ) ਵਿੱਚ ਕੀਤਾ ਗਿਆ ਸੁਧਾਰ ਸਿੱਧੇ ਤੌਰ ’ਤੇ ਇਨ੍ਹਾਂ ਗੁਆਂਢੀ ਸੂਬਿਆਂ ਦੇ ਲੋਕਾਂ ਨੂੰ ਵੀ ਵੱਡਾ ਫ਼ਾਇਦਾ ਪਹੁੰਚਾਉਂਦਾ ਹੈ।

ਪ੍ਰਧਾਨ ਮੰਤਰੀ ਨੇ ਪੀ.ਜੀ.ਆਈ. ਨਾਲ ਜੁੜੀਆਂ ਆਪਣੀਆਂ ਪੁਰਾਣੀਆਂ ਯਾਦਾਂ ਤਾਜ਼ਾ ਕਰਦਿਆਂ ਕਿਹਾ ਕਿ ਜਦੋਂ ਉਹ ਚੰਡੀਗੜ੍ਹ ਰਹਿੰਦੇ ਸਨ, ਤਾਂ ਅਕਸਰ ਆਪਣੇ ਸਾਥੀਆਂ ਦਾ ਹਾਲ-ਚਾਲ ਜਾਣਨ ਲਈ ਇੱਥੇ ਆਉਂਦੇ ਸਨ। ਉਨ੍ਹਾਂ ਦੱਸਿਆ ਕਿ ਸਾਲ 2015 ਤੋਂ ਬਾਅਦ ਹੁਣ ਪੀ.ਜੀ.ਆਈ. ਦਾ ਬਹੁਤ ਵੱਡਾ ਵਿਸਥਾਰ ਹੋਇਆ ਹੈ। ਅੱਜ ਇੱਥੇ ‘ਐਡਵਾਂਸਡ ਮਦਰ ਐਂਡ ਚਾਈਲਡ ਸੈਂਟਰ’ ਅਤੇ ‘ਐਡਵਾਂਸਡ ਨਿਊਰੋਸਾਇੰਸ ਸੈਂਟਰ’ ਦਾ ਉਦਘਾਟਨ ਕੀਤਾ ਗਿਆ ਹੈ। ਇਸ ਦੇ ਨਾਲ ਹੀ ਉਨ੍ਹਾਂ ਇੱਕ ਵੱਡਾ ਐਲਾਨ ਕਰਦਿਆਂ ਦੱਸਿਆ ਕਿ ਚੰਡੀਗੜ੍ਹ ਪੀ.ਜੀ.ਆਈ. ਵਿੱਚ ਹੁਣ ਨਵੇਂ ਐੱਮ.ਬੀ.ਬੀ.ਐੱਸ. ਕਾਲਜ ਨੂੰ ਵੀ ਸਰਕਾਰ ਵੱਲੋਂ ਮਨਜ਼ੂਰੀ ਦੇ ਦਿੱਤੀ ਗਈ ਹੈ, ਜਿਸ ਨਾਲ ਦੇਸ਼ ਨੂੰ ਵੱਡੀ ਗਿਣਤੀ ਵਿੱਚ ਨਵੇਂ ਡਾਕਟਰ ਮਿਲਣਗੇ।

ਆਪਣੇ ਭਾਸ਼ਣ ਦੌਰਾਨ ਪ੍ਰਧਾਨ ਮੰਤਰੀ ਨੇ ਚੰਡੀਗੜ੍ਹ ਦੇ ਸੇਵਾਮੁਕਤ ਆਈ.ਪੀ.ਐੱਸ. ਅਧਿਕਾਰੀ ਇੰਦਰਜੀਤ ਸਿੰਘ ਸਿੱਧੂ ਦੀ ਵਿਸ਼ੇਸ਼ ਤੌਰ ’ਤੇ ਸ਼ਲਾਘਾ ਕੀਤੀ, ਜੋ ਲੰਬੇ ਸਮੇਂ ਤੋਂ ਸਵੱਛਤਾ ਨੂੰ ਲੈ ਕੇ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ ਅਤੇ ਜਿਨ੍ਹਾਂ ਨੂੰ ਸਰਕਾਰ ਵੱਲੋਂ ਪਦਮ ਸ਼੍ਰੀ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਸਿਹਤ ਖੇਤਰ ’ਤੇ ਗੱਲ ਕਰਦਿਆਂ ਪੀ.ਐੱਮ. ਮੋਦੀ ਨੇ ਕਿਹਾ ਕਿ ਪਿਛਲੇ 12 ਸਾਲਾਂ ਵਿੱਚ ਦੇਸ਼ ਦੇ ਮੈਡੀਕਲ ਢਾਂਚੇ ਵਿੱਚ ਕ੍ਰਾਂਤੀਕਾਰੀ ਬਦਲਾਅ ਆਏ ਹਨ ਅਤੇ ਮੈਡੀਕਲ ਸੀਟਾਂ ਸਮੇਤ ਕਾਲਜਾਂ ਦੀ ਗਿਣਤੀ ਦੁੱਗਣੀ ਹੋ ਗਈ ਹੈ। ਉਨ੍ਹਾਂ ਸਾਲ 2022 ਵਿੱਚ ਆਪਣੇ ਵੱਲੋਂ ਉਦਘਾਟਨ ਕੀਤੇ ਗਏ ‘ਹੋਮੀ ਭਾਬਾ ਕੈਂਸਰ ਹਸਪਤਾਲ’ ਦਾ ਜ਼ਿਕਰ ਕਰਦਿਆਂ ਕਿਹਾ ਕਿ ਹੁਣ ਮਰੀਜ਼ਾਂ ਨੂੰ ਬੇਹੱਦ ਘੱਟ ਕੀਮਤ ’ਤੇ ਵਿਸ਼ਵ ਪੱਧਰੀ ਇਲਾਜ ਦੀਆਂ ਸਹੂਲਤਾਂ ਮਿਲ ਰਹੀਆਂ ਹਨ।

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਹਰਿਆਣਾ ਦੇ ਜੀਂਦ ਰੇਲਵੇ ਸਟੇਸ਼ਨ ਤੋਂ ਦੇਸ਼ ਦੀ ਪਹਿਲੀ ਹਾਈਡ੍ਰੋਜਨ-ਚਾਲਿਤ ਟ੍ਰੇਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਸਵਦੇਸ਼ੀ ਤਕਨੀਕ ਨਾਲ ਵਿਕਸਿਤ ਇਹ ਟ੍ਰੇਨ ਹਾਈਡ੍ਰੋਜਨ ਫਿਊਲ ਸੈੱਲ ’ਤੇ ਆਧਾਰਿਤ ਹੈ ਅਤੇ ਸੰਚਾਲਨ ਦੌਰਾਨ ਜ਼ੀਰੋ ਕਾਰਬਨ ਨਿਕਾਸ ਕਰਦੀ ਹੈ। ਇਸ ਨੂੰ ਸਵੱਛ, ਹਰੇ ਅਤੇ ਟਿਕਾਊ ਰੇਲ ਆਵਾਜਾਈ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ।

ਇਸ ਇਤਿਹਾਸਕ ਮੌਕੇ ’ਤੇ ਖੇਤਰ ਵਿੱਚ 23,000 ਕਰੋੜ ਰੁਪਏ ਤੋਂ ਵੱਧ ਦੇ ਵਿਸ਼ਾਲ ਸੜਕੀ ਬੁਨਿਆਦੀ ਢਾਂਚੇ, ਅਤਿ-ਆਧੁਨਿਕ ਸਿਹਤ ਸਹੂਲਤਾਂ ਅਤੇ ਸਿੱਖਿਆ ਪ੍ਰਾਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖ ਰਹੇ ਹਨ।

ਇੱਥੇ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ, ਅੱਜ ਇਸ ਪਵਿੱਤਰ ਧਰਤੀ ’ਤੇ ਆ ਕੇ ਮਨ ਗਦਗਦ ਹੋ ਗਿਆ ਹੈ... ਅੱਜ ਜੀਂਦ ਭਾਜਪਾ-ਐਨ.ਡੀ.ਏ. ਦੇ ਸੁਸ਼ਾਸਨ ਮਾਡਲ ਦੀ ਤਸਵੀਰ ਬਣ ਰਿਹਾ ਹੈ। ਪਿਛਲੇ ਸਾਲਾਂ ਵਿੱਚ ਪੂਰਾ ਹਰਿਆਣਾ ਹੀ ਵਿਕਾਸ ਦੀ ਨਵੀਂ ਲੀਹ ’ਤੇ ਚੱਲ ਪਿਆ ਹੈ। ਅੱਜ ਜੀਂਦ ਅਤੇ ਹਰਿਆਣਾ ਦਾ ਨਾਮ ਇਤਿਹਾਸ ਦੇ ਪੰਨਿਆਂ ਵਿੱਚ ਦਰਜ ਹੋ ਗਿਆ ਹੈ। ਅੱਜ ਇੱਥੋਂ ਦੇਸ਼ ਨੂੰ ਪਹਿਲੀ ਹਾਈਡ੍ਰੋਜਨ ਟ੍ਰੇਨ ਮਿਲੀ ਹੈ।

ਆਪਣੇ ਇਸ ਰੁਝੇਵਿਆਂ ਭਰੇ ਦੌਰੇ ਦੌਰਾਨ ਪ੍ਰਧਾਨ ਮੰਤਰੀ ਕੁਰੂਕਸ਼ੇਤਰ ਵਿਖੇ ਸਿੱਖ ਅਜਾਇਬ ਘਰ ਦੀ ਨੀਂਹ ਰੱਖਣਗੇ ਅਤੇ ਹਾਂਸੀ-ਬਰਵਾਲਾ ਨੈਸ਼ਨਲ ਹਾਈਵੇਅ ਸਮੇਤ ਕਈ ਪ੍ਰਮੁੱਖ ਸੜਕੀ ਮਾਰਗਾਂ ਦੇ ਨੀਂਹ ਪੱਥਰ ਰੱਖਣ ਦੇ ਨਾਲ-ਨਾਲ ਦਿੱਲੀ-ਅੰਮ੍ਰਿਤਸਰ-ਕਟੜਾ ਐਕਸਪ੍ਰੈਸਵੇਅ ਦੇ ਹਰਿਆਣਾ ਵਾਲੇ ਹਿੱਸੇ ਸਮੇਤ ਹੋਰ ਵੱਡੇ ਪ੍ਰਾਜੈਕਟਾਂ ਨੂੰ ਰਾਸ਼ਟਰ ਨੂੰ ਸਮਰਪਿਤ ਕਰਨਗੇ।

ਇਸ ਸਾਰੇ ਪ੍ਰੋਗਰਾਮ ਲਈ ਚੰਡੀਗੜ੍ਹ, ਹਰਿਆਣਾ ਅਤੇ ਜਲੰਧਰ ਵਿੱਚ ਸੁਰੱਖਿਆ ਦੇ ਬੇਹੱਦ ਸਖ਼ਤ ਪ੍ਰਬੰਧ ਕੀਤੇ ਗਏ ਹਨ, ਜਿਸ ਵਿੱਚ ਲਗਪਗ 10,000 ਸੁਰੱਖਿਆ ਕਰਮਚਾਰੀ ਤਾਇਨਾਤ ਕੀਤੇ ਗਏ ਹਨ, ਹਾਲਾਂਕਿ ਇਸ ਸਮਾਗਮ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਥਾਨਕ ਕਾਂਗਰਸੀ ਆਗੂ ਚਰਨਜੀਤ ਸਿੰਘ ਚੰਨੀ ਦੇ ਸ਼ਾਮਲ ਹੋਣ ਦੀ ਸੰਭਾਵਨਾ ਕਾਫ਼ੀ ਘੱਟ ਹੈ, ਜਿਸ ਕਾਰਨ ਸੂਬਾ ਸਰਕਾਰ ਵੱਲੋਂ ਕਿਸੇ ਕੈਬਨਿਟ ਮੰਤਰੀ ਦੇ ਸ਼ਾਮਲ ਹੋਣ ਦੀ ਚਰਚਾ ਹੈ।

## ਸੰਪਾਦਕੀ

### ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦਾ ਹਰਿਆਣਾ ਤੇ ਪੰਜਾਬ ਦਾ ਦੌਰਾ *ਕਿਤੇ ਵਿਕਾਸਾਂ ਦੀ ਸੌਗਾਤ ਕਿਤੇ ਕਿਸਾਨਾਂ ਦੁਆਰਾ ਹੋ ਰਿਹਾ ਵਿਰੋਧ*

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੌਰੇ ਦੌਰਾਨ ਪੰਜਾਬ ਅਤੇ ਹਰਿਆਣਾ ਨੂੰ ਸਿਹਤ, ਸਿੱਖਿਆ ਅਤੇ ਰੇਲਵੇ ਬੁਨਿਆਦੀ ਢਾਂਚੇ ਨਾਲ ਜੁੜੇ 4,700 ਕਰੋੜ ਰੁਪਏ ਤੋਂ ਵੱਧ ਦੇ ਵਿਕਾਸ ਪ੍ਰੋਜੈਕਟਾਂ ਦੀ ਸੌਗਾਤ ਦਿੱਤੀ। ਇੱਕ ਪਾਸੇ ਚੰਡੀਗੜ੍ਹ ਅਤੇ ਜਲੰਧਰ ਵਿੱਚ ਵਿਕਾਸ ਕਾਰਜਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਰੱਖੇ ਗਏ, ਦੂਜੇ ਪਾਸੇ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਧਾਨ ਮੰਤਰੀ ਦੇ ਦੌਰੇ ਦਾ ਵਿਰੋਧ ਵੀ ਦਰਜ ਕੀਤਾ। ਹਰਿਆਣਾ ਦੇ ਜੀਂਦ ਵਿੱਚ ਦੇਸ਼ ਦੀ ਪਹਿਲੀ ਹਾਈਡ੍ਰੋਜਨ ਨਾਲ ਚੱਲਣ ਵਾਲੀ ਟ੍ਰੇਨ ਨੂੰ ਹਰੀ ਝੰਡੀ ਦਿਖਾਉਣ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਚੰਡੀਗੜ੍ਹ ਪਹੁੰਚੇ। ਪੰਜਾਬ ਇੰਜੀਨੀਅਰਿੰਗ ਕਾਲਜ ਵਿੱਚ ਆਯੋਜਿਤ ਸਮਾਗਮ ਦੌਰਾਨ ਉਨ੍ਹਾਂ ਨੇ ਸਿਹਤ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਕਈ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ।

ਪ੍ਰਧਾਨ ਮੰਤਰੀ ਨੇ ਪੀਜੀਆਈਐਮਈਆਰ, ਚੰਡੀਗੜ੍ਹ ਵਿੱਚ 300 ਬੈੱਡਾਂ ਵਾਲੇ ਆਧੁਨਿਕ ਮਾਂ ਅਤੇ ਬਾਲ ਸਿਹਤ ਕੇਂਦਰ ਅਤੇ ਨਿਊਰੋਸਾਇੰਸ ਕੇਂਦਰ ਦਾ ਉਦਘਾਟਨ ਕੀਤਾ। ਇਨ੍ਹਾਂ ਸਹੂਲਤਾਂ ਨਾਲ ਮਾਵਾਂ, ਬੱਚਿਆਂ ਅਤੇ ਨਾੜੀ ਪ੍ਰਣਾਲੀ ਨਾਲ ਜੁੜੀਆਂ ਗੰਭੀਰ ਬਿਮਾਰੀਆਂ ਦੇ ਮਰੀਜ਼ਾਂ ਨੂੰ ਇੱਕੋ ਛੱਤ ਹੇਠ ਵਿਸ਼ਵ ਪੱਧਰੀ ਇਲਾਜ ਅਤੇ ਜਾਂਚ ਦੀਆਂ ਸਹੂਲਤਾਂ ਮਿਲਣਗੀਆਂ। ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਆਯੁਸ਼ਮਾਨ ਭਾਰਤ ਹੈਲਥ ਇਨਫਰਾਸਟ੍ਰਕਚਰ ਮਿਸ਼ਨ ਤਹਿਤ 150 ਬੈੱਡਾਂ ਵਾਲੇ ਆਧੁਨਿਕ ਇੰਟੈਂਸਿਵ ਕੇਅਰ ਬਲਾਕ ਦਾ ਨੀਂਹ ਪੱਥਰ ਵੀ ਰੱਖਿਆ।

ਇਸ ਤੋਂ ਬਾਅਦ ਪ੍ਰਧਾਨ ਮੰਤਰੀ ਜਲੰਧਰ ਪਹੁੰਚੇ, ਜਿੱਥੇ ਉਨ੍ਹਾਂ ਨੇ ਰੇਲਵੇ ਸਟੇਸ਼ਨ ਦੇ ਨਵੀਨੀਕਰਨ ਨਾਲ ਜੁੜੇ ਪ੍ਰੋਜੈਕਟ ਦਾ ਉਦਘਾਟਨ ਕੀਤਾ। ਸਰਕਾਰ ਨੇ ਇਸ ਨੂੰ ਪੰਜਾਬ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ।

ਹਾਲਾਂਕਿ ਪ੍ਰਧਾਨ ਮੰਤਰੀ ਦੇ ਦੌਰੇ ਦੌਰਾਨ ਕਿਸਾਨ ਜਥੇਬੰਦੀਆਂ ਨੇ ਆਪਣਾ ਰੋਸ ਵੀ ਪ੍ਰਗਟਾਇਆ। ਪਟਿਆਲਾ-ਚੰਡੀਗੜ੍ਹ ਰੋਡ ਸਥਿਤ ਤਰੇੜੀ ਜੱਟਾਂ ਟੋਲ ਪਲਾਜ਼ਾ @ਤੇ ਕਿਸਾਨਾਂ ਨੇ ਪ੍ਰਧਾਨ ਮੰਤਰੀ ਦਾ ਪੁਤਲਾ ਫੂਕ ਕੇ ਕੇਂਦਰ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।

-ਛੱਤਰਪਾਲ ਸਿੰਘ

Shaheedeazamnews.com

ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:

9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਜਮਹੂਰੀਅਤ, ਵੋਟ ਅਤੇ ਵਿਸ਼ਵਾਸ

**ਸੁਸ਼ੀਲ ਦੁਸਾਂਝ**

ਮਾਮਲਾ ਸਿਰਫ਼ ਵੋਟਾਂ ਦਾ ਨਹੀਂ ਸਗੋਂ ਵਿਸ਼ਵਾਸ ਦਾ ਹੈ। ਵੋਟ ਤਾਂ ਪੰਜ ਸਾਲਾਂ ਬਾਅਦ ਇੱਕ ਦਿਨ ਪੈਂਦੀ ਹੈ, ਪਰ ਵਿਸ਼ਵਾਸ ਹਰ ਪਲ ਸਾਹ ਲੈਂਦਾ ਹੈ। ਜਮਹੂਰੀਅਤ ਦੀ ਸਭ ਤੋਂ ਵੱਡੀ ਤਾਕਤ ਬੈਲੇਟ ਬਾਕਸ ਨਹੀਂ ਸਗੋਂ ਉਹ ਭਰੋਸਾ ਹੈ, ਜਿਸ ਦੇ ਸਹਾਰੇ ਆਮ ਨਾਗਰਿਕ ਇਹ ਯਕੀਨ ਕਰ ਕੇ ਜਿਊਂਦਾ ਹੈ ਕਿ ਇਸ ਮੁਲਕ ਵਿੱਚ ਉਸ ਦੀ ਪਛਾਣ, ਉਸ ਦਾ ਨਾਂ ਅਤੇ ਉਸ ਦੀ ਵੋਟ ਕਿਸੇ ਸ਼ੱਕ ਦੇ ਘੇਰੇ ਵਿੱਚ ਨਹੀਂ। ਜਦੋਂ ਇਹ ਭਰੋਸਾ ਡੋਲਣ ਲੱਗ ਪਵੇ ਤਾਂ ਸਵਾਲ ਸਿਰਫ਼ ਚੋਣਾਂ ਦਾ ਨਹੀਂ ਰਹਿੰਦਾ ਸਗੋਂ ਜਮਹੂਰੀਅਤ ਦੀ ਭਾਵਨਾ ਦਾ ਬਣ ਜਾਂਦਾ ਹੈ।

ਇਸੇ ਲਈ ਸੰਯੁਕਤ ਰਾਸ਼ਟਰ ਦੇ ਤਿੰਨ ਵਿਸ਼ੇਸ਼ ਰਿਪੋਰਟੀਅਰਾਂ (ਖ਼ਾਸ ਮਾਹਿਰਾਂ) ਵੱਲੋਂ ਭਾਰਤ ਵਿੱਚ ਚੱਲ ਰਹੀ ਵਿਸ਼ੇਸ਼ ਵੋਟਰ ਸੂਚੀ ਸੁਧਾਈ (ਐੱਸ ਆਈ ਆਰ) ਬਾਰੇ ਉਠਾਏ ਗਏ ਸਵਾਲਾਂ ਨੂੰ ਰੋਜ਼ਮੱਰ੍ਹਾ ਦੀ ਆਮ ਸਿਆਸੀ ਬਿਆਨਬਾਜ਼ੀ ਸਮਝ ਕੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਇਹ ਕਿਸੇ ਵਿਰੋਧੀ ਧਿਰ ਦਾ ਦੋਸ਼-ਪੱਤਰ ਨਹੀਂ ਸਗੋਂ ਅਜਿਹਾ ਕੌਮਾਂਤਰੀ ਦਸਤਾਵੇਜ਼ ਹੈ, ਜੋ ਸਾਡੀ ਚੋਣ ਪ੍ਰਣਾਲੀ ਦੀਆਂ ਕੁਝ ਬੁਨਿਆਦੀ ਪਰਤਾਂ ਵੱਲ ਧਿਆਨ ਦਿਵਾਉਂਦਾ ਹੈ। ਇਨ੍ਹਾਂ ਪਰਤਾਂ ਵਿੱਚ ਵੋਟਰ ਸੂਚੀਆਂ ਦੀ ਸੁਧਾਈ, ਮਸਨੂਈ ਬੁੱਧੀ (ਏ ਆਈ) ਦੀ ਵਰਤੋਂ, ਘੱਟ-ਗਿਣਤੀਆਂ ਦੇ ਅਧਿਕਾਰਾਂ ਦੀ ਸੁਰੱਖਿਆ, ਪ੍ਰਸ਼ਾਸਨਿਕ ਪਾਰਦਰਸ਼ਤਾ ਅਤੇ ਸਭ ਤੋਂ ਵੱਧ ਨਾਗਰਿਕਾਂ ਦੇ ਮਨਾਂ ਵਿੱਚ ਪੈਦਾ ਹੋਣ ਵਾਲਾ ਵਿਸ਼ਵਾਸ ਜਾਂ ਅਵਿਸ਼ਵਾਸ; ਇਹ ਸਭ ਕੁਝ ਇੱਕੋ ਵੇਲੇ ਮੌਜੂਦ ਹੈ।

ਇੱਥੇ ਇਹ ਗੱਲ ਵੀ ਓਨੀ ਹੀ ਸਪੱਸ਼ਟ ਹੋਣੀ ਚਾਹੀਦੀ ਹੈ ਕਿ ਕਿਸੇ ਵੀ ਮੁਲਕ ਨੂੰ ਆਪਣੀਆਂ ਵੋਟਰ ਸੂਚੀਆਂ ਦੀ ਸਮੇਂ-ਸਮੇਂ 'ਤੇ ਜਾਂਚ ਕਰਨ ਅਤੇ ਉਨ੍ਹਾਂ ਨੂੰ ਦਰੁਸਤ ਰੱਖਣ ਦਾ ਪੂਰਾ ਅਧਿਕਾਰ ਹੈ। ਜੇਕਰ ਮਰ ਚੁੱਕੇ ਵਿਅਕਤੀਆਂ ਦੇ ਨਾਂ ਹਟਾਉਣੇ ਹੋਣ, ਇੱਕ ਥਾਂ ਤੋਂ ਦੂਜੀ ਥਾਂ ਜਾ ਵਸੇ ਨਾਗਰਿਕਾਂ ਦੇ ਵੇਰਵੇ ਠੀਕ ਕਰਨੇ ਹੋਣ ਜਾਂ ਗ਼ੈਰ-ਕਾਨੂੰਨੀ ਇੰਦਰਾਜਾਂ ਨੂੰ ਦੂਰ ਕਰਨਾ ਹੋਵੇ ਤਾਂ ਇਹ ਚੋਣ ਪ੍ਰਣਾਲੀ ਦਾ ਇੱਕ ਜਾਇਜ਼ ਅਤੇ ਲਾਜ਼ਮੀ ਹਿੱਸਾ ਹੈ। ਸਵਾਲ ਇਸ ਅਧਿਕਾਰ 'ਤੇ ਨਹੀਂ ਉੱਠਦਾ ਸਗੋਂ ਉਸ ਤਰੀਕੇ 'ਤੇ ਉੱਠਦਾ ਹੈ, ਜਿਸ ਰਾਹੀਂ ਇਸ ਅਧਿਕਾਰ ਦੀ ਵਰਤੋਂ ਕੀਤੀ ਜਾਂਦੀ ਹੈ। ਜਮਹੂਰੀਅਤ ਵਿੱਚ ਨੀਅਤ ਜਿੰਨੀ ਮਹੱਤਵਪੂਰਨ ਹੁੰਦੀ ਹੈ, ਪ੍ਰਕਿਰਿਆ ਵੀ ਓਨੀ ਹੀ ਮਹੱਤਵਪੂਰਨ ਹੁੰਦੀ ਹੈ। ਜੇ ਪ੍ਰਕਿਰਿਆ ਪਾਰਦਰਸ਼ੀ ਨਾ ਹੋਵੇ ਤਾਂ ਸਹੀ ਨੀਅਤ ਵੀ ਸ਼ੱਕ ਦੇ ਘੇਰੇ ਵਿੱਚ ਆ ਜਾਂਦੀ ਹੈ। ਇਤਿਹਾਸ ਦੱਸਦਾ ਹੈ ਕਿ ਜਮਹੂਰੀ ਪ੍ਰਣਾਲੀਆਂ ਦੀ ਸਭ ਤੋਂ ਵੱਡੀ ਤਾਕਤ ਇਹ ਨਹੀਂ ਕਿ ਉਹ ਕਦੇ ਗ਼ਲਤੀ ਨਹੀਂ ਕਰਦੀਆਂ; ਉਨ੍ਹਾਂ ਦੀ ਤਾਕਤ ਇਹ ਹੈ ਕਿ ਉਹ ਆਪਣੀ ਹਰ ਕਾਰਵਾਈ ਨੂੰ ਜਨਤਕ ਪੜਤਾਲ ਦੇ ਯੋਗ ਬਣਾਉਂਦੀਆਂ ਹਨ।

ਸੰਯੁਕਤ ਰਾਸ਼ਟਰ ਦੇ ਖ਼ਾਸ ਮਾਹਿਰਾਂ ਨੇ ਵੀ ਅਸਲ ਵਿੱਚ ਇਹੀ ਸਵਾਲ ਉਠਾਇਆ ਹੈ। ਉਨ੍ਹਾਂ ਦੀ ਚਿੰਤਾ ਦਾ ਵਿਸ਼ਾ ਸਿਰਫ਼ ਇਹ ਨਹੀਂ ਕਿ ਕੁਝ ਲੋਕਾਂ ਦੇ ਨਾਂ ਵੋਟਰ ਸੂਚੀਆਂ ਵਿੱਚੋਂ ਕੱਟੇ ਗਏ। ਉਨ੍ਹਾਂ ਦਾ ਸਵਾਲ ਇਸ ਤੋਂ ਕਿਤੇ ਵਡੇਰਾ ਹੈ। ਜੇਕਰ ਕਿਸੇ ਨਾਗਰਿਕ ਦਾ ਨਾਂ ਕੱਟਿਆ ਗਿਆ ਤਾਂ ਕੀ ਉਸ ਨੂੰ ਪਹਿਲਾਂ ਸੂਚਿਤ ਕੀਤਾ ਗਿਆ ਸੀ ? ਕੀ ਉਸ ਨੂੰ ਆਪਣਾ ਪੱਖ ਰੱਖਣ ਦਾ ਪੂਰਾ ਮੌਕਾ ਮਿਲਿਆ ? ਕੀ ਉਸ ਲਈ ਅਪੀਲ ਕਰਨ ਦਾ ਕੋਈ ਪ੍ਰਭਾਵਸ਼ਾਲੀ ਰਾਹ ਮੌਜੂਦ ਸੀ ? ਅਤੇ ਸਭ ਤੋਂ ਅਹਿਮ ਗੱਲ, ਕੀ ਇਹ ਪੂਰੀ ਪ੍ਰਕਿਰਿਆ ਹਰ ਨਾਗਰਿਕ ਨੂੰ ਇੱਕੋ ਜਿਹਾ ਸਮਝ ਰਹੀ ਸੀ ਜਾਂ ਇਸ ਦਾ ਅਸਰ ਕਿਸੇ ਖ਼ਾਸ ਭਾਈਚਾਰੇ 'ਤੇ ਵਧੇਰੇ ਅਤੇ ਵੱਖਰੇ ਰੂਪ ਵਿੱਚ ਪਿਆ ?

ਇਹ ਸਾਰੇ ਸਵਾਲ ਜਮਹੂਰੀਅਤ ਦੇ ਬੁਨਿਆਦੀ ਨਿਯਮਾਂ ਦਾ ਹਿੱਸਾ ਹਨ। ਇਨ੍ਹਾਂ ਨੂੰ ਕਿਸੇ ਸਿਆਸੀ ਵਿਚਾਰਧਾਰਾ ਦੀਆਂ ਐਨਕਾਂ ਨਾਲ ਨਹੀਂ ਸਗੋਂ ਸੰਵਿਧਾਨਕ ਨਜ਼ਰੀਏ ਤੋਂ ਦੇਖਣ ਦੀ ਲੋੜ ਹੈ। ਅੱਜ ਚਿੰਤਾ ਦਾ ਇੱਕ ਹੋਰ ਵੱਡਾ ਕਾਰਨ ਆਰਟੀਫੀਸ਼ੀਅਲ ਇੰਟੈਲੀਜੈਂਸ ਵੀ ਹੈ। ਤਕਨਾਲੋਜੀ ਬੇਸ਼ੱਕ ਪ੍ਰਸ਼ਾਸਨ ਨੂੰ ਤੇਜ਼, ਸੁਚੱਜਾ ਅਤੇ ਸਮਰੱਥ ਬਣਾਉਂਦੀ ਹੈ, ਪਰ ਹਰ ਐਲਗੋਰਿਦਮ ਅੰਦਰ ਕੁਝ ਪੂਰਵ-ਧਾਰਨਾਵਾਂ ਵੀ ਲੁਕੀਆਂ ਹੁੰਦੀਆਂ ਹਨ। ਜੇਕਰ ਉਸ ਦੀ ਕਾਰਵਾਈ ਪਾਰਦਰਸ਼ੀ ਨਾ ਹੋਵੇ ਤਾਂ ਇੱਕ ਮਸ਼ੀਨ ਦੀ ਗ਼ਲਤੀ ਲੱਖਾਂ ਲੋਕਾਂ ਦੀ ਹੋਣੀ ਬਦਲ ਸਕਦੀ ਹੈ। ਇਸੇ ਲਈ ਦੁਨੀਆ ਭਰ ਵਿੱਚ ਹੁਣ ਇਹ ਬਹਿਸ ਤੇਜ਼ ਹੋ



ਰਹੀ ਹੈ ਕਿ ਜਿੱਥੇ ਨਾਗਰਿਕਾਂ ਦੇ ਬੁਨਿਆਦੀ ਅਧਿਕਾਰਾਂ ਦਾ ਸਵਾਲ ਹੋਵੇ ਉੱਥੇ ਆਖ਼ਰੀ ਫ਼ੈਸਲਾ ਕਿਸੇ ਅਪਾਰਦਰਸ਼ੀ ਐਲਗੋਰਿਦਮ ਦਾ ਨਹੀਂ ਸਗੋਂ ਜਵਾਬਦੇਹ ਮਨੁੱਖੀ ਪ੍ਰਕਿਰਿਆ ਦਾ ਹੋਣਾ ਚਾਹੀਦਾ ਹੈ। ਇਹ ਵੀ ਸੱਚ ਹੈ ਕਿ ਜਮਹੂਰੀਅਤ ਸਿਰਫ਼ ਕਾਨੂੰਨਾਂ ਨਾਲ ਨਹੀਂ ਚੱਲਦੀ ਸਗੋਂ ਮਨੋਵਿਗਿਆਨ ਨਾਲ ਵੀ ਚੱਲਦੀ ਹੈ। ਜੇਕਰ ਕਿਸੇ ਸਮਾਜ ਦਾ ਇੱਕ ਹਿੱਸਾ ਇਹ ਮਹਿਸੂਸ ਕਰਨ ਲੱਗ ਪਵੇ ਕਿ ਸਰਕਾਰੀ ਪ੍ਰਕਿਰਿਆਵਾਂ ਉਸ ਨੂੰ ਸ਼ੱਕ ਦੀ ਨਜ਼ਰ ਨਾਲ ਦੇਖ ਰਹੀਆਂ ਹਨ ਤਾਂ ਇਹ ਅਹਿਸਾਸ ਆਪਣੇ ਆਪ ਵਿੱਚ ਇੱਕ ਵੱਡਾ ਜਮਹੂਰੀ ਸੰਕਟ ਬਣ ਸਕਦਾ ਹੈ, ਭਾਵੇਂ ਸਰਕਾਰ ਦੀ ਨੀਅਤ ਕੁਝ ਵੀ ਰਹੀ ਹੋਵੇ। ਇੱਥੇ ਹੀ ਜਮਹੂਰੀਅਤ ਅਤੇ ਸੱਤਾ ਦੇ ਰਾਹ ਵੱਖ ਹੋ ਜਾਂਦੇ ਹਨ। ਸੱਤਾ ਨੂੰ ਆਪਣੇ ਫ਼ੈਸਲੇ ਸਹੀ ਲੱਗਦੇ ਹਨ, ਪਰ ਜਮਹੂਰੀਅਤ ਨੂੰ ਆਪਣੇ ਫ਼ੈਸਲੇ ਸਹੀ ਦਿਖਾਉਣੇ ਵੀ ਪੈਂਦੇ ਹਨ। ਵਿਸ਼ਵਾਸ ਸਿਰਫ਼ ਨਿਆਂ ਕਰਨ ਨਾਲ ਨਹੀਂ ਬਣਦਾ; ਨਿਆਂ ਹੁੰਦਾ ਹੋਇਆ ਦਿਖਾਈ ਦੇਣ ਨਾਲ ਵੀ ਬਣਦਾ ਹੈ। ਇਤਿਹਾਸ ਗਵਾਹ ਹੈ ਕਿ ਜਮਹੂਰੀਅਤ ਦੀ ਉਮਰ ਬੈਲੇਟ ਪੇਪਰਾਂ ਨਾਲ ਨਹੀਂ, ਸਗੋਂ ਨਾਗਰਿਕਾਂ ਦੇ ਭਰੋਸੇ ਨਾਲ ਮਾਪੀ ਜਾਂਦੀ ਹੈ। ਜਦੋਂ ਕੋਈ ਨਾਗਰਿਕ ਇਹ ਮਹਿਸੂਸ ਕਰਨ ਲੱਗ ਪਵੇ ਕਿ ਉਸ ਦਾ ਨਾਂ ਵੋਟਰ ਸੂਚੀ ਵਿੱਚ ਹੈ ਜਾਂ ਨਹੀਂ ਅਤੇ ਇਹ ਉਸ ਦੇ ਨਾਗਰਿਕ ਹੋਣ ਨਾਲੋਂ ਵੱਧ ਪ੍ਰਸ਼ਾਸਨਿਕ ਤੰਤਰ 'ਤੇ ਸ਼ੱਕ ਦਾ ਵਿਸ਼ਾ ਬਣ ਗਿਆ ਹੈ ਤਾਂ ਉਦੋਂ ਜਮਹੂਰੀਅਤ ਲਈ ਫ਼ਿਕਰ ਸ਼ੁਰੂ ਹੋ ਜਾਂਦਾ ਹੈ। ਜੇਕਰ ਸ਼ੱਕ ਪ੍ਰਸ਼ਾਸਨ ਦੀ ਕਾਰਜ-ਪ੍ਰਣਾਲੀ ਦਾ ਸਥਾਈ ਹਿੱਸਾ ਬਣ ਜਾਵੇ ਤਾਂ ਇਹ ਹੌਲੀ-ਹੌਲੀ ਵਿਸ਼ਵਾਸ ਨੂੰ ਖਾ ਜਾਂਦਾ ਹੈ। ਵਿਸ਼ਵਾਸ ਇੱਕ ਵਾਰ ਟੁੱਟ ਜਾਵੇ ਤਾਂ ਉਸ ਨੂੰ ਮੁੜ ਬਹਾਲ ਕਰਨਾ ਕਿਸੇ ਵੀ ਸਰਕਾਰ ਲਈ ਸੁਖਾਲਾ ਨਹੀਂ ਹੁੰਦਾ।

ਸੰਯੁਕਤ ਰਾਸ਼ਟਰ ਦੇ ਵਿਸ਼ੇਸ਼ ਮਾਹਿਰਾਂ ਦੀ ਰਿਪੋਰਟ ਨੂੰ ਵੀ ਇਸੇ ਸੰਦਰਭ ਵਿੱਚ ਪੜ੍ਹਨ ਦੀ ਲੋੜ ਹੈ। ਇਹ ਕੋਈ ਅਦਾਲਤੀ ਫ਼ੈਸਲਾ ਨਹੀਂ ਹੈ ਅਤੇ ਨਾ ਹੀ ਇਹ ਅੰਤਿਮ ਸੱਚ ਦਾ ਦਾਅਵਾ ਕਰਦੀ ਹੈ। ਇਹ ਇੱਕ ਅਜਿਹਾ ਅਧਿਕਾਰਤ ਸੰਚਾਰ ਹੈ, ਜੋ ਭਾਰਤ ਸਰਕਾਰ ਕੋਲੋਂ ਕੁਝ ਅਹਿਮ ਸਵਾਲਾਂ ਦੇ ਜਵਾਬ ਮੰਗਦਾ ਹੈ। ਜਮਹੂਰੀਅਤ ਵਿੱਚ ਸਵਾਲ ਪੁੱਛਣਾ ਕਿਸੇ ਰਾਸ਼ਟਰ ਦੀ ਕਮਜ਼ੋਰੀ ਨਹੀਂ ਹੁੰਦੀ ਸਗੋਂ ਉਸ ਦੀ ਸਿਹਤ ਦਾ ਸੰਕੇਤ ਹੁੰਦਾ ਹੈ। ਜਿਹੜੀ ਜਮਹੂਰੀਅਤ ਸਵਾਲਾਂ ਤੋਂ ਡਰਨ ਲੱਗ ਪਵੇ, ਉਹ ਹੌਲੀ-ਹੌਲੀ ਆਪਣੇ ਹੀ ਨਾਗਰਿਕਾਂ ਤੋਂ ਵੀ ਡਰਨ ਲੱਗ ਪੈਂਦੀ ਹੈ।

ਇਸ ਮਾਮਲੇ ਦਾ ਇੱਕ ਹੋਰ ਪੱਖ ਵੀ ਹੈ, ਜਿਸ ਨੂੰ ਅਣਡਿੱਠ ਨਹੀਂ ਕੀਤਾ ਜਾ ਸਕਦਾ। ਸੰਯੁਕਤ ਰਾਸ਼ਟਰ ਦੇ ਮਾਹਿਰਾਂ ਨੇ ਆਪਣੀ ਫ਼ਿਕਰਮੰਦੀ ਵਿੱਚ ਜਿਨ੍ਹਾਂ ਵਰਗਾਂ ਦਾ ਜ਼ਿਕਰ ਕੀਤਾ ਹੈ ਉਹ ਸਿਰਫ਼ ਮੁਸਲਿਮ ਭਾਈਚਾਰੇ ਤੱਕ ਸੀਮਿਤ ਨਹੀਂ ਹਨ। ਉਨ੍ਹਾਂ ਦਾ ਮੂਲ ਸਵਾਲ ਇਹ ਹੈ ਕਿ ਜੇਕਰ ਕਿਸੇ ਵੀ ਪ੍ਰਸ਼ਾਸਨਿਕ ਪ੍ਰਕਿਰਿਆ ਦਾ ਕਿਸੇ ਖ਼ਾਸ ਭਾਈਚਾਰੇ ਉੱਤੇ ਵੱਖਰਾ ਜਾਂ ਨਾਂਹ-ਪੱਖੀ ਅਸਰ ਪੈ ਰਿਹਾ ਹੋਵੇ ਤਾਂ ਉਸ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਇਹੀ ਸੰਵਿਧਾਨਕ ਨਿਆਂ ਦਾ ਮੂਲ ਸਿਧਾਂਤ ਹੈ।

ਇੱਥੇ ਇਹ ਵੀ ਯਾਦ ਰੱਖਣਾ ਪਵੇਗਾ ਕਿ ਭਾਰਤ ਵਰਗੇ ਵਿਸ਼ਾਲ ਅਤੇ ਵੰਨ-ਸੁਵੰਨਤਾ ਵਾਲੇ ਮੁਲਕ ਵਿੱਚ ਵੋਟਰ ਸੂਚੀਆਂ ਨੂੰ ਦਰੁਸਤ ਰੱਖਣਾ ਕੋਈ ਸੌਖਾ ਕੰਮ ਨਹੀਂ ਹੈ। ਕਰੋੜਾਂ ਵੋਟਰ, ਲਗਾਤਾਰ ਬਦਲਦੇ ਪਤੇ, ਮੌਤਾਂ, ਜਨਮ, ਪਰਵਾਸ ਅਤੇ ਸਮਾਜਿਕ ਗਤੀਸ਼ੀਲਤਾ- ਇਹ ਸਭ ਕੁਝ ਚੋਣ ਕਮਿਸ਼ਨ ਸਾਹਮਣੇ ਇੱਕ ਵੱਡੀ ਪ੍ਰਸ਼ਾਸਨਿਕ ਚੁਣੌਤੀ ਵਜੋਂ ਖੜ੍ਹਾ ਰਹਿੰਦਾ ਹੈ। ਇਸ ਲਈ ਸਮੇਂ-ਸਮੇਂ 'ਤੇ ਵੋਟਰ ਸੂਚੀਆਂ ਦੀ ਜਾਂਚ ਅਤੇ ਸੁਧਾਈ ਲਾਜ਼ਮੀ ਵੀ ਹੈ ਅਤੇ ਜਾਇਜ਼ ਵੀ, ਪਰ ਇਸ ਲਾਜ਼ਮੀ ਪ੍ਰਕਿਰਿਆ ਦੀ ਸਫ਼ਲਤਾ ਦਾ ਮਾਪਦੰਡ ਸਿਰਫ਼ ਇਹ ਨਹੀਂ ਕਿ ਕਿੰਨੇ ਨਾਂ ਜੋੜੇ ਜਾਂ ਕੱਟੇ ਗਏ; ਅਸਲ ਕਸਵੱਟੀ ਇਹ ਹੈ ਕਿ ਇਸ ਪੂਰੀ ਪ੍ਰਕਿਰਿਆ ਉੱਤੇ ਕਿੰਨੇ ਨਾਗਰਿਕਾਂ ਦਾ ਭਰੋਸਾ ਕਾਇਮ ਰਿਹਾ। ਅੱਜ ਪੰਜਾਬ ਵਿੱਚ ਐੱਸ ਆਈ ਆਰ ਦੀ ਪ੍ਰਕਿਰਿਆ ਚੱਲ ਰਹੀ ਹੈ। ਇਸ ਲਈ ਇਹ ਸਿਰਫ਼ ਪੱਛਮੀ ਬੰਗਾਲ, ਬਿਹਾਰ ਜਾਂ ਦਿੱਲੀ ਦੀ ਬਹਿਸ ਨਹੀਂ ਰਹਿ ਜਾਂਦੀ; ਇਹ ਸਾਡਾ ਆਪਣਾ ਸਵਾਲ ਵੀ ਹੈ। ਪੰਜਾਬ ਨੇ ਆਪਣੇ ਇਤਿਹਾਸ ਵਿੱਚ ਅਜਿਹੇ ਕਈ ਦੌਰ ਵੇਖੇ ਹਨ ਜਦੋਂ ਸ਼ੱਕ ਨੇ ਸਮਾਜ ਨੂੰ ਡੂੰਘੇ ਜ਼ਖ਼ਮ ਦਿੱਤੇ। ਇਸ ਧਰਤੀ ਨੇ ਇਹ ਵੀ ਦੇਖਿਆ ਹੈ ਕਿ ਜਦੋਂ ਸਰਕਾਰ ਅਤੇ ਨਾਗਰਿਕ ਦਰਮਿਆਨ ਵਿਸ਼ਵਾਸ ਟੁੱਟਦਾ ਹੈ ਤਾਂ ਉਸ ਦੀ ਕੀਮਤ ਪੀੜ੍ਹੀਆਂ ਤੱਕ ਚੁਕਾਉਣੀ ਪੈਂਦੀ ਹੈ। ਇਸ ਲਈ ਅੱਜ ਜੇਕਰ ਵੋਟਰ ਸੂਚੀਆਂ ਦੀ ਸੁਧਾਈ ਹੋ ਰਹੀ ਹੈ ਤਾਂ ਇਸ ਦਾ ਸਭ ਤੋਂ ਵੱਡਾ ਮਾਪਦੰਡ ਇਹ ਹੋਣਾ ਚਾਹੀਦਾ ਹੈ ਕਿ ਹਰ ਯੋਗ ਨਾਗਰਿਕ ਇਹ ਮਹਿਸੂਸ ਕਰੇ ਕਿ ਉਸ ਦੀ ਵੋਟ ਸੁਰੱਖਿਅਤ ਹੈ ਅਤੇ ਉਸ ਦੀ ਨਾਗਰਿਕਤਾ ਕਿਸੇ ਸ਼ੱਕ ਦੇ ਘੇਰੇ ਹੇਠ ਨਹੀਂ ਹੈ।

ਇਸ ਵਿਵਾਦ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਭੂਮਿਕਾ ਵੱਖਰੀ ਚਰਚਾ ਦੀ ਮੰਗ ਕਰਦੀ ਹੈ। ਤਕਨਾਲੋਜੀ ਮਨੁੱਖ ਦੀ ਸਹਾਇਕ ਹੋ ਸਕਦੀ ਹੈ, ਉਸ ਦਾ ਬਦਲ ਨਹੀਂ। ਜੇਕਰ ਕੋਈ ਐਲਗੋਰਿਦਮ ਕਿਸੇ ਨਾਂ ਨੂੰ ਸ਼ੱਕੀ ਮੰਨ ਲਵੇ ਤਾਂ ਕੀ ਉਸ ਨਾਗਰਿਕ ਨੂੰ ਇਹ ਜਾਣਨ ਦਾ ਹੱਕ ਹੈ ਕਿ ਅਜਿਹਾ ਕਿਉਂ ਹੋਇਆ ? ਕੀ ਉਸ ਨੂੰ ਆਪਣਾ ਪੱਖ ਰੱਖਣ ਅਤੇ ਅਪੀਲ ਕਰਨ ਦਾ ਢੁੱਕਵਾਂ ਮੌਕਾ ਮਿਲਿਆ ? ਇਹ ਸਵਾਲ ਹੁਣ ਸਿਰਫ਼ ਭਾਰਤ ਦੇ ਨਹੀਂ ਸਗੋਂ ਦੁਨੀਆ ਭਰ ਦੀਆਂ ਜਮਹੂਰੀ ਪ੍ਰਣਾਲੀਆਂ ਦੇ ਹਨ। ਸੰਭਵ ਹੈ ਕਿ ਭਵਿੱਖ ਵਿੱਚ ਚੋਣਾਂ ਨਾਲੋਂ ਵੱਧ ਬਹਿਸ ਚੋਣਾਂ ਚਲਾਉਣ ਵਾਲੀਆਂ ਡਿਜੀਟਲ ਪ੍ਰਣਾਲੀਆਂ ਉੱਤੇ ਹੋਵੇ।

ਇਸੇ ਲਈ ਕਈ ਜਮਹੂਰੀ ਮੁਲਕ ਹੁਣ ਇਹ ਸਿਧਾਂਤ ਅਪਣਾ ਰਹੇ ਹਨ ਕਿ ਬੁਨਿਆਦੀ ਅਧਿਕਾਰਾਂ ਦੇ ਮਾਮਲੇ ਵਿੱਚ ਆਖ਼ਰੀ ਫ਼ੈਸਲਾ ਕਿਸੇ ਅਣਜਾਣ ਐਲਗੋਰਿਦਮ ਦਾ ਨਹੀਂ ਸਗੋਂ ਇੱਕ ਜਵਾਬਦੇਹ ਮਨੁੱਖੀ ਅਧਿਕਾਰੀ ਦਾ ਹੋਣਾ ਚਾਹੀਦਾ ਹੈ। ਤਕਨਾਲੋਜੀ ਸਹਾਇਕ ਹੋ ਸਕਦੀ ਹੈ ਪਰ ਨੈਤਿਕ ਅਤੇ ਕਾਨੂੰਨੀ ਜਵਾਬਦੇਹੀ ਆਖ਼ਰਕਾਰ ਮਨੁੱਖ ਦੀ ਹੀ ਹੋਣੀ ਚਾਹੀਦੀ ਹੈ। ਜਮਹੂਰੀਅਤ ਦੀ ਅਸਲ ਪਰਖ ਚੋਣਾਂ ਵਾਲੇ ਦਿਨ ਹੁੰਦੀ ਹੈ ਜਦੋਂ ਆਮ ਵੋਟਰ ਪੋਲਿੰਗ ਬੂਥ ਤੱਕ ਇਹ ਭਰੋਸਾ ਲੈ ਕੇ ਜਾਂਦਾ ਹੈ ਕਿ ਉਸ ਦੀ ਵੋਟ ਉਸ ਦੀ ਆਪਣੀ ਆਵਾਜ਼ ਹੈ, ਕਿਸੇ ਦੀ ਮਿਹਰਬਾਨੀ ਨਹੀਂ। ਉਹ ਇਸ ਮੁਲਕ ਦਾ ਬਰਾਬਰ ਦਾ ਨਾਗਰਿਕ ਹੈ, ਕੋਈ ਅਜਿਹਾ ਸ਼ਖ਼ਸ ਨਹੀਂ ਜਿਸ 'ਤੇ ਪ੍ਰਣਾਲੀ ਨੇ ਰਹਿਮ ਕੀਤਾ ਹੋਵੇ।

ਅਖ਼ੀਰ ਵਿੱਚ ਸਵਾਲ ਸਿਰਫ਼ ਇਹ ਨਹੀਂ ਕਿ ਵੋਟਰ ਸੂਚੀ ਵਿੱਚ ਕਿੰਨੇ ਨਾਂ ਹਨ; ਸਵਾਲ ਇਹ ਹੈ ਕਿ ਲੋਕਾਂ ਦਾ ਆਪਣੀ ਜਮਹੂਰੀਅਤ 'ਤੇ ਕਿੰਨਾ ਭਰੋਸਾ ਹੈ। ਜਦੋਂ ਵੋਟ ਤੋਂ ਪਹਿਲਾਂ ਵਿਸ਼ਵਾਸ ਟੁੱਟਦਾ ਹੈ ਤਾਂ ਬੈਲੇਟ ਬਾਕਸ ਤਾਂ ਬਚੇ ਰਹਿੰਦੇ ਹਨ ਪਰ ਜਮਹੂਰੀਅਤ ਅੰਦਰੋਂ ਖੋਖਲੀ ਹੋ ਜਾਂਦੀ ਹੈ। ਅੱਜ ਸਭ ਤੋਂ ਵੱਡਾ ਸਵਾਲ ਇਹੀ ਹੈ ਕਿ ਕੀ ਅਸੀਂ ਆਪਣੀ ਜਮਹੂਰੀਅਤ ਪ੍ਰਤੀ ਉਹ ਵਿਸ਼ਵਾਸ ਬਚਾ ਸਕਾਂਗੇ, ਜਿਸ ਦੇ ਸਹਾਰੇ ਵੋਟ ਸਿਰਫ਼ ਕਾਗ਼ਜ਼ੀ ਹੱਕ ਨਹੀਂ ਸਗੋਂ ਨਾਗਰਿਕ ਦੇ ਵਜੂਦ ਦਾ ਸਭ ਤੋਂ ਵੱਡਾ ਪ੍ਰਮਾਣ ਬਣਦੀ ਹੈ। ਜਦੋਂ ਇਹ ਵਿਸ਼ਵਾਸ ਤਿੜਕਦਾ ਹੈ ਤਾਂ ਸੰਵਿਧਾਨ ਦੀਆਂ ਵੱਖ-ਵੱਖ ਧਾਰਾਵਾਂ ਵੀ ਮਨ ਦੇ ਸ਼ੰਕਿਆਂ ਨੂੰ ਦੂਰ ਨਹੀਂ ਕਰ ਸਕਦੀਆਂ। ਇਹੀ ਉਹ ਪਲ ਹੁੰਦਾ ਹੈ ਜਦੋਂ ਕਿਸੇ ਵੀ ਜਮਹੂਰੀ ਮੁਲਕ ਨੂੰ ਆਪਣੇ ਆਪ ਤੋਂ ਸਭ ਤੋਂ ਔਖੇ ਸਵਾਲ ਪੁੱਛਣੇ ਪੈਂਦੇ ਹਨ।

## ਸਰਕਾਰੀ ਮਿਡਲ ਸਕੂਲ ਘੜਾਮਾ ਕਲਾਂ ਦੇ ਵਿਦਿਆਰਥੀਆਂ ਨੇ ਦੇਸ਼ਭਗਤੀ ਨਾਟਕ ਦੀ ਕੀਤੀ ਸ਼ਾਨਦਾਰ ਪੇਸ਼ਕਾਰੀ



**ਪਟਿਆਲਾ, 16 ਜੁਲਾਈ**
**-ਛਤਰਪਾਲ ਸਿੰਘ-**

ਰਾਸ਼ਟਰੀ ਗੀਤ 'ਵੰਦੇ ਮਾਤਰਮ' ਦੇ 150 ਸਾਲ ਪੂਰੇ ਹੋਣ ਦੇ ਸੰਬੰਧ ਵਿੱਚ ਅਤੇ ਮਹਾਕਵੀ ਕਾਲੀਦਾਸ ਜਯੰਤੀ ਮੌਕੇ ਭਾਰਤ ਥੀਏਟਰ ਦੇ ਮਾਧਿਅਮ ਰਾਹੀਂ ਬੋਲਦਾ ਹੈ - ਯੁਵਾ ਰੰਗਮੰਚ ਰਾਹੀਂ ਰਾਸ਼ਟਰ ਜਾਗ੍ਰਿਤੀ ਵਿਸ਼ੇ ਹੇਠ ਰਾਸ਼ਟਰੀ ਨਾਟਕ ਮਹਾਉਤਸਵ 2026 ਦਾ ਸਫ਼ਲ ਆਯੋਜਨ ਕੀਤਾ ਗਿਆ। ਇਹ ਮਹਾਉਤਸਵ ਸੰਗੀਤ ਨਾਟਕ ਅਕਾਦਮੀ, ਨਵੀਂ ਦਿੱਲੀ (ਰਾਸ਼ਟਰੀ ਸੰਗੀਤ, ਨ੍ਰਿਤ ਅਤੇ ਨਾਟਕ ਅਕਾਦਮੀ) ਵੱਲੋਂ ਸੈਂਟਰ ਫ਼ਾਰ ਕਲਚਰਲ ਰਿਸੋਰਸਿਜ਼ ਐਂਡ ਟ੍ਰੇਨਿੰਗ (ਸੀ.ਸੀ.ਆਰ.ਟੀ.), ਨਵੀਂ ਦਿੱਲੀ ਦੇ ਸਹਿਯੋਗ ਨਾਲ ਕਰਵਾਇਆ ਗਿਆ।

ਇਸ ਪ੍ਰੋਗਰਾਮ ਦੇ ਆਯੋਜਨ ਲਈ ਪੰਜਾਬ ਸਿੱਖਿਆ ਵਿਭਾਗ ਦੇ ਪਟਿਆਲਾ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸ਼ਾਲੂ ਮਹਿਰਾ , ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਵਿੰਦਰਪਾਲ ਸਿੰਘ ਅਤੇ ਸਰਕਾਰੀ ਮਿਡਲ ਸਕੂਲ ਘੜਾਮਾ ਕਲਾਂ ਦੇ ਸਮੂਹ ਸਟਾਫ਼ ਵੱਲੋਂ ਵਿਸ਼ੇਸ਼ ਉਪਰਾਲਾ ਕੀਤਾ ਗਿਆ।

ਇਸ ਮੌਕੇ ਸਰਕਾਰੀ ਮਿਡਲ ਸਕੂਲ ਘੜਾਮਾ ਕਲਾਂ, ਜ਼ਿਲ੍ਹਾ ਪਟਿਆਲਾ ਦੇ ਵਿਦਿਆਰਥੀਆਂ ਨੇ ਪੰਜਾਬੀ ਨਾਟਕ ਆਜ਼ਾਦੀ ਦੇ ਸੰਘਰਸ਼ੀ ਯੋਧੇ ਦੀ ਪ੍ਰਭਾਵਸ਼ਾਲੀ ਪੇਸ਼ਕਾਰੀ ਕੀਤੀ। ਸਕੂਲ ਅਧਿਆਪਕਾਂ ਕਿਰਨ ਬਾਲਾ ਦੁਆਰਾ ਲਿਖੇ ਅਤੇ ਜਤਿੰਦਰ ਸਿੰਘ ਬਲਾਕ ਰਿਸੋਰਸ ਪਰਸਨ ਦੇ ਨਿਰਦੇਸ਼ਨ ਹੇਠ ਤਿਆਰ ਕੀਤੇ ਇਸ 45 ਮਿੰਟ ਦੇ ਨਾਟਕ ਨੇ ਭਾਰਤ ਦੇ ਆਜ਼ਾਦੀ ਸੰਗਰਾਮ ਦੇ ਸ਼ਹੀਦਾਂ ਅਤੇ ਮਹਾਨ ਯੋਧਿਆਂ ਦੀਆਂ ਕੁਰਬਾਨੀਆਂ ਨੂੰ ਜੀਵੰਤ ਢੰਗ ਨਾਲ ਦਰਸਾਇਆ। ਨਾਟਕ ਨੇ ਦਰਸ਼ਕਾਂ ਵਿੱਚ ਦੇਸ਼ਭਗਤੀ, ਸਾਹਸ ਅਤੇ ਰਾਸ਼ਟਰੀ ਏਕਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ। ਸਮਾਗਮ ਵਿੱਚ ਆਜ਼ਾਦੀ ਘੁਲਾਟੀਏ ਸੀਤਾ ਸਿੰਘ ਦੇ ਪਰਿਵਾਰਕ ਮੈਂਬਰ ਸਤਿਆ ਦੇਵੀ ਪਤਨੀ ਅਜਾਦੀ ਘੁਲਾਟੀਏ ਸੀਤਾ ਸਿੰਘ, ਦੋਵੇਂ ਪੁੱਤਰ ਦੇਸ ਰਾਜ ਅਤੇ ਬੁੱਧ ਰਾਮ ਬੱਬੂ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਨੇ ਵਿਦਿਆਰਥੀਆਂ ਦੀ ਸ਼ਾਨਦਾਰ ਅਦਾਕਾਰੀ ਦੀ ਭਰਪੂਰ ਸ਼ਲਾਘਾ ਕਰਦਿਆਂ ਨੌਜਵਾਨ ਪੀੜ੍ਹੀ ਨੂੰ ਕਲਾ ਅਤੇ ਸੱਭਿਆਚਾਰ ਰਾਹੀਂ ਦੇਸ਼ ਦੇ ਆਜ਼ਾਦੀ ਸੰਘਰਸ਼ ਦੀ ਵਿਰਾਸਤ ਨੂੰ ਸੰਭਾਲਣ ਲਈ ਪ੍ਰੇਰਿਤ ਕੀਤਾ। ਨਾਟਕ ਵਿੱਚ ਅਰਸ਼ਦੀਪ ਕੌਰ, ਅਮਨਦੀਪ ਕੌਰ, ਗੁਰਵਿੰਦਰ ਸਿੰਘ, ਪ੍ਰਭਜੋਤ ਸਿੰਘ, ਜੈ ਕੁਮਾਰ, ਜਸਮੀਨ ਕੌਰ, ਰਮਨਪ੍ਰੀਤ ਕੌਰ, ਰਿਹਾਨ ਖ਼ਾਨ, ਖੁਸ਼ਪ੍ਰੀਤ ਕੌਰ, ਅਨੀਤਾ ਰਾਣੀ, ਬੀਰਬਲ, ਜਸਪ੍ਰੀਤ ਕੌਰ, ਕਿਰਨਦੀਪ ਕੌਰ, ਮੀਰਾ, ਪ੍ਰਭਜੋਤ ਸਿੰਘ ਅਤੇ ਦਿਨੇਸ਼ ਅਤੇ ਹੋਰ ਵਿਦਿਅਰਥੀਆਂ ਨੇ ਪ੍ਰਭਾਵਸ਼ਾਲੀ ਭੂਮਿਕਾਵਾਂ ਨਿਭਾਈਆਂ। ਉਨ੍ਹਾਂ ਦੀ ਭਾਵਪੂਰਣ ਅਤੇ ਜੋਸ਼ੀਲੀ ਅਦਾਕਾਰੀ ਨੇ ਦਰਸ਼ਕਾਂ ਦਾ ਮਨ ਮੋਹ ਲਿਆ ਅਤੇ ਨਾਟਕ ਨੂੰ ਭਰਪੂਰ ਸਰਾਹਨਾ ਮਿਲੀ।

ਸਮਾਗਮ ਦੇ ਅੰਤ ਵਿੱਚ ਆਯੋਜਕਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਪਹੁੰਚੇ ਹੋਏ ਸਮੂਹ ਮਹਿਮਾਨਾਂ, ਹਾਜ਼ਰ ਸਰਪੰਚਾਂ ਪੰਚਾਇਤਾਂ ਮੈਂਬਰ, ਐਸਐਮਸੀ ਮੈਂਬਰਾਂ ਅਤੇ ਹੋਰ ਮੋਹਤਵਾਰ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਦੇ ਨਾਲ ਹੀ ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਦੇਸ਼ਭਗਤੀ ਦੀ ਭਾਵਨਾ ਨੂੰ ਰੰਗਮੰਚ ਰਾਹੀਂ ਪ੍ਰਫੁੱਲਤ ਕਰਨ ਦੇ ਸੰਦੇਸ਼ ਨਾਲ ਸਮਾਗਮ ਦਾ ਸਮਾਪਨ ਹੋਇਆ।

## ਭਾਰਤੀ ਚੋਣ ਕਮਿਸ਼ਨ ਵੱਲੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਜਾਰੀ ਸੋਧੇ ਸ਼ਡਿਊਲ ਮੁਤਾਬਕ ਸਾਰੀ ਪ੍ਰਕਿਰਿਆ ਮੁਕੰਮਲ ਕੀਤੀ ਜਾਵੇਗੀ : ਡਾ. ਹਿਮਾਂਸ਼ੂ ਅਗਰਵਾਲ

**ਪਟਿਆਲਾ, 16 ਜੁਲਾਈ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤੀ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਪਹਿਲਾ ਐਲਾਨੇ ਗਏ ਸ਼ਡਿਊਲ ਵਿੱਚ ਸੋਧ ਕਰਨ ਸਬੰਧੀ ਜਾਰੀ ਪੱਤਰ ਅਨੁਸਾਰ ਪਟਿਆਲਾ ਜ਼ਿਲ੍ਹੇ ਵਿੱਚ ਸਾਰੀ ਐਸ ਆਈ ਆਰ ਦੀ ਪ੍ਰਕਿਰਿਆ ਮੁਕੰਮਲ ਕੀਤੀ ਜਾਵੇਗੀ। ਇਹ ਪ੍ਰਗਟਾਵਾ ਪਟਿਆਲਾ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਨੇ ਕੀਤਾ। ਉਨ੍ਹਾਂ ਦੱਸਿਆ ਕਿ ਮੁੱਖ ਚੋਣ ਅਫਸਰ, ਪੰਜਾਬ ਸ੍ਰੀਮਤੀ ਅਨਿੰਦਿਤਾ ਮਿਤਰਾ ਦੀਆਂ ਹਦਾਇਤਾਂ ਅਨੁਸਾਰ ਹੁਣ ਘਰੋਂ-ਘਰੀਂ ਗਣਨਾ ਫਾਰਮਾਂ ਦੀ ਵੰਡ ਦਾ ਕਾਰਜ 3 ਅਗਸਤ, 2026 ਤੱਕ ਜਾਰੀ ਰਹੇਗਾ। ਇਸੇ ਤਰ੍ਹਾਂ ਪੋਲਿੰਗ ਬੂਥਾਂ ਨੂੰ ਤਰਕਸੰਗਤ ਕਰਨ ਦਾ ਕੰਮ ਵੀ 3 ਅਗਸਤ, 2026 ਤੱਕ ਕੀਤਾ ਜਾਵੇਗਾ। ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਵੋਟਰ ਸੂਚੀਆਂ ਦਾ ਖਰੜਾ 13 ਅਗਸਤ, 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀਆਂ ਸਬੰਧੀ ਇਤਰਾਜ਼ ਅਤੇ ਦਾਅਵੇ 13 ਅਗਸਤ,2026 ਤੋਂ 12 ਸਤੰਬਰ, 2026 ਤੱਕ ਪੇਸ਼ ਕੀਤੇ ਜਾ ਸਕਦੇ ਹਨ ਜਦਕਿ ਇਹਨਾਂ ਇਤਰਾਜ਼ਾਂ ਅਤੇ ਦਾਅਵਿਆਂ ਦਾ ਨਿਪਟਾਰਾ 13 ਅਗਸਤ, 2026 ਤੋਂ 08 ਅਕਤੂਬਰ, 2026 ਤੱਕ ਕੀਤਾ ਜਾਵੇਗਾ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਅੰਤਿਮ ਵੋਟਰ ਸੂਚੀਆਂ ਦੀ ਪ੍ਰਕਾਸ਼ਨਾ 12 ਅਕਤੂਬਰ, 2026 ਨੂੰ ਕੀਤੀ ਜਾਵੇਗੀ। ਉਨ੍ਹਾਂ ਨੇ ਮੁੱਖ ਚੋਣ ਅਫ਼ਸਰ ਪੰਜਾਬ ਦੇ ਨਿਰਦੇਸ਼ਾਂ ਅਨੁਸਾਰ ਪਟਿਆਲਾ ਜ਼ਿਲ੍ਹੇ ਦੇ ਸਾਰੇ ਯੋਗ ਨਾਗਰਿਕਾਂ ਨੂੰ ਸਪੈਸ਼ਲ ਇੰਟੈਂਸਿਵ ਰਿਵੀਜਨ ਵਿੱਚ ਸਰਗਰਮੀ ਨਾਲ ਭਾਗ ਲੈਣ ਦੀ ਅਪੀਲ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਨ੍ਹਾਂ ਦੇ ਚੋਣ ਵੇਰਵੇ ਪੂਰੀ ਤਰ੍ਹਾਂ ਸਹੀ ਅਤੇ ਅੱਪ ਟੂ ਡੇਟ ਹਨ, ਇਸ ਤਰ੍ਹਾਂ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਵਿੱਚ ਯੋਗਦਾਨ ਪਾਇਆ ਜਾ ਸਕੇ।

## ਸਰਕਾਰੀ ਦਫਤਰ ਤੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ

**ਪਟਿਆਲਾ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਦੇ ਇੱਕ ਸਰਕਾਰੀ ਦਫ਼ਤਰ ਅਤੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਇਹ ਧਮਕੀ ਇੱਕ ਈਮੇਲ ਰਾਹੀਂ ਭੇਜੀ ਗਈ ਹੈ, ਜਿਸ ਤੋਂ ਬਾਅਦ ਪੁਲਿਸ ਵੱਲੋਂ ਮੁਸਤੈਦੀ ਨਾਲ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। 'ਖਾਲਿਸਤਾਨ ਨੈਸ਼ਨਲ ਆਰਮੀ' ਵੱਲੋਂ ਈਮੇਲ ਰਾਹੀਂ ਭੇਜੇ ਗਏ ਇਸ ਧਮਕੀ ਪੱਤਰ ਵਿੱਚ, ਧਮਕੀ ਦੇਣ ਵਾਲਿਆਂ ਵਜੋਂ ਇੰਜੀਨੀਅਰ ਗੁਰਨਾਖ ਸਿੰਘ ਰੁਕਣ ਸ਼ਾਹਵਾਲਾ ਅਤੇ ਡਾ. ਗੁਰਨਿਰਵੈਰ ਸਿੰਘ ਖ਼ਾਨ ਰਜਾਦਾ ਦੇ ਨਾਮ ਸ਼ਾਮਲ ਹਨ। ਦੱਸ ਦਈਏ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਦੌਰੇ ਤੇ ਹਨ ਅਤੇ ਇਸੇ ਵਿਚਾਲੇ ਅਜਿਹੀਆਂ ਧਮਕੀਆਂ ਭਰੀਆਂ ਈਮੇਲਜ਼ ਮਿਲ ਰਹੀਆਂ ਹਨ। ਇਸ ਤੋਂ ਪਹਿਲਾਂ ਚੰਡੀਗੜ੍ਹ ਅਤੇ ਜਲੰਧਰ ਵਿੱਚ ਵੱਖ-ਵੱਖ ਥਾਵਾਂ 'ਤੇ ਬੰਬ ਧਮਾਕੇ ਕਰਨ ਦਾ ਦਾਅਵਾ ਕੀਤਾ ਗਿਆ ਸੀ। ਇਸ ਦੇ ਨਾਲ ਹੀ ਭਾਰਤੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ ਗਈ ਸੀ। ਇਨ੍ਹਾਂ ਧਮਕੀਆਂ ਤੋਂ ਬਾਅਦ ਸੁਰੱਖਿਆ ਏਜੰਸੀਆਂ ਅਤੇ ਪੁਲੀਸ ਹਾਈ ਅਲਰਟ 'ਤੇ ਹਨ। ਮੁਹਾਲੀ ਅਤੇ ਚੰਡੀਗੜ੍ਹ ਦੇ ਕਈ ਸਕੂਲਾਂ ਨੂੰ ਭੇਜੀ ਗਈ ਇਸ ਈ-ਮੇਲ ਵਿੱਚ ਲਿਖਿਆ ਗਿਆ ਸੀ ਕਿ 17 ਜੁਲਾਈ ਨੂੰ ਸਥਾਨਕ ਸਕੂਲਾਂ, ਮੁਹਾਲੀ ਮੇਅਰ ਦੇ ਦਫ਼ਤਰ ਅਤੇ ਜਲੰਧਰ-ਚੰਡੀਗੜ੍ਹ ਰੇਲਵੇ ਸਟੇਸ਼ਨਾਂ 'ਤੇ ਆਈ.ਈ.ਡੀ. (954) ਧਮਾਕੇ ਕੀਤੇ ਜਾਣਗੇ। ਮੇਲ ਭੇਜਣ ਵਾਲੇ ਨੇ ਧਮਕੀ ਦਿੱਤੀ ਹੈ ਕਿ 17 ਜੁਲਾਈ ਨੂੰ ਦੁਪਹਿਰ 1:11 ਵਜੇ ਸਕੂਲਾਂ ਵਿੱਚ ਅਤੇ ਦੁਪਹਿਰ 3:11 ਵਜੇ ਮੁਹਾਲੀ ਮੇਅਰ ਦੇ ਦਫ਼ਤਰ ਨੂੰ ਬੰਬ ਨਾਲ ਉਡਾਇਆ ਜਾਵੇਗਾ। ਹੈਰਾਨੀ ਦੀ ਗੱਲ ਇਹ ਹੈ ਕਿ ਪਹਿਲਾਂ ਵੀ ਈਮੇਲ ਕਥਿਤ ਤੌਰ 'ਤੇ 'ਖ਼ਾਲਿਸਤਾਨ ਨੈਸ਼ਨਲ ਆਰਮੀ' (ਇੰਜੀ. ਗੁਰਨਾਖ ਸਿੰਘ, ਰੁਕਨ ਸ਼ਾਹਵਾਲਾ, ਡਾ. ਗੁਰਨਿਰਵਾਰ ਸਿੰਘ ਅਤੇ ਖ਼ਾਨ ਰਾਜਾਦਾ) ਵੱਲੋਂ ਭੇਜੀ ਗਈ ਸੀ।

## ਪੰਜਾਬ ਸਰਕਾਰ ਵੱਲੋਂ ਗਊ ਸੈੱਸ ਲੈਣ ਤੋਂ ਬਾਅਦ ਵੀ ਹੋ ਰਹੀ ਹੈ ਗਊ ਮਾਤਾ ਦੀ ਦੁਰਦਸ਼ਾ :ਗੁਰਵਿੰਦਰ ਕਾਂਸਲ

**ਪਟਿਆਲਾ, 16 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਾਕੇਸ਼ ਠਾਕੁਰ) ਪੰਜਾਬ ਸਰਕਾਰ ਵੱਲੋਂ ਪੰਜਾਬ ਦੀ ਜਨਤਾ ਤੋਂ ਵੱਖ - ਵੱਖ ਸਕੀਮਾਂ ਰਾਹੀਂ ਅਨੇਕਾਂ ਪ੍ਰਕਾਰ ਦੇ ਟੈਕਸ ਵਸੂਲੇ ਜਾ ਰਹੇ ਹਨ। ਇਸੇ ਤਰ੍ਹਾਂ ਗਊ ਸੈਸ ਦੇ ਨਾਮ ਤੇ ਵੀ ਪੰਜਾਬ ਦੀ ਜਨਤਾ ਤੋਂ ਗਊ ਮਾਤਾ ਦੀ ਰੱਖਿਆ, ਰਹਿਣ ਸਹਿਣ, ਪਾਲਣ ਪੋਸ਼ਣ ਅਤੇ ਭੋਜਨ ਲਈ ਟੈਕਸ ਵਸੂਲਿਆ ਜਾ ਰਿਹਾ ਹੈ। ਪਰ ਅਸਲੀਅਤ ਕੁਝ ਹੋਰ ਹੀ ਬਿਆਨ ਕਰ ਰਹੀ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਭਾਜਪਾ ਦੇ ਸੀਨੀ. ਆਗੂ ਡਾ. ਗੁਰਵਿੰਦਰ ਕਾਂਸਲ ਨੇ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗਊ ਸੈਸ ਦੇ ਨਾਮ ਤੇ ਪੰਜਾਬ ਦੇ ਲੋਕਾਂ ਤੋਂ ਟੈਕਸ ਵਸੂਲਣ ਤੋਂ ਬਾਅਦ ਵੀ ਗਊ ਮਤਾ ਦੀ ਦੁਰਦਸ਼ਾ ਹੋ ਰਹੀ ਹੈ। ਅੱਜ ਵੀ ਪੰਜਾਬ ਦੀਆਂ ਸੜਕਾਂ ਅਤੇ ਬਾਜ਼ਾਰਾਂ ਵਿੱਚ ਅਵਾਰਾ ਗਊਆਂ ਘੁੰਮ ਰਹੀਆਂ ਹਨ। ਜਿਨਾਂ ਦੇ ਰਹਿਣ ਅਤੇ ਭੋਜਨ ਵੱਲ ਸਰਕਾਰ ਦਾ ਕੋਈ ਵੀ ਧਿਆਨ ਨਹੀਂ ਹੈ। ਇਹਨਾਂ ਅਵਾਰਾ ਗਊ ਵੰਸ਼ ਕਰਕੇ ਅਨੇਕਾ ਪ੍ਰਕਾਰ ਦੇ ਹੀ ਸੜਕ ਹਾਦਸੇ



ਵੀ ਰੋਜ਼ਾਨਾ ਪੰਜਾਬ ਦੀਆਂ ਸੜਕਾਂ ਤੇ ਵਾਪਰਦੇ ਹਨ। ਜਿਸ ਨਾਲ ਲੋਕਾਂ ਦੀ ਜਾਨ ਅਤੇ ਮਾਲ ਦਾ ਭਾਰੀ ਨੁਕਸਾਨ ਹੁੰਦਾ ਹੈ। ਉਹਨਾਂ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਅਪੀਲ ਕੀਤੀ ਕਿ ਇਸ ਖਾਸ ਸਮੱਸਿਆ ਵੱਲ ਵੀ ਧਿਆਨ ਦਿੱਤਾ ਜਾਵੇ ਅਤੇ ਸੜਕਾਂ ਤੇ ਹੋ ਰਹੀ ਗਊ ਮਾਤਾ ਦੀ ਦੂਰ ਦਸ਼ਾ ਨੂੰ ਹਰ ਹਾਲਤ ਵਿੱਚ ਰੋਕਿਆ ਜਾਵੇ। ਜਿਸ ਨਾਲ ਇਹਨਾਂ ਬੇਜੁਬਾਨ ਜੀਵਾਂ ਨੂੰ ਰਹਿਣ ਦਾ ਆਸਰਾ ਅਤੇ ਭੋਜਨ ਦੀ ਕਿਸੇ ਪ੍ਰਕਾਰ ਦੀ ਕੋਈ ਵੀ ਕਮੀ ਨਾ ਹੋਵੇ।

## ਰਾਸ਼ਟਰੀ ਮਹਿਲਾ ਆਯੋਗ ਵੱਲੋਂ ਬਠਿੰਡਾ ਵਿੱਚ ਜਨ ਸੁਣਵਾਈ ਦਾ ਆਯੋਜਨ

**ਬਠਿੰਡਾ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਾਸ਼ਟਰੀ ਮਹਿਲਾ ਆਯੋਗ (ਐਨ.ਸੀ.ਡਬਲਿਊ.) ਦੀ ਮਾਣਯੋਗ ਚੇਅਰਪਰਸਨ ਸ੍ਰੀਮਤੀ ਵਿਜਯਾ ਰਹਾਟਕਰ ਨੇ ਅੱਜ 'ਰਾਸ਼ਟਰੀ ਮਹਿਲਾ ਆਯੋਗ ਤੁਹਾਡੇ ਦੁਆਰ' ਮੁਹਿੰਮ ਤਹਿਤ ਬਠਿੰਡਾ ਵਿੱਚ ਜਨ ਸੁਣਵਾਈ ਕੀਤੀ। ਸ੍ਰੀਮਤੀ ਰਹਾਟਕਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮਹਿਲਾਵਾਂ ਨੂੰ ਇਨਸਾਫ਼ ਸਰਲ, ਸੰਵੇਦਨਸ਼ੀਲ ਅਤੇ ਸਮੇਂ ਸਿਰ ਮੁਹੱਈਆ ਕਰਵਾਇਆ ਜਾਵੇ। ਜਨ ਸੁਣਵਾਈ ਦੌਰਾਨ ਘਰੇਲੂ ਹਿੰਸਾ, ਦਾਜ ਲਈ ਪਰੇਸ਼ਾਨ ਕਰਨ, ਜਿਨਸੀ ਅਪਰਾਧਾਂ ਅਤੇ ਮਹਿਲਾਵਾਂ ਨਾਲ ਸਬੰਧਤ ਹੋਰ ਮਾਮਲਿਆਂ ਦੀ ਸੁਣਵਾਈ ਕੀਤੀ ਗਈ।

ਕਈ ਮਾਮਲਿਆਂ ਵਿੱਚ ਉਨ੍ਹਾਂ ਨੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ, ਐੱਸ.ਐੱਸ.ਪੀ. ਬਠਿੰਡਾ ਡਾ. ਜਯੋਤੀ ਯਾਦਵ ਬੈਂਸ ਅਤੇ ਐੱਸ.ਐੱਸ.ਪੀ. ਮਾਨਸਾ ਸ੍ਰੀ ਭਾਗੀਰਥ ਸਿੰਘ ਮੀਨਾ ਹਾਜ਼ਰ ਸਨ। ਮੀਡੀਆ ਨਾਲ ਗੱਲਬਾਤ ਕਰਦਿਆਂ ਸ੍ਰੀਮਤੀ ਰਹਾਟਕਰ ਨੇ ਕਿਹਾ ਕਿ ਮਹਿਲਾਵਾਂ ਪ੍ਰਤੀ ਅਪਮਾਨਜਨਕ ਭਾਸ਼ਾ, ਚਰਿੱਤਰ



ਹਣਨ ਅਤੇ ਅਸੰਵੇਦਨਸ਼ੀਲ ਵਿਵਹਾਰ ਕਿਸੇ ਵੀ ਸਥਿਤੀ ਵਿੱਚ ਮਨਜ਼ੂਰ ਨਹੀਂ ਹੈ। ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਮਹਿਲਾਵਾਂ ਨਾਲ ਸਬੰਧਤ ਮਾਮਲਿਆਂ ਦੇ ਨਿਪਟਾਰੇ ਵਿੱਚ ਸੰਵੇਦਨਸ਼ੀਲ ਅਤੇ ਜਵਾਬਦੇਹ ਪਹੁੰਚ ਅਪਣਾਉਣ ਦੀ ਅਪੀਲ ਕੀਤੀ।

ਇਸ ਤੋਂ ਪਹਿਲਾਂ ਸਵੇਰੇ ਉਨ੍ਹਾਂ ਬਠਿੰਡਾ ਕੇਂਦਰੀ ਜੇਲ੍ਹ ਦਾ ਦੌਰਾ ਕਰਕੇ ਮਹਿਲਾ ਕੈਦੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਸਰਕਾਰੀ ਰਾਜਿੰਦਰਾ ਕਾਲਜ ਵਿੱਚ ਕਰਵਾਏ ਗਏ 'ਸ਼ੀ ਸਰਵਜ਼' ਵਿਸ਼ੇਸ ਸੈਮੀਨਾਰ ਨੂੰ ਵੀ ਸੰਬੋਧਨ ਕੀਤਾ, ਜਿਸ ਵਿੱਚ ਮਹਿਲਾਵਾਂ ਲਈ ਹਥਿਆਰਬੰਦ ਬਲਾਂ ਵਿੱਚ ਕਰੀਅਰ ਦੀਆਂ ਸੰਭਾਵਨਾਵਾਂ 'ਤੇ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਉਨ੍ਹਾਂ ਨੇ ਡੀ.ਏ.ਵੀ. ਕਾਲਜ ਵਿੱਚ ਕਰਵਾਏ ਗਏ ਪ੍ਰੋਗਰਾਮ ਨੂੰ ਵੀ ਸੰਬੋਧਨ ਕੀਤਾ, ਜਿੱਥੇ ਉਨ੍ਹਾਂ ਨੇ ਨਸ਼ੇ ਅਤੇ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਦੀ ਸਮੱਸਿਆ ਅਤੇ ਇਸ ਦਾ ਮਹਿਲਾਵਾਂ 'ਤੇ ਪੈਣ ਵਾਲੇ ਪ੍ਰਭਾਵ ਬਾਰੇ ਵਿਸਥਾਰ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਜਨ ਸੁਣਵਾਈ ਤੋਂ ਬਾਅਦ ਉਨ੍ਹਾਂ ਨੇ ਬਠਿੰਡਾ ਰੇਂਜ ਦੇ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਮਹਿਲਾਵਾਂ ਨਾਲ ਸਬੰਧਤ ਮਾਮਲਿਆਂ ਦੇ ਤੁਰੰਤ ਨਿਪਟਾਰੇ, ਪੁਲਿਸ ਅਤੇ ਸਿਵਲ ਪ੍ਰਸ਼ਾਸਨ ਦਰਮਿਆਨ ਤਾਲਮੇਲ ਅਤੇ ਸ਼ਿਕਾਇਤਾਂ ਦੀ ਨਿਯਮਤ ਸਮੀਖਿਆ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਸ੍ਰੀਮਤੀ ਰਹਾਟਕਰ ਨੇ ਆਯੋਗ ਦੀ 'ਤੇਰੇ ਮੇਰੇ ਸਪਨੇ' ਪਹਿਲ ਨੂੰ ਜ਼ਿਲ੍ਹਾ ਪੱਧਰ 'ਤੇ ਲਾਗੂ ਕਰਨ ਦਾ ਸੁਝਾਅ ਵੀ ਦਿੱਤਾ ਅਤੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੀ ਅਪੀਲ ਕੀਤੀ ਕਿ ਮਹਿਲਾਵਾਂ ਦੇ ਭਲਾਈ ਅਤੇ ਸਸ਼ਕਤੀਕਰਨ ਨਾਲ ਸਬੰਧਤ ਯੋਜਨਾਵਾਂ ਦਾ ਲਾਭ ਆਖ਼ਰੀ ਵਿਅਕਤੀ ਤੱਕ ਪਹੁੰਚੇ। ਉਨ੍ਹਾਂ ਨੇ ਨਸ਼ੇ ਅਤੇ ਸਾਈਬਰ ਅਪਰਾਧਾਂ ਤੋਂ ਪ੍ਰਭਾਵਿਤ ਮਹਿਲਾਵਾਂ ਪ੍ਰਤੀ ਚਿੰਤਾ ਪ੍ਰਗਟ ਕਰਦਿਆਂ ਇਨ੍ਹਾਂ ਮੁੱਦਿਆਂ ਦੇ ਹੱਲ ਲਈ ਆਯੋਗ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਆਪਣੇ ਵੱਖ-ਵੱਖ ਪ੍ਰੋਗਰਾਮਾਂ ਅਤੇ ਸੰਵਾਦਾਂ ਰਾਹੀਂ ਉਨ੍ਹਾਂ ਨੇ ਮਹਿਲਾਵਾਂ ਦੀ ਸੁਰੱਖਿਆ, ਸਸ਼ਕਤੀਕਰਨ, ਸੰਸਥਾਗਤ ਜਵਾਬਦੇਹੀ ਅਤੇ ਸੰਵੇਦਨਸ਼ੀਲ ਪ੍ਰਸ਼ਾਸਨ ਦੀ ਲੋੜ 'ਤੇ ਵਿਸ਼ੇਸ਼ ਜ਼ੋਰ ਦਿੱਤਾ।

# ਈ-20 ਪੈਟਰੋਲ ਕਾਰਨ ਦੇਸ਼ ਭਰ ਦੇ ਲੋਕਾਂ ਨੂੰ ਆਪਣੇ ਵਾਹਨਾਂ ਵਿੱਚ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ: ਭਗਵੰਤ ਸਿੰਘ ਮਾਨ

**ਚੰਡੀਗੜ੍ਹ 16 ਜੁਲਾਈ**
**-ਛਤਰਪਾਲ ਸਿੰਘ-**

ਈ-20 ਪੈਟਰੋਲ ਕਾਰਨ ਪੈਦਾ ਹੋ ਰਹੀਆਂ ਸਮੱਸਿਆਵਾਂ ਖ਼ਿਲਾਫ਼ ਆਵਾਜ਼ ਬੁਲੰਦ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀਰਵਾਰ ਨੂੰ ਲੋਕਾਂ ਨੂੰ ਇੱਕਜੁੱਟ ਹੋਣ ਅਤੇ ਈ-20 ਪੈਟਰੋਲ ਦੀ ਸਪਲਾਈ ਰਾਹੀਂ ਖਪਤਕਾਰਾਂ ਨਾਲ ਹੋ ਰਹੀ ਬੇਇਨਸਾਫ਼ੀ ਖ਼ਿਲਾਫ਼ ਲੜਨ ਦਾ ਸੱਦਾ ਦਿੱਤਾ। ਆਮ ਆਦਮੀ ਪਾਰਟੀ (ਆਪ) ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਸ਼ੁਰੂ ਕੀਤੀ ਮੁਹਿੰਮ ਦਾ ਸਮਰਥਨ ਕਰਨ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਦੇਸ਼ ਭਰ ਦੇ ਨਾਗਰਿਕਾਂ ਨੂੰ stopEB@petrol.com 'ਤੇ ਆਨਲਾਈਨ ਪਟੀਸ਼ਨ 'ਤੇ ਦਸਤਖ਼ਤ ਕਰਨ ਦੀ ਅਪੀਲ ਕੀਤੀ ਤਾਂ ਜੋ ਇਸ ਮੁੱਦੇ ਤੋਂ ਪ੍ਰਭਾਵਿਤ ਲੋਕਾਂ ਦੀਆਂ ਚਿੰਤਾਵਾਂ ਪ੍ਰਧਾਨ ਮੰਤਰੀ ਤੱਕ ਪਹੁੰਚ ਸਕਣ।

ਇੱਕ ਵੀਡੀਓ ਸੰਦੇਸ਼ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹਰ ਨਾਗਰਿਕ ਨੂੰ ਪਟੀਸ਼ਨ 'ਤੇ ਦਸਤਖ਼ਤ ਕਰਕੇ ਆਪਣੀ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ ਤਾਂ ਜੋ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ, ਜਿਸ ਨੇ ਜਾਣਬੁੱਝ ਕੇ ਇਸ ਗੰਭੀਰ ਮੁੱਦੇ ਤੋਂ ਅੱਖਾਂ ਮੀਚ ਲਈਆਂ ਹਨ, ਨੂੰ ਸੁਧਾਰਾਤਮਕ ਕਦਮ ਚੁੱਕਣ ਲਈ ਮਜਬੂਰ ਕੀਤਾ ਜਾ ਸਕੇ।



ਮੁੱਖ ਮੰਤਰੀ ਨੇ ਕਿਹਾ, ਮੋਟਰਸਾਈਕਲਾਂ ਤੋਂ ਲੈ ਕੇ ਦੂਜੇ ਵਾਹਨਾਂ ਤੱਕ, ਦੇਸ਼ ਭਰ ਦੇ ਲੋਕਾਂ ਨੂੰ ਈ-20 ਪੈਟਰੋਲ ਕਾਰਨ ਆਪਣੇ ਵਾਹਨਾਂ ਵਿੱਚ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸ਼ੋਸ਼ਣ ਖ਼ਿਲਾਫ਼ ਅਰਵਿੰਦ ਕੇਜਰੀਵਾਲ ਜੀ ਨੇ ਪ੍ਰਧਾਨ ਮੰਤਰੀ ਨੂੰ ਦੋ ਠੋਸ ਮੰਗਾਂ ਨੂੰ ਲੈ ਕੇ ਪੱਤਰ ਲਿਖਿਆ ਹੈ। ਪਹਿਲੀ, ਲੋਕਾਂ ਨੂੰ ਸ਼ੁੱਧ ਪੈਟਰੋਲ ਅਤੇ ਈ-20 ਪੈਟਰੋਲ ਵਿੱਚੋਂ ਚੋਣ ਕਰਨ ਦੀ ਆਜ਼ਾਦੀ ਹੋਣੀ ਚਾਹੀਦੀ ਹੈ। ਦੂਜੀ, ਈ-20 ਪੈਟਰੋਲ ਦੀ ਕੀਮਤ ਤੁਰੰਤ ਘਟਾਈ ਜਾਣੀ ਚਾਹੀਦੀ ਹੈ। ਲੋਕਾਂ ਦੀ ਆਵਾਜ਼ ਕੇਂਦਰ ਤੱਕ ਪਹੁੰਚਾਉਣ ਲਈ ਹਰ ਇੱਕ ਦਸਤਖ਼ਤ ਮਹੱਤਵਪੂਰਨ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਈ-20 ਪੈਟਰੋਲ ਦੇਸ਼ ਭਰ ਵਿੱਚ ਵਾਹਨਾਂ ਨੂੰ ਭਾਰੀ ਨੁਕਸਾਨ ਪਹੁੰਚਾ ਰਿਹਾ ਹੈ। ਵਾਹਨਾਂ ਦੀ ਮਾਈਲੇਜ ਘਟ ਗਈ ਹੈ ਅਤੇ ਲੋਕ ਕੇਂਦਰ ਸਰਕਾਰ ਦੇ ਸਾਹਮਣੇ ਇਸ ਮੁੱਦੇ ਨੂੰ ਲਗਾਤਾਰ ਉਠਾ ਰਹੇ ਹਨ। ਬਦਕਿਸਮਤੀ ਨਾਲ, ਜਨਤਾ ਦੀ ਵਧਦੀ ਚਿੰਤਾ ਦੇ ਬਾਵਜੂਦ, ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਇਸ ਦਾ ਨੋਟਿਸ ਲੈਣ ਵਿੱਚ ਅਸਫਲ ਰਹੀ ਹੈ। ਇਸ ਦੀ ਬਜਾਏ, ਵਾਹਨ ਮਾਲਕਾਂ ਵਿੱਚ ਚਿੰਤਾ ਵਧ ਰਹੀ ਹੈ ਕਿਉਂਕਿ ਲੋਕਾਂ ਨੂੰ ਡਰ ਹੈ ਕਿ ਉਨ੍ਹਾਂ ਦੀ ਮਿਹਨਤ ਦੀ ਕਮਾਈ ਨਾਲ ਖਰੀਦੇ ਵਾਹਨਾਂ ਦੇ ਇੰਜਣਾਂ ਨੂੰ ਗੰਭੀਰ ਨੁਕਸਾਨ ਪਹੁੰਚ ਸਕਦਾ ਹੈ। ਉਨ੍ਹਾਂ ਜ਼ਿਕਰ ਕੀਤਾ, ਅਰਵਿੰਦ ਕੇਜਰੀਵਾਲ ਖ਼ੁਦ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਲਈ ਮੈਦਾਨ ਵਿੱਚ ਉਤਰੇ। ਇੱਕ ਵਾਹਨ ਰਿਪੇਅਰ ਗੈਰੇਜ ਦੇ ਦੌਰੇ ਦੌਰਾਨ ਉਨ੍ਹਾਂ ਨੇ ਖਰਾਬ ਹੋਏ ਵਾਹਨਾਂ ਦੀਆਂ ਲੰਬੀਆਂ ਕਤਾਰਾਂ ਅਤੇ ਜਨਤਾ ਵਿੱਚ ਭਾਰੀ ਰੋਸ ਦੇਖਿਆ। ਇਸ ਤੋਂ ਬਾਅਦ ਅਰਵਿੰਦ ਕੇਜਰੀਵਾਲ ਨੇ ਤੁਰੰਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਬਿਨਾਂ ਕਿਸੇ ਦੇਰੀ ਦੇ ਦਖਲ ਦੇਣ ਦੀ ਅਪੀਲ ਕੀਤੀ। ਕੀ ਕੇਂਦਰ ਸਰਕਾਰ ਉਦੋਂ ਹੀ ਜਾਗੇਗੀ ਜਦੋਂ ਵਾਹਨਾਂ ਦੇ ਨੁਕਸਾਨ ਦਾ ਪੱਧਰ ਪ੍ਰਧਾਨ ਮੰਤਰੀ ਦੇ ਨੋਟਿਸ ਵਿੱਚ ਆਵੇਗਾ?

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਖਪਤਕਾਰਾਂ ਨੂੰ ਇਹ ਚੋਣ ਕਰਨ ਦਾ ਬਦਲ ਦਿੱਤਾ ਜਾਣਾ ਚਾਹੀਦਾ ਹੈ ਕਿ ਉਹ ਕਿਸ ਕਿਸਮ ਦਾ ਪੈਟਰੋਲ ਖਰੀਦਣਾ ਚਾਹੁੰਦੇ ਹਨ। ਦੋਵਾਂ ਨੂੰ ਇੱਕੋ ਕੀਮਤ 'ਤੇ ਵੇਚਣ ਦੀ ਬਜਾਏ ਈ-20 ਪੈਟਰੋਲ ਦੀ ਕੀਮਤ ਸ਼ੁੱਧ ਪੈਟਰੋਲ ਨਾਲੋਂ ਘੱਟ ਹੋਣੀ ਚਾਹੀਦੀ ਹੈ। ਇੱਕੋ ਕੀਮਤ ਵਸੂਲਣ ਨਾਲ ਵੱਡੀਆਂ ਤੇਲ ਕੰਪਨੀਆਂ ਨੂੰ ਫਾਇਦਾ ਹੁੰਦਾ ਹੈ ਜਦੋਂ ਕਿ ਆਮ ਖਪਤਕਾਰਾਂ 'ਤੇ ਬੇਲੋੜਾ ਵਿੱਤੀ ਬੋਝ ਪੈਂਦਾ ਹੈ। ਮੁੱਖ ਮੰਤਰੀ ਨੇ ਕਿਹਾ, ਅਰਵਿੰਦ ਕੇਜਰੀਵਾਲ ਵੱਲੋਂ ਸ਼ੁਰੂ ਕੀਤੀ ਗਈ ਆਨਲਾਈਨ ਪਟੀਸ਼ਨ ਦੇਸ਼ ਦੇ ਹਰ ਨਾਗਰਿਕ ਦੀ ਲੜਾਈ ਹੈ। ਹਰ ਕਿਸੇ ਨੂੰ ਇਸ ਮੁੱਦੇ ਖ਼ਿਲਾਫ਼ ਆਵਾਜ਼ ਉਠਾਉਣੀ ਚਾਹੀਦੀ ਹੈ ਕਿਉਂਕਿ ਇਹ ਸਿੱਧੇ ਤੌਰ 'ਤੇ ਵਿਅਕਤੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਪ੍ਰਭਾਵਿਤ ਕਰਦਾ ਹੈ। ਮੈਂ ਲੋਕਾਂ ਨੂੰ ਆਨਲਾਈਨ ਪਟੀਸ਼ਨ 'ਤੇ ਦਸਤਖ਼ਤ ਕਰਨ ਦੀ ਅਪੀਲ ਕਰਦਾ ਹਾਂ। ਇੱਕਜੁੱਟ ਹੋ ਕੇ ਕੀਤਾ ਸੰਘਰਸ਼ ਕੇਂਦਰ ਸਰਕਾਰ ਨੂੰ ਜਗਾ ਸਕਦਾ ਹੈ ਅਤੇ ਇਸ ਮੁੱਦੇ ਦਾ ਹੱਲ ਕਰਨ ਲਈ ਮਜਬੂਰ ਕਰ ਸਕਦਾ ਹੈ। ਕੇਂਦਰ ਸਰਕਾਰ ਨੂੰ ਆਪਣਾ ਫੈਸਲਾ ਵਾਪਸ ਲੈਣ ਲਈ ਮਜਬੂਰ ਕਰਨਾ ਸਮੇਂ ਦੀ ਮੁੱਖ ਲੋੜ ਹੈ।

## ਯੂ.ਪੀ. ਤੋਂ ਮਾਛੀਵਾੜਾ ਪਰਤ ਰਹੇ ਆੜ੍ਹਤੀ ਪਰਿਵਾਰ ਨਾਲ ਵਾਪਰਿਆ ਵੱਡਾ ਹਾਦਸਾ

### 3 ਦੀ ਮੌਕੇ 'ਤੇ ਹੀ ਮੌਤ, 2 ਗੰਭੀਰ ਜ਼ਖ਼ਮੀ



**ਮਾਛੀਵਾੜਾ ਸਾਹਿਬ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਅਨਾਜ ਮੰਡੀ ਅਤੇ ਇਲਾਕੇ ਦੇ ਲੋਕਾਂ ਨੂੰ ਉਸ ਸਮੇਂ ਦੁਖਦਈ ਖ਼ਬਰ ਮਿਲੀ ਜਦੋਂ ਯੂ.ਪੀ. ਤੋਂ ਪਰਤ ਰਹੇ ਇੱਥੋਂ ਦੇ ਇੱਕ ਪਰਿਵਾਰ ਨਾਲ ਵੱਡਾ ਸੜਕ ਹਾਦਸਾ ਵਾਪਰ ਗਿਆ ਜਿਸ ਵਿਚ 3 ਵਿਅਕਤੀਆਂ ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਹਿਚਾਣ ਮਾਛੀਵਾੜਾ ਦੇ ਆੜ੍ਹਤੀ ਤੇ ਸ਼ੈਲਰ ਮਾਲਕ ਸੰਤੋਖ ਸਿੰਘ ਬਾਜਵਾ (65) ਵਾਸੀ ਪਿੰਡ ਇਰਾਕ, ਹਰਜੀਤ ਸਿੰਘ (60) ਵਾਸੀ ਹਾਦੀਵਾਲ ਅਤੇ ਭੁਪਿੰਦਰ ਕੌਰ ਦੀ ਮੌਤ ਹੋ ਗਈ ਜਦਕਿ ਹਾਦਸੇ ਵਿਚ ਆੜ੍ਹਤੀ ਮੁਕੰਦ ਸਿੰਘ ਬੈਨੀਪਾਲ ਅਤੇ ਲਾਡੀ ਸਿੰਘ ਜ਼ਖ਼ਮੀ ਹੋ ਗਏ। ਪ੍ਰਾਪਤ ਜਾਣਕਾਰੀ ਅਨੁਸਾਰ ਮੁਕੰਦ ਸਿੰਘ ਬੈਨੀਪਾਲ ਲਖੀਮਪੁਰ ਖੇਰੀ (ਯੂ.ਪੀ.) ਵਿਖੇ ਖੇਤੀਬਾੜੀ ਕਰਦੇ ਹਨ ਜਿਨ੍ਹਾਂ ਦ ਕਾਰੋਬਾਰ ਮਾਛੀਵਾੜਾ ਵਿਖੇ ਵੀ ਹੈ। ਆੜ੍ਹਤੀ ਸੰਤੋਖ ਸਿੰਘ ਬਾਜਵਾ ਅਤੇ ਹਰਜੀਤ ਸਿੰਘ ਹਾਦੀਵਾਲ ਵੀ ਇਨ੍ਹਾਂ ਦੇ ਰਿਸ਼ਤੇਦਾਰ ਹਨ ਜੋ ਕਿ ਯੂ.ਪੀ. ਵਿਖੇ ਇਨ੍ਹਾਂ ਨੂੰ ਮਿਲਣ ਲਈ ਗਏ ਸਨ। ਅੱਜ ਜਦੋਂ ਮੁਕੰਦ ਸਿੰਘ ਬੈਨੀਪਾਲ ਆਪਣੀ ਸਮੇਤ ਇਨ੍ਹਾਂ ਸਾਰਿਆਂ ਨੂੰ ਨਾਲ ਲੈ ਕੇ ਸਕਾਰਪਿਓ ਗੱਡੀ ਰਾਹੀਂ ਯੂ.ਪੀ. ਤੋਂ ਮਾਛੀਵਾੜਾ ਆ ਰਹੇ ਸਨ ਤਾਂ ਰਸਤੇ ਵਿਚ ਸਵੇਰੇ 7.30 ਵਜੇ ਬਰੇਲੀ ਸ਼ਹਿਰ ਨੇੜ੍ਹੇ ਨਿਰਮਾਣ ਅਧੀਨ ਹਾਈਵੇ ਤੋਂ ਲੰਘਦਿਆਂ ਕੈਂਟਰ ਨਾਲ ਸਿੱਧੀ ਟੱਕਰ ਹੋ ਗਈ। ਇਹ ਸੜਕ ਹਾਦਸਾ ਐਨਾ ਭਿਆਨਕ ਸੀ ਕਿ ਆੜ੍ਹਤੀ ਸੰਤੋਖ ਸਿੰਘ, ਭੁਪਿੰਦਰ ਕੌਰ ਅਤੇ ਹਰਜੀਤ ਸਿੰਘ ਦੀ ਮੌਤ ਹੋ ਗਈ ਜਦਕਿ ਮੁਕੰਦ ਸਿੰਘ ਤੇ ਉਨ੍ਹਾਂ ਦਾ ਭਾਣਜਾ ਲਾਡੀ ਸਿੰਘ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਤੁਰੰਤ ਨੇੜ੍ਹਲੇ ਹਸਪਤਾਲ ਲਿਆਂਦਾ ਗਿਆ ਜਿੱਥੇ ਉਨ੍ਹਾਂ ਦਾ ਇਲਾਜ ਸ਼ੁਰੂ ਕਰ ਦਿੱਤਾ ਹੈ। ਬਰੇਲੀ ਦੇ ਨਵਾਬਗੰਜ ਥਾਣਾ ਦੀ ਪੁਲਸ ਵਲੋਂ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਕਬਜੇ ਵਿਚ ਲੈ ਕੇ ਪੋਸਟ ਮਾਰਟਮ ਲਈ ਭੇਜ ਦਿੱਤਾ ਗਿਆ ਹੈ। ਮ੍ਰਿਤਕ ਤਿੰਨੋ ਹੀ ਆਪਸ ਵਿਚ ਰਿਸ਼ਤੇਦਾਰ ਹਨ ਅਤੇ ਜਦੋਂ ਉਨ੍ਹਾਂ ਦੀ ਮੌਤ ਦੀ ਸੂਚਨਾ ਘਰ ਵਿਚ ਪਹੁੰਚੀ ਤਾਂ ਮਾਹੌਲ ਬਹੁਤ ਹੀ ਗ਼ਮਗੀਨ ਹੋ ਗਿਆ। ਲਾਸ਼ਾਂ ਦਾ ਪੋਸਟ ਮਾਰਟਮ ਕਰਵਾਉਣ ਉਪਰੰਤ ਮ੍ਰਿਤਕ ਦੇਹਾਂ ਮਾਛੀਵਾੜਾ ਵਿਖੇ ਲਿਆਂਦੀਆਂ ਜਾਣਗੀਆਂ ਜਿੱਥੇ ਅੰਤਿਮ ਸਸਕਾਰ ਕੀਤਾ ਜਾਵੇਗਾ।

## 12ਵੀਂ ਯੂਕੇ ਗੱਤਕਾ ਚੈਂਪੀਅਨਸ਼ਿਪ 'ਚੋਂ ਬਾਬਾ ਫਤਹਿ ਸਿੰਘ ਅਖਾੜਾ ਵੂਲਿਚ ਦਾ ਜੋਰਾ ਸਿੰਘ ਰਿਹਾ ਜੇਤੂ

# ਐਮਪੀ ਤਨਮਨਜੀਤ ਸਿੰਘ ਢੇਸੀ ਵੱਲੋਂ ਸਿੰਘ ਸਭਾ ਲੰਡਨ ਈਸਟ ਗੁਰਦੁਆਰਾ ਤੇ ਖੇਡ ਕਲੱਬ ਦੇ ਸਹਿਯੋਗ ਨਾਲ ਕਰਵਾਏ ਸਲਾਨਾ ਗੱਤਕਾ ਮੁਕਾਬਲੇ

**ਲੰਡਨ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਿੰਘ ਸਭਾ ਲੰਡਨ ਈਸਟ ਗੁਰਦੁਆਰਾ ਅਤੇ ਖੇਡ ਕਲੱਬ ਦੇ ਸਹਿਯੋਗ ਨਾਲ ਯੂਕੇ ਦੇ ਸੰਸਦ ਮੈਂਬਰ ਤਨਮਨਜੀਤ ਸਿੰਘ ਢੇਸੀ ਦੇ ਯਤਨਾਂ ਸਦਕਾ 12ਵੀਂ ਯੂਕੇ ਗੱਤਕਾ ਚੈਂਪੀਅਨਸ਼ਿਪ ਕਰਵਾਈ ਗਈ। ਇਲਫੋਰਡ ਵਿਖੇ ਆਯੋਜਿਤ ਇਸ ਚੈਂਪੀਅਨਸ਼ਿਪ ਦੌਰਾਨ ਵਾਰਿੰਗਟਨ, ਕਵੈਂਟਰੀ, ਡਰਬੀ, ਲੇਟਨ, ਗੁੱਡਮੇਅਜ਼, ਗ੍ਰੇਵਜ਼ੈਂਡ, ਵੂਲਿਚ ਅਤੇ ਬੋਅ ਸ਼ਹਿਰਾਂ ਤੋਂ ਪਹੁੰਚੇ 9 ਗੱਤਕਾ ਅਖਾੜਿਆਂ ਦੇ ਸਿੱਖ ਨੌਜਵਾਨਾਂ ਅਤੇ ਬੀਬੀਆਂ ਨੇ ਖਾਲਸਾਈ ਪ੍ਰੰਪਰਾਵਾਂ ਮੁਤਾਬਿਕ ਜੌਹਰ ਵਿਖਾਏ। ਇੱਥੇ ਇਹ ਜਾਣਕਾਰੀ ਦਿੰਦਿਆਂ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਨੇ ਦੱਸਿਆ ਕਿ ਅਰਦਾਸ ਤੋਂ ਉਪਰੰਤ ਢੇਸੀ ਸਮੇਤ ਪ੍ਰਬੰਧਕਾਂ ਨੇ ਗੱਤਕਾ ਮੁਕਾਬਲਿਆਂ ਦੀ ਸ਼ੁਰੂਆਤ ਕਰਵਾਈ।

ਢੇਸੀ ਨੇ ਦੱਸਿਆ ਕਿ ਇਹਨਾਂ ਸਲਾਨਾ ਮੁਕਾਬਲਿਆਂ ਦੌਰਾਨ ਗੱਤਕਾ ਖੇਡ ਦੇ ਵੱਖ-ਵੱਖ ਉਮਰ ਦੇ ਬੱਚਿਆਂ, ਬੀਬੀਆਂ ਅਤੇ ਮਰਦਾਂ ਦੇ ਜੰਗਜੂ ਮੁਕਾਬਲੇ ਕਰਵਾਏ ਗਏ। ਇੰਨਾ ਵਿੱਚੋਂ 18 ਸਾਲ ਤੋਂ ਵੱਧ ਉਮਰ ਦੇ ਲੜਕਿਆਂ ਦੇ ਮੁਕਾਬਲਿਆਂ 'ਚੋਂ ਜੋਰਾ ਸਿੰਘ ਬਾਬਾ ਫਤਹਿ ਸਿੰਘ ਅਖਾੜਾ ਵੂਲਿਚ ਜੇਤੂ ਰਿਹਾ ਜਦਕਿ ਗੁਰਦੀਪ ਸਿੰਘ ਦਮਦਮੀ ਟਕਸਾਲ ਅਖਾੜਾ ਡਰਬੀ ਦੂਜੇ ਸਥਾਨ 'ਤੇ ਰਿਹਾ। ਬੀਬੀਆਂ 'ਚੋਂ ਦਮਦਮੀ ਟਕਸਾਲ ਅਖਾੜਾ ਡਰਬੀ ਦੀ ਕਮਲਪ੍ਰੀਤ ਕੌਰ ਪਹਿਲੇ ਅਤੇ ਕਰਮਜੀਤ ਕੌਰ ਦੂਜੇ ਸਥਾਨ 'ਤੇ ਰਹੀ। 18 ਤੋਂ ਸਾਲ ਦੇ ਲੜਕਿਆਂ ਦੇ ਮੁਕਾਬਲਿਆਂ ਵਿੱਚੋਂ ਦਮਦਮੀ ਟਕਸਾਲ ਦਾ ਹਰਸ਼ਦੀਪ ਸਿੰਘ ਪਹਿਲੇ ਅਤੇ ਜਸਕੀਰਤ ਸਿੰਘ ਦੂਜੇ ਸਥਾਨ ਤੇ ਜਦਕਿ ਇਸੇ ਉਮਰ ਵਰਗ ਵਿੱਚ ਲੜਕੀਆਂ 'ਚੋਂ ਗੁਰਸੁਖਮਨ ਕੌਰ ਅਕਾਲੀ ਫੂਲਾ ਸਿੰਘ ਅਖਾੜਾ ਪਹਿਲੇ ਅਤੇ ਹਰਲੀਨ ਕੌਰ ਦਮਦਮੀ ਟਕਸਾਲ ਅਖਾੜਾ ਦੂਜੇ ਸਥਾਨ 'ਤੇ, 14 ਸਾਲ ਤੋਂ ਘੱਟ ਉਮਰ ਵਰਗ ਦੇ ਮੁਕਾਬਲੇ 'ਚੋਂ ਦਮਦਮੀ ਟਕਸਾਲ ਅਖਾੜੇ ਦੇ ਯੁਵਰਾਜ ਸਿੰਘ ਪਹਿਲੇ ਅਤੇ ਰਬਜੋਤ ਸਿੰਘ ਦੂਜੇ ਸਥਾਨ ਤੇ ਜਦਕਿ ਲੜਕੀਆਂ ਚੋਂ ਅਕਾਲੀ ਫੂਲਾ ਸਿੰਘ ਅਖਾੜਾ ਕਵੈਂਟਰੀ ਦੀ ਮਨਰੂਪ ਕੌਰ ਪਹਿਲੇ ਅਤੇ ਅਕਾਲੀ ਬਾਬਾ ਅਜੀਤ ਸਿੰਘ ਅਖਾੜਾ ਵਾਰਿੰਗਟਨ ਦੀ ਨਕੀਤਾ ਕੌਰ ਦੂਜੇ ਸਥਾਨ ਤੇ ਰਹੀ।





ਇਸ ਮੌਕੇ ਬੋਲਦਿਆਂ ਗੱਤਕਾ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਐਮਪੀ ਤਨਮਨਜੀਤ ਸਿੰਘ ਢੇਸੀ ਨੇ ਕਿਹਾ ਕਿ ਸੰਗਤਾਂ ਦੇ ਸਹਿਯੋਗ ਹਰ ਸਾਲ ਗੱਤਕਾ ਚੈਂਪੀਅਨਸ਼ਿਪ ਕਰਵਾਈ ਜਾਂਦੀ ਹੈ। ਉਹਨਾਂ ਇਸ ਚੈਂਪੀਅਨਸ਼ਿਪ ਦੇ ਆਯੋਜਨ ਲਈ ਗੁਰਦੁਆਰਾ ਸਿੰਘ ਸਭਾ ਲੰਡਨ ਈਸਟ ਬਾਰਕਿੰਗ ਅਤੇ ਸੈਵਨਕਿੰਗਜ਼, ਸਿੰਘ ਸਭਾ ਲੰਡਨ ਈਸਟ ਸਪੋਰਟਸ ਕਲੱਬ ਦੇ ਸੇਵਾਦਾਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਰਤਾਨੀਆ ਵਿੱਚ ਗੱਤਕਾ ਕਲਾ ਅਤੇ ਸ਼ਸਤਰ ਵਿੱਦਿਆ ਨੂੰ ਹੋਰ ਪ੍ਰਫੁਲਤ ਕਰਨ ਅਤੇ ਬੱਚਿਆਂ ਨੂੰ ਇਸ ਖੇਡ ਨਾਲ ਜੋੜਨ ਲਈ ਯੂਕੇ ਗੱਤਕਾ ਫੈਡਰੇਸ਼ਨ ਪੂਰੇ ਯਤਨ ਕਰ ਰਹੀ ਹਾਂ ਤਾਂ ਕਿ ਨੌਜਵਾਨ ਪੀੜੀ ਸਿੱਖ ਸਵੈ ਰੱਖਿਆ ਦੇ ਨਾਲ-ਨਾਲ ਸਿੱਖੀ ਪ੍ਰੰਪਰਾਵਾਂ ਅਤੇ ਸ਼ਸਤਰ ਵਿਦਿਆ ਦੇ ਹੁਨਰ ਨੂੰ ਅਪਣਾ ਸਕੇ।

ਉਹਨਾਂ ਯੂਕੇ ਗੱਤਕਾ ਫੈਡਰੇਸ਼ਨ ਦੇ ਜਨਰਲ ਸਕੱਤਰ ਹਰਮਨ ਸਿੰਘ ਜੌਹਲ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਤਨਾਮ ਸਿੰਘ ਸੰਧੂ, ਗੁਰਦੀਪ ਸਿੰਘ ਹੁੰਦਲ, ਖੇਡ ਕਲੱਬ ਦੇ ਪਿੰਦਰ ਸਿੰਘ ਭਰੋਲੀ, ਲਹਿੰਬਰ ਸਿੰਘ ਲੱਧੜ, ਅਜਮੇਰ ਸਿੰਘ ਮੇਲਾ, ਮੇਜਰ ਸਿੰਘ ਬਾਸੀ, ਮਨਦੀਪ ਸਿੰਘ ਬੜਿੰਗ, ਮਨਜਿੰਦਰ ਸਿੰਘ ਬੜਿੰਗ, ਰਾਣਾ ਪੱਡਾ, ਜਸਪਾਲ ਸਿੰਘ ਢੇਸੀ, ਮਨਜੀਤ ਸਿੰਘ ਸ਼ਾਲਾਪੁਰੀ, ਸਾਹਿਬ ਸਿੰਘ ਢੇਸੀ, ਨਿਸ਼ਾਨ ਸਿੰਘ ਸਲੋਹ, ਜਗਬੀਰ ਸਿੰਘ ਜੱਗਾ ਚਕਰ, ਜਸਬੀਰ ਸਿੰਘ ਢੇਸੀ, ਹਰਨੇਕ ਸਿੰਘ ਨੇਕਾ ਮੈਰੀਪੁਰ, ਸੁਖਦੇਵ ਸਿੰਘ ਸਿੱਧੂ, ਪ੍ਰਮਜੀਤ ਸਿੰਘ ਛੋਕਰ, ਕੁਲਵਿੰਦਰ ਸਿੰਘ ਸਹੋਤਾ, ਰਸ਼ਪਾਲ ਸਿੰਘ ਪਾਲਾ ਸਹੋਤਾ ਜੀਐਨਜੀ ਕਬੱਡੀ ਕਲੱਬ ਗ੍ਰੇਵਜ਼ੈਂਡ, ਡਾ: ਚਾਨਣ ਸਿੰਘ ਸਿੱਧੂ, ਜਸਬੀਰ ਸਿੰਘ ਸ਼ੇਰਗਿੱਲ, ਗੁਰਪ੍ਰੀਤ ਸਿੰਘ ਟੁੱਟ, ਕੁਲਦੀਪ ਸਿੰਘ ਰਾਏ, ਜੈਜ਼ ਸਿੰਘ ਸਿੱਧੂ, ਬਿੰਦਰ ਪੁਆਦੜਾ, ਜਸ ਬਾਠ, ਬੂਟਾ ਸਿੰਘ ਨਿੱਝਰ, ਹਰਜਿੰਦਰ ਸਿੰਘ ਜੌਹਲ, ਦਵਿੰਦਰ ਸਿੰਘ ਪਤਾਰਾ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਐਮਪੀ ਜਸ ਅਠਵਾਲ, ਰਾਣਾ ਪੱਡਾ, ਸੁਰਿੰਦਰ ਸਿੰਘ ਮਾਣਕ, ਸੋਖਾ ਢੇਸੀ, ਸੁਰਜੀਤ ਸਿੰਘ ਘੁੰਮਣ 'ਪੰਜਾਬ ਰੇਡੀਓ' ਅਤੇ ਪੰਜਾਬ ਟੀਵੀ, ਮਨਪ੍ਰੀਤ ਸਿੰਘ ਬੱਧਨੀ ਕਲਾਂ ਅਜੀਤ ਅਤੇ ਪੰਜਾਬ ਟਾਈਮਜ਼, ਅਮਨਜੀਤ ਸਿੰਘ ਖਹਿਰਾ ਜਨ ਸ਼ਕਤੀ, ਸੁਖਦੇਵ ਸਿੰਘ ਅਤੇ ਪਾਲ ਸਿੰਘ ਝੱਲੀ ਅਕਾਲ ਚੈਨਲ, ਹਰਵਿੰਦਰ ਸਿੰਘ ਸਿੱਖ ਚੈਨਲ, ਅਨਮੋਲ ਕੌਰ ਜੀਟੀਸੀ, ਪ੍ਰਭਜੋਤ ਸਿੰਘ ਪੀਟੀਸੀ ਆਦਿ ਵੀ ਉਚੇਚੇ ਤੌਰ ਤੇ ਪਹੁੰਚੇ।

## ਖੰਨਾ ਵਿੱਚ ਮਨਰੇਗਾ ਮੁਲਾਜ਼ਮਾਂ ਤੇ ਕੀਤੇ ਗਏ ਅੱਤਿਆਚਾਰ ਦੀ ਕਾਂਗਰਸੀ ਆਗੂਆਂ ਵੱਲੋਂ ਨਿੰਦਾ

**ਮਾਛੀਵਾੜਾ ਸਾਹਿਬ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬੀਤੇ ਦਿਨੀ ਪੰਚਾਇਤ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੀ ਰਿਹਾਇਸ਼ ਵੱਲ ਪ੍ਰਦਰਸ਼ਨ ਕਰਨ ਲਈ ਅੱਗੇ ਵੱਧ ਰਹੇ ਮਨਰੇਗਾ ਮੁਲਾਜ਼ਮਾਂ ਅਤੇ ਵਰਕਰਾਂ ਦੀ ਪੁਲਿਸ ਨਾਲ ਤਿੱਖੀ ਬਹਿਸ ਹੋਈ ਜਿਸ ਦੌਰਾਨ ਪੁਲਿਸ ਵੱਲੋਂ ਇਹਨਾਂ ਨੂੰ ਰੋਕਣ ਲਈ ਲਾਠੀ ਚਾਰਜ ਕੀਤਾ ਗਿਆ ਵਾਟਰ ਕੈਨਲ ਦੀ ਵਰਤੋਂ ਕਰਦਿਆਂ ਪਾਣੀ ਦੀਆਂ ਬੁਛਾੜਾਂ ਨਾਲ ਇਹਨਾਂ ਮੁਲਾਜ਼ਮਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ ਅਤੇ ਅੱਥਰੂ ਗੈਸ ਦੇ ਗੋਲੇ ਵੀ ਛੱਡੇ ਗਏ।

ਪੁਲਿਸ ਦੁਆਰਾ ਪ੍ਰਦਰਸ਼ਨਕਾਰੀਆਂ ਦੇ ਕੀਤੇ ਗਏ ਇਸ ਅੱਤਿਆਚਾਰ ਦੀ ਕਾਂਗਰਸੀ ਆਗੂਆਂ ਬਲਾਕ ਮਾਛੀਵਾੜਾ ਮੀਡੀਆ ਇੰਚਾਰਜ ਵਨੀਤ ਕੁਮਾਰ ਝੜੌਦੀ ਅਤੇ ਸੋਸ਼ਲ ਮੀਡੀਆ ਇੰਚਾਰਜ ਸੁਖਦੀਪ ਸਿੰਘ ਸੋਨੀ ਸਰਪੰਚ ਵੱਲੋਂ ਕਰੜੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਸਰਕਾਰ ਨੂੰ ਇਸ ਲਈ ਜ਼ਿੰਮੇਵਾਰ ਠਹਿਰਾਇਆ ਗਿਆ।

ਮਾਛੀਵਾੜਾ ਕਾਂਗਰਸ ਬਲਾਕ ਮੀਡੀਆ ਇੰਚਾਰਜ ਵਨੀਤ ਕੁਮਾਰ ਝੜੌਦੀ ਅਤੇ ਬਲਾਕ ਕਾਂਗਰਸ ਸੋਸ਼ਲ ਮੀਡੀਆ ਇੰਚਾਰਜ ਸੁਖਦੀਪ ਸਿੰਘ ਸੋਨੀ ਸਰਪੰਚ ਨੇ ਸਾਂਝੇ ਤੌਰ ਤੇ ਕਿਹਾ ਕਿ ਪਿਛਲੇ ਅੱਠ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਕਾਰਨ ਆਪਣੇ ਹੱਕਾਂ ਦੀ ਜਾਇਜ਼ ਮੰਗਾਂ ਨੂੰ ਲੈ ਕੇ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਦੀ ਰਿਹਾਇਸ਼ ਦਾ ਘਰਾਓ ਕਰਨ ਜਾ ਰਹੇ ਇਹਨਾ ਮੁਲਾਜ਼ਮਾਂ ਤੇ ਪੁਲਿਸ ਦੁਆਰਾ ਅੱਥਰੂ ਗੈਸ ਦੇ ਗੋਲੇ ਛੱਡਣਾ, ਪਾਣੀ ਦੀਆਂ ਬੁਛਾੜਾ ਅਤੇ ਲਾਠੀ ਚਾਰਜ ਕਰਨਾ ਅਤਿ ਨਿੰਦਣ ਯੋਗ ਹੈ। ਉਹਨਾਂ ਕਿਹਾ ਕਿ ਇਸ ਅੱਤਿਆਚਾਰ ਵਿੱਚੋਂ ਜਖਮੀ ਹੋਏ ਪ੍ਰਦਰਸ਼ਨਕਾਰੀਆਂ ਵਿੱਚ ਮਹਿਲਾ ਮੁਲਾਜ਼ਮ ਵੀ ਹਨ , ਜਿਨ੍ਹਾਂ ਤੇ ਵੀ ਪੁਲਿਸ ਨੇ ਤਰਸ ਨਹੀਂ ਕੀਤਾ। ਇਸ ਪ੍ਰਦਰਸ਼ਨ ਵਿੱਚ ਪੰਜਾਬ ਦੇ 23 ਜ਼ਿਲਿਆਂ ਤੇ ਕਰੀਬ 250 ਬਲਾਕਾਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਮਨਰੇਗਾ ਕਰਮਚਾਰੀ ਅਤੇ ਵਰਕਰ ਖੰਨਾ ਦੇ ਪ੍ਰੇਮ ਭੰਡਾਰੀ ਪਾਰਕ ਵਿੱਚ ਇਕੱਠੇ ਹੋਏ ਜਿੱਥੋਂ ਉਹਨਾਂ ਅਮਲੋਹ ਰੋਡ ਤੇ ਪੰਚਾਇਤ ਮੰਤਰੀ ਸੌਂਦ ਦੀ ਰਿਹਾਇਸ਼ ਵੱਲ ਕੂਚ ਕੀਤਾ। ਪੁਲਿਸ ਨੇ ਬੈਰੀਗੇਟ ਲਗਾ ਕੇ ਪ੍ਰਦਰਸ਼ਨ ਕਾਰੀਆਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ , ਬਾਅਦ ਵਿੱਚ ਪੁਲਿਸ ਨੇ ਪਹਿਲਾਂ ਅੱਥਰੂ ਗੈਸ ਦੇ ਗੋਲੇ ਛੱਡੇ ਤੇ ਫਿਰ ਲਾਠੀ ਚਾਰਜ ਕੀਤਾ ਤੇ ਵਾਟਰ ਕੈਨਨ ਦੀ ਵਰਤੋਂ ਵੀ ਕੀਤੀ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਦੇ ਗੰਭੀਰ ਸੱਟਾਂ ਲੱਗੀਆਂ ਅਤੇ ਇੱਕ ਵਰਕਰ ਦੀ ਲੱਤ ਟੁੱਟਣ ਦਾ ਵੀ ਪਤਾ ਲੱਗਾ ਹੈ।

ਉਹਨਾਂ ਕਿਹਾ ਕਿ ਪਹਿਲੀ ਵਾਰ ਹੋਇਆ ਹੈ ਕਿ ਤਨਖਾਹਾਂ ਮੰਗਣ ਗਏ ਮੁਲਾਜ਼ਮਾਂ ਨੂੰ ਪਸ਼ੂਆਂ ਵਾਂਗ ਕੁੱਟਿਆ ਗਿਆ ਹੋਵੇ। ਉਹਨਾਂ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ, ਅਫਸਰ ਸ਼ਾਹੀ ਨੂੰ ਵੀ ਮਜਬੂਰਨ ਸਰਕਾਰ ਦੇ ਹੁਕਮ ਮੰਨਣੇ ਪੈ ਰਹੇ ਹਨ ਤੇ ਪੰਜਾਬ ਦੇ ਲੋਕ 2027 ਦੀਆਂ ਚੋਣਾਂ ਵਿੱਚ ਇਹਨਾਂ ਸਾਰੇ ਅੱਤਿਆਚਾਰਾਂ ਦਾ ਮੂੰਹ ਤੋੜ ਜਵਾਬ ਦੇਣਗੇ।

## ਸਟੀਫਨ ਇੰਟਰਨੈਸ਼ਨਲ ਸਕੂਲ ਵਿੱਚ ਇਨਵੈਸਟਿਚਰ ਸਮਾਰੋਹ 2026-27 ਦਾ ਸ਼ਾਨਦਾਰ ਆਯੋਜਨ




**ਸੁਨਾਮ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਟੀਫਨ ਇੰਟਰਨੈਸ਼ਨਲ ਸਕੂਲ, ਸੰਗਰੂਰ ਵਿੱਚ ਅਕਾਦਮਿਕ ਸੈਸ਼ਨ 2026-27 ਲਈ ਇਨਵੈਸਟਿਚਰ ਸਮਾਰੋਹ ਬੜੀ ਸ਼ਾਨੋ-ਸ਼ੌਕਤ ਅਤੇ ਗਰਿਮਾ ਨਾਲ ਮਨਾਇਆ ਗਿਆ। ਇਸ ਮੌਕੇ ਨਵ-ਚੁਣੇ ਸਟੂਡੈਂਟ ਕੈਬਿਨੇਟ ਨੂੰ ਅਹੁਦੇ ਅਤੇ ਜ਼ਿੰਮੇਵਾਰੀਆਂ ਦੀ ਸਹੁੰ ਚੁਕਾਈ ਗਈ ਅਤੇ ਉਨ੍ਹਾਂ ਨੂੰ ਬੈਜ ਲਗਾ ਕੇ ਅਧਿਕਾਰਿਕ ਤੌਰ 'ਤੇ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।

ਸਮਾਰੋਹ ਵਿੱਚ ਸਕੂਲ ਦੇ ਚੇਅਰਮੈਨ ਸ਼੍ਰੀ ਦੀਪਕ ਗੁਪਤਾ ਅਤੇ ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਨਵ-ਚੁਣੇ ਵਿਦਿਆਰਥੀ ਆਗੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਇਮਾਨਦਾਰੀ, ਅਨੁਸ਼ਾਸਨ, ਸਮਰਪਣ ਅਤੇ ਸੇਵਾ ਦੀ ਭਾਵਨਾ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਅਤੇ ਸਕੂਲ ਦੇ ਉੱਚ ਆਦਰਸ਼ਾਂ ਨੂੰ ਅੱਗੇ ਵਧਾਉਣ।

ਇਸ ਮੌਕੇ ਹੈੱਡ ਬੌਏ ਆਰਵ ਗੁਪਤਾ ਅਤੇ ਹੈੱਡ ਗਰਲ ਰਵਨੀਤ ਸਿੱਧੂ ਨੇ ਆਪਣੇ ਅਹੁਦਿਆਂ ਦੀ ਸਹੁੰ ਚੁੱਕੀ। ਇਸ ਤੋਂ ਇਲਾਵਾ ਵਾਈਸ ਹੈੱਡ ਬੌਏ, ਵਾਈਸ ਹੈੱਡ ਗਰਲ, ਸਪੋਰਟਸ ਕੈਪਟਨ, ਵਾਈਸ ਸਪੋਰਟਸ ਕੈਪਟਨ, ਸਾਰੇ ਹਾਊਸ ਕੈਪਟਨ, ਵਾਈਸ ਕੈਪਟਨ ਅਤੇ ਹੋਰ ਕੈਬਿਨੇਟ ਮੈਂਬਰਾਂ ਨੂੰ ਵੀ ਬੈਜ ਲਗਾ ਕੇ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਆਪਣੇ ਸੰਬੋਧਨ ਦੌਰਾਨ ਚੇਅਰਮੈਨ ਸ਼੍ਰੀ ਦੀਪਕ ਗੁਪਤਾ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ, ਨੇਤ੍ਰਿਤਵ ਦੇ ਗੁਣ ਅਪਣਾਉਣ ਅਤੇ ਆਪਣੇ ਚੰਗੇ ਕੰਮਾਂ ਰਾਹੀਂ ਹੋਰਨਾਂ ਲਈ ਪ੍ਰੇਰਨਾ ਬਣਨ ਦਾ ਸੰਦੇਸ਼ ਦਿੱਤਾ। ਡਾਇਰੈਕਟਰ ਪ੍ਰਿੰਸੀਪਲ ਸ਼੍ਰੀਮਤੀ ਮੋਨਿਕਾ ਸ਼ਰਮਾ ਨੇ ਕਿਹਾ ਕਿ ਅਸਲ ਨੇਤ੍ਰਿਤਵ ਅਹੁਦੇ ਨਾਲ ਨਹੀਂ, ਸਗੋਂ ਸੇਵਾ, ਅਨੁਸ਼ਾਸਨ, ਇਮਾਨਦਾਰੀ ਅਤੇ ਸਮਰਪਣ ਨਾਲ ਸਾਬਤ ਹੁੰਦਾ ਹੈ। ਉਨ੍ਹਾਂ ਨੇ ਸਾਰੇ ਵਿਦਿਆਰਥੀ ਆਗੂਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਨਿਸ਼ਠਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਸਮਾਰੋਹ ਦਾ ਸਮਾਪਨ ਰਾਸ਼ਟਰੀ ਗੀਤ ਨਾਲ ਹੋਇਆ। ਸਕੂਲ ਪਰਿਵਾਰ ਨੇ ਸਟੂਡੈਂਟ ਕੈਬਿਨੇਟ 2026-27 ਦੇ ਸਾਰੇ ਨਵ-ਚੁਣੇ ਮੈਂਬਰਾਂ ਨੂੰ ਦਿਲੋਂ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਸਫਲ, ਪ੍ਰੇਰਣਾਦਾਇਕ ਅਤੇ ਜ਼ਿੰਮੇਵਾਰ ਕਾਰਜਕਾਲ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਵਿਧਾਇਕ ਲਾਲਪੁਰਾ ਵੱਲੋਂ ਕੱਦਗਿੱਲ ਅਤੇ ਲਾਲਪੁਰ ਦੀਆਂ 9 ਸੜਕਾਂ ਦੀ ਨਵੀਂ ਉਸਾਰੀ ਦੇ ਕੰਮ ਦੀ ਸ਼ੁਰੂਆਤ



**ਤਰਨ ਤਾਰਨ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਅੱਜ ਪਿੰਡ ਕੱਦਗਿੱਲ ਅਤੇ ਲਾਲਪੁਰ ਦੀਆਂ 9 ਲਿੰਕ ਸੜਕਾਂ ਦੀ ਨਵੀਂ ਉਸਾਰੀ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਨੇ ਪਿੰਡਾਂ ਦੀਆਂ ਸੜਕਾਂ ਦੇ ਕਾਇਆ ਕਲਪ ਲਈ ਵੱਡੇ ਪੱਧਰ 'ਤੇ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸੇ ਤਹਿਤ ਪਿਛਲੇ ਚਾਰ ਸਾਲਾਂ ਦੌਰਾਨ ਕਰੋੜਾਂ ਰੁਪਏ ਦੀ ਲਾਗਤ ਨਾਲ ਹਲਕਾ ਖਡੂਰ ਸਾਹਿਬ ਦੀਆਂ ਸੜਕਾਂ ਦੀ ਵੀ ਨੁਹਾਰ ਬਦਲੀ ਗਈ ਹੈ।

ਉਨ੍ਹਾਂ ਕਿਹਾ ਕਿ ਆਉਂਦੇ ਦਿਨਾਂ 'ਚ ਇਸ ਕੰਮ ਵਿੱਚ ਹੋਰ ਵੀ ਤੇਜ਼ੀ ਲਿਆਂਦੀ ਜਾਵੇਗੀ। ਹਲਕੇ ਦੀਆਂ ਪੇਂਡੂ ਸੜਕਾਂ ਦੀ ਨੁਹਾਰ ਬਦਲਣ ਲਈ ਉਨ੍ਹਾਂ ਨੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਹਲਕਾ ਖਡੂਰ ਸਾਹਿਬ ਨੂੰ ਵਿਕਾਸ ਦੀਆਂ ਬੁਲੰਦੀਆਂ 'ਤੇ ਪਹੁੰਚਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਪੰਜਾਬ ਮੰਡੀ ਬੋਰਡ ਦੇ ਅਧਿਕਾਰੀ ਅਤੇ ਸਬੰਧਤ ਇਲਾਕਿਆਂ ਦੀਆਂ ਅਹਿਮ ਸ਼ਖਸੀਅਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਮੀਡੀਆ ਦੁਆਰਾ ਵਾਰ-ਵਾਰ ਖ਼ਬਰਾਂ ਲਾਉਣ ਦਾ ਹੋਇਆ ਅਸਰ, ਸਤਲੁਜ ਦਰਿਆ ਦਾ ਪੁਲ ਭਾਰੀ ਵਾਹਨਾਂ ਲਈ ਮੁਕੰਮਲ ਬੰਦ

**ਮਾਛੀਵਾੜਾ ਸਾਹਿਬ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਪੱਤਰਕਾਰਾਂ ਵੱਲੋਂ ਸਤਲੁਜ ਦਰਿਆ ਤੇ ਬਣੇ ਘੁਮਾਣਾ ਪੁੱਲ ਦੀ ਹਾਲਤ ਨੂੰ ਇਲੈਕਟਰੋਨਿਕ ਅਤੇ ਪ੍ਰਿੰਟ ਮੀਡੀਆ ਰਾਹੀਂ ਦਿਖਾਇਆ ਗਿਆ ਜਿਸ ਦਾ ਅਸਰ ਅਖੀਰ ਅਸਰ ਹੋਇਆ ਅਤੇ ਦੁਆਬਾ ਮਾਲਵਾ ਨੂੰ ਜੋੜਨ ਵਾਲੇ ਸਤਲੁਜ ਦਰਿਆ 'ਤੇ ਬਣੇ ਪੁਲ ਨੂੰ ਪ੍ਰਸ਼ਾਸਨ ਨੇ ਅੰਤ ਭਾਰੀ ਵਾਹਨਾਂ ਲਈ ਬੰਦ ਕਰ ਦਿੱਤਾ ਹੈ। ਪੁਲ ਦੀ ਬੇਹੱਦ ਖਸਤਾ ਹਾਲਤ ਨੂੰ ਦੇਖਦੇ ਹੋਏ ਦੋਨਾਂ ਪਾਸਿਓਂ ਵੱਡੇ ਗਾਡਰ ਲਗਾ ਦਿੱਤੇ ਗਏ ਹਨ। ਹੁਣ ਇਸ ਪੁਲ 'ਤੇ ਸਿਰਫ ਛੋਟੀਆਂ ਕਾਰਾਂ ਹੀ ਲੰਘ ਸਕਣਗੀਆਂ।

ਜਾਣਕਾਰੀ ਅਨੁਸਾਰ ਇਸ ਪੁਲ ਦੀ ਕਾਫੀ ਖਸਤਾ ਹਾਲਤ ਅਤੇ ਰੋਜ਼ਾਨਾ ਇਸ ਉੱਪਰੋਂ ਓਵਰਲੋਡ ਟਿੱਪਰਾਂ,ਟਰੱਕਾਂ, ਕੈਂਟਰਾਂ ਰੇਤੇ ਵਾਲੀਆਂ ਟਰੈਕਟਰ ਟਰਾਲੀਆਂ ਸਮੇਤ ਵੱਡੀ ਗਿਣਤੀ 'ਚ ਭਾਰੀ ਵਾਹਨ ਲੰਘਦੇ ਹਨ। ਪਿਛਲੇ ਕਈ ਸਾਲਾਂ ਤੋਂ ਇਹ ਪੁਲ ਖਸਤਾ ਹਾਲਤ ਵਿੱਚ ਚੱਲ ਰਿਹਾ ਹੈ। ਸਥਾਨਕ ਲੋਕ ਅਤੇ ਸਮਾਜਿਕ ਸੰਸਥਾਵਾਂ ਲਗਾਤਾਰ ਮੰਗ ਕਰ ਰਹੀਆਂ ਸਨ ਕਿ ਇਸ ਪੁਲ ਦੀ ਸਮੇਂ ਸਿਰ ਮੁਰੰਮਤ ਨਾ ਕੀਤੀ ਗਈ ਤਾਂ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ। ਪ੍ਰਸ਼ਾਸਨ ਨੇ ਪਹਿਲਾਂ ਵੀ ਕਈ ਵਾਰ ਇਸ ਪੁਲ ਨੂੰ ਬੰਦ ਕਰਨ ਦਾ ਫੈਸਲਾ ਲਿਆ ਸੀ, ਪਰ ਰਾਤ ਦੇ ਸਮੇਂ ਫਿਰ ਤੋਂ ਭਾਰੀ ਵਾਹਨਾਂ ਦੀ ਆਵਾਜਾਈ ਸ਼ੁਰੂ ਹੋ ਜਾਂਦੀ ਸੀ।

ਮਾਛੀਵਾੜਾ ਪਾਸਿਓਂ ਪਹਿਲੀ ਹੀ ਸਲੈਬ ਬੁਰੀ ਤਰ੍ਹਾਂ ਟੁੱਟ ਚੁੱਕੀ ਹੈ ਦੋ ਤੋਂ ਤਿੰਨ ਥਾਵਾਂ ਤੇ ਇਹ ਸਲੈਬ ਇੰਨੀ ਜਿਆਦਾ ਨੁਕਸਾਨੀ ਗਈ ਹੈ ਕਿ ਉਸ ਵਿੱਚ ਰੱਖੇ ਗਏ ਵੱਡੇ ਵੱਡੇ ਪੱਥਰ ਵੀ ਥੱਲੇ ਜਾ ਚੁੱਕੇ ਹਨ ਅਤੇ ਇਸ ਤੋਂ ਆਰ ਪਾਰ ਦਿਖਣਾ ਸ਼ੁਰੂ ਹੋ ਗਿਆ ਹੈ ,ਸਲੈਬ ਵਿੱਚ ਪਾਏ ਹੋਏ ਸਰੀਏ ਆਮ ਹੀ ਨਜ਼ਰ ਆਉਂਦੇ ਹਨ, ਜੋ ਇਸ ਦੀ ਹਾਲਤ ਨੂੰ ਖੁਦ ਬਿਆਨ ਕਰਦੇ ਹਨ।

**ਗਾਡਰ ਲਗਾ ਕੇ ਕੀਤਾ ਗਿਆ ਸਖ਼ਤ ਪ੍ਰਬੰਧ**

ਹੁਣ ਪ੍ਰਸ਼ਾਸਨ ਨੇ ਇਸ ਵਾਰ ਸਖ਼ਤੀ ਵਰਤਦੇ ਹੋਏ ਦੋਨੋਂ ਪਾਸਿਓਂ ਪੁਲ ਦੇ ਮੂੰਹ 'ਤੇ ਉੱਚੇ ਗਾਡਰ ਲਗਾ ਦਿੱਤੇ ਹਨ। ਇਨ੍ਹਾਂ ਗਾਡਰਾਂ ਦੀ ਉਚਾਈ ਇੰਨੀ ਘੱਟ ਰੱਖੀ ਗਈ ਹੈ ਕਿ ਉਸਦੇ ਥੱਲਿਓਂ ਸਿਰਫ ਛੋਟੇ ਵਾਹਨ ਹੀ ਨਿਕਲ ਸਕਦੇ ਹਨ। ਟਰੱਕ, ਬੱਸ ਅਤੇ ਹੋਰ ਭਾਰੀ ਵਾਹਨਾਂ ਦਾ ਲੰਘਣਾ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਗਿਆ ਹੈ। ਇੱਥੋਂ ਤੱਕ ਕਿ ਛਤਰੀ ਵਾਲਾ ਟਰੈਕਟਰ ਵੀ ਇਸ ਵਿੱਚੋਂ ਨਹੀਂ ਲੰਘ ਸਕਦਾ ।

ਇਸ ਫੈਸਲੇ ਤੋਂ ਬਾਅਦ ਦੁਆਬਾ ਅਤੇ ਮਾਲਵਾ ਵਿਚਕਾਰ ਆਵਾਜਾਈ ਕਰਨ ਵਾਲੇ ਡਰਾਈਵਰਾਂ ਨੂੰ ਲੰਮਾ ਚੱਕਰ ਕੱਟ ਕੇ ਜਾਣਾ ਪਵੇਗਾ। ਪਰ ਲੋਕਾਂ ਨੇ ਪ੍ਰਸ਼ਾਸਨ ਦੇ ਇਸ ਕਦਮ ਦਾ ਸਵਾਗਤ ਕੀਤਾ ਹੈ। ਲੋਕਾਂ ਦਾ ਕਹਿਣਾ ਹੈ ਕਿ ਜਾਨ ਹੈ ਤਾਂ ਜਹਾਨ ਹੈ। ਪੁਲ ਡਿੱਗਣ ਨਾਲੋਂ ਚੰਗਾ ਹੈ ਥੋੜਾ ਦੂਰੋਂ ਜਾਣਾ।

ਪ੍ਰਸ਼ਾਸਨਿਕ ਅਧਿਕਾਰੀਆਂ ਦਾ ਕਹਿਣਾ ਹੈ ਕਿ ਗਾਡਰ ਲਗਾਉਣ ਦਾ ਮਕਸਦ ਪੁਲ ਦੀ ਉਮਰ ਵਧਾਉਣਾ ਹੈ। ਹੁਣ ਇਸ ਪੁਲ ਦੀ ਤਕਨੀਕੀ ਜਾਂਚ ਕਰਵਾ ਕੇ ਜਲਦੀ ਹੀ ਮੁਰੰਮਤ ਦਾ ਕੰਮ ਸ਼ੁਰੂ ਕਰਵਾਇਆ ਜਾਵੇਗਾ। ਉਦੋਂ ਤੱਕ ਭਾਰੀ ਵਾਹਨਾਂ ਨੂੰ ਵਿਕਲਪਕ ਰੂਟ ਵਰਤਣ ਦੀ ਸਲਾਹ ਦਿੱਤੀ ਗਈ ਹੈ।

# ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੇ 25 ਕੈਡਿਟਾਂ ਦੀ ਪਿਛਲੇ ਤਿੰਨ ਮਹੀਨਿਆਂ ਵਿੱਚ ਡਿਫੈਂਸ ਸਿਖਲਾਈ ਅਕੈਡਮੀਆਂ ਵਿੱਚ ਚੋਣ, ਮਾਨ ਸਰਕਾਰ ਦੇ ਕਾਰਜਕਾਲ ਦੌਰਾਨ 175 ਕੈਡਿਟਾਂ ਦੀ ਹੋਈ ਚੋਣ

## ਅਮਨ ਅਰੋੜਾ ਨੇ ਕੈਡਿਟਾਂ ਦੀ ਕੀਤੀ ਸ਼ਲਾਘਾ ਅਤੇ ਸਿਖਲਾਈ ਵਿੱਚ ਸਫ਼ਲਤਾ ਦੀ ਕੀਤੀ ਕਾਮਨਾ

**ਮੁਹਾਲੀ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸ.ਏ.ਐਸ. ਨਗਰ ਦੇ 25 ਕੈਡਿਟਾਂ ਦੀ ਪਿਛਲੇ ਤਿੰਨ ਮਹੀਨਿਆਂ ਵਿੱਚ ਰੱਖਿਆ ਸੇਵਾਵਾਂ ਦੀਆਂ ਵੱਖ-ਵੱਖ ਅੰਡਰ-ਗਰੈਜੂਏਟ ਅਤੇ ਪ੍ਰੀ-ਕਮਿਸ਼ਨਿੰਗ ਸਿਖਲਾਈ ਅਕੈਡਮੀਆਂ ਵਿੱਚ ਚੋਣ ਹੋਈ ਹੈ। ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੰਜਾਬ ਵਿੱਚ ਸੱਤਾ ਸੰਭਾਲਣ ਤੋਂ ਬਾਅਦ ਇਸ ਇੰਸਟੀਚਿਊਟ ਦੇ ਕੁੱਲ 175 ਕੈਡਿਟਾਂ ਦੀ ਚੋਣ ਹੋਈ ਹੈ।

ਇਨ੍ਹਾਂ ਕੈਡਿਟਾਂ ਨੇ ਨੈਸ਼ਨਲ ਡਿਫੈਂਸ ਅਕੈਡਮੀ (ਐਨਡੀਏ), ਇੰਡੀਅਨ ਮਿਲਟਰੀ ਅਕੈਡਮੀ (ਆਈਐਮਏ), ਇੰਡੀਅਨ ਨੇਵਲ ਅਕੈਡਮੀ (ਆਈਐਨਏ), ਏਅਰ ਫੋਰਸ ਅਕੈਡਮੀ (ਏਐਫਏ) ਅਤੇ ਆਫੀਸਰਜ਼ ਟ੍ਰੇਨਿੰਗ ਅਕੈਡਮੀ (ਓਟੀਏ) ਸਮੇਤ ਦੇਸ਼ ਦੀਆਂ ਪ੍ਰਮੁੱਖ ਰੱਖਿਆ ਸੰਸਥਾਵਾਂ ਵਿੱਚ ਦਾਖਲਾ ਪ੍ਰਾਪਤ ਕੀਤਾ ਹੈ।

ਸੰਸਥਾ ਦੇ 16 ਕੈਡਿਟ ਅੰਡਰ ਗਰੈਜੂਏਟ ਸਿਖਲਾਈ ਲਈ ਨੈਸ਼ਨਲ ਡਿਫੈਂਸ ਅਕੈਡਮੀ (ਐਨਡੀਏ), ਖੜਕਵਾਸਲਾ ਵਿਖੇ ਐਨਡੀਏ -156 ਕੋਰਸ ਵਿੱਚ ਸ਼ਾਮਲ ਹੋਏ ਹਨ। ਚੁਣੇ ਗਏ ਕੈਡਿਟਾਂ ਵਿੱਚ ਮੋਹਾਲੀ ਤੋਂ ਅਭਿਸ਼, ਅਗਮਜੀਤ ਵਿਰਕ, ਭੁਵਨ ਧੀਮਾਨ ਅਤੇ ਵਿਸ਼ੇਸ਼ ਕਰਦਵਾਲ ਸ਼ਾਮਲ ਹਨ ਜਦਕਿ ਮਲੇਰਕੋਟਲਾ ਤੋਂ ਗੁਰਕਰਨਜੀਤ ਸਿੰਘ; ਗੁਰਦਾਸਪੁਰ ਤੋਂ ਪਰਮਜੋਤ ਸਿੰਘ ਅਤੇ ਰਾਜਪਾਲ ਸਿੰਘ; ਬਠਿੰਡਾ ਤੋਂ ਗੁਨਤਾਜ਼ ਸਚਦੇਵਾ; ਅੰਮ੍ਰਿਤਸਰ ਤੋਂ ਏਕਨੂਰ ਸਿੰਘ ਅਤੇ ਲਵਿਸ਼; ਪਠਾਨਕੋਟ ਤੋਂ ਸੁਖਮਨਜੀਤ ਸਿੰਘ ਮਾਨ; ਬਰਨਾਲਾ ਤੋਂ ਚੰਨਪ੍ਰੀਤ ਸਿੰਘ ਸਿੱਧੂ; ਫਰੀਦਕੋਟ ਤੋਂ ਅਰਮਾਨ ਸ਼ਰਮਾ; ਰੂਪਨਗਰ ਤੋਂ ਹਰਸ਼ਵੀਰ ਸਿੰਘ; ਪਟਿਆਲਾ ਤੋਂ ਦੀਪਇੰਦਰ ਸਿੰਘ ਅਤੇ ਹੁਸ਼ਿਆਰਪੁਰ ਤੋਂ ਜਸਜੋਤ ਸਿੰਘ ਸ਼ਾਮਲ ਹਨ।

ਇਸ ਤੋਂ ਇਲਾਵਾ ਹੁਸ਼ਿਆਰਪੁਰ ਤੋਂ ਅਭੈ ਪ੍ਰਤਾਪ ਸਿੰਘ ਢਿੱਲੋਂ ਇੰਡੀਅਨ ਨੇਵਲ ਅਕੈਡਮੀ (ਆਈ.ਐਨ.ਏ.), ਇਜ਼ੀਮਾਲਾ ਵਿੱਚ ਸ਼ਾਮਲ ਹੋਏ ਹਨ। ਇਸੇ ਤਰ੍ਹਾਂ ਗੁਰਦਾਸਪੁਰ ਦੇ ਮਨਨੂਰਪ੍ਰੀਤ ਸਿੰਘ, ਪਠਾਨਕੋਟ ਤੋਂ ਸੰਕੇਤ ਅਤੇ ਜਲੰਧਰ ਤੋਂ ਸਮਰਥ ਸਿੰਘ ਢਿੱਲੋਂ ਨੇ ਮਿਲਟਰੀ ਕਾਲਜ ਆਫ ਇਲੈਕਟ੍ਰੋਨਿਕਸ ਐਂਡ ਮਕੈਨੀਕਲ ਇੰਜੀਨੀਅਰਿੰਗ, ਸਿਕੰਦਰਾਬਾਦ ਅਤੇ ਮਿਲਟਰੀ ਕਾਲਜ ਆਫ ਟੈਲੀਕਮਿਊਨੀਕੇਸ਼ਨ ਇੰਜੀਨੀਅਰਿੰਗ, ਮਹੂ ਵਿਖੇ ਟੀਈਐਸ-55 ਕੋਰਸ ਵਿੱਚ ਦਾਖਲਾ ਹਾਸਲ ਕੀਤਾ ਹੈ।




ਇਸੇ ਤਰ੍ਹਾਂ ਇਸ਼ਪ੍ਰੀਤ ਸਿੰਘ ਢਿੱਲੋਂ ਨੇ ਆਫੀਸਰਜ਼ ਟਰੇਨਿੰਗ ਅਕੈਡਮੀ (ਓ.ਟੀ.ਏ.), ਚੇਨਈ ਵਿੱਚ ਦਾਖ਼ਲਾ ਲਿਆ ਹੈ। ਲੁਧਿਆਣਾ ਤੋਂ ਮਨਵੀਰ ਸਿੰਘ ਬੇਦੀ ਨੇ ਇੰਡੀਅਨ ਨੇਵਲ ਅਕੈਡਮੀ (ਆਈ.ਐਨ.ਏ.), ਇਜ਼ੀਮਾਲਾ ਵਿੱਚ ਐਨ.ਓ.ਸੀ. (ਐਕਸਟੈਂਸ਼ਨ) ਕੋਰਸ ਲਈ ਦਾਖ਼ਲਾ ਲਿਆ ਹੈ, ਜਦਕਿ ਪਠਾਨਕੋਟ ਤੋਂ ਜਸਨੂਰ ਸਿੰਘ ਨੇ ਏਅਰ ਫੋਰਸ ਅਕੈਡਮੀ (ਏ.ਐਫ.ਏ.), ਡੁੰਡੀਗਲ ਵਿਖੇ ਦਾਖ਼ਲਾ ਲਿਆ ਹੈ।

ਰੂਪਨਗਰ ਤੋਂ ਸੁਖਰਾਜ ਸਿੰਘ ਹੀਰਾ ਅਤੇ ਸ੍ਰੀ ਫਤਹਿਗੜ੍ਹ ਸਾਹਿਬ ਤੋਂ ਜਗਬੀਰ ਸਿੰਘ ਇੰਡੀਅਨ ਮਿਲਟਰੀ ਅਕੈਡਮੀ (ਆਈ.ਐਮ.ਏ.), ਦੇਹਰਾਦੂਨ ਵਿੱਚ ਸ਼ਾਮਲ ਹੋਏ ਹਨ।

ਇਹਨਾਂ ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਉਨ੍ਹਾਂ ਦੀ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਨੇ ਕੈਡਿਟਾਂ ਨੂੰ ਤਨਦੇਹੀ ਨਾਲ ਦੇਸ਼ ਦੀ ਸੇਵਾ ਕਰਨ ਲਈ ਪ੍ਰੇਰਿਤ ਕੀਤਾ।

ਸੰਸਥਾ ਦੇ ਡਾਇਰੈਕਟਰ ਮੇਜਰ ਜਨਰਲ ਅਜੇ ਐਚ. ਚੌਹਾਨ, ਵੀ.ਐਸ.ਐਮ. (ਸੇਵਾਮੁਕਤ) ਨੇ ਚੁਣੇ ਗਏ ਕੈਡਿਟਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੰਸਥਾ ਦੇ 25 ਕੈਡਿਟ ਇਸ ਸਮੇਂ ਐਸ.ਐਸ.ਬੀ. ਇੰਟਰਵਿਊ ਅਤੇ ਮੈਡੀਕਲ ਪ੍ਰਕਿਰਿਆ ਅਧੀਨ ਹਨ। ਉਨ੍ਹਾਂ ਕਿਹਾ ਕਿ ਸੰਸਥਾ ਹਥਿਆਰਬੰਦ ਬਲਾਂ ਲਈ ਵਿਦਿਆਰਥੀਆਂ ਨੂੰ ਸਿਖਲਾਈ ਦੇਣ ਵਾਲੀ ਪ੍ਰਮੁੱਖ ਸੰਸਥਾ ਵਜੋਂ ਉਭਰੀ ਹੈ।

# ਮਨਰੇਗਾ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਹਮਦਰਦੀ ਨਾਲ ਹੱਲ ਕਰਾਂਗੇ : ਤਰੁਨਪ੍ਰੀਤ ਸਿੰਘ ਸੌਂਦ



**ਚੰਡੀਗੜ੍ਹ, 16 ਜੁਲਾਈ**
**-ਹਰਮਨਪ੍ਰੀਤ ਕੌਰ-**

ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਅਤੇ ਹਲਕਾ ਖੰਨਾ ਤੋਂ ਵਿਧਾਇਕ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਬੀਤੀ ਰਾਤ ਸਿਵਲ ਹਸਪਤਾਲ ਖੰਨਾ ਵਿਖੇ ਪਹੁੰਚ ਕੇ ਜ਼ਖ਼ਮੀ ਮਨਰੇਗਾ ਕਰਮਚਾਰੀ ਸੌਦਾਗਰ ਸਿੰਘ ਅਤੇ ਡੀ.ਐਸ.ਪੀ. ਖੰਨਾ ਵਿਨੋਦ ਕੁਮਾਰ ਦਾ ਹਾਲ-ਚਾਲ ਪੁੱਛਿਆ। ਉਨ੍ਹਾਂ ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਮਨਿੰਦਰ ਸਿੰਘ ਭਸੀਨ ਨੂੰ ਹਦਾਇਤ ਕੀਤੀ ਕਿ ਇਹਨਾਂ ਦਾ ਇਲਾਜ ਮੁਫ਼ਤ ਅਤੇ ਬਿਹਤਰ ਢੰਗ ਨਾਲ ਯਕੀਨੀ ਬਣਾਇਆ ਜਾਵੇ। ਇਸ ਮੌਕੇ ਉਨ੍ਹਾਂ ਨਾਲ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ, ਮਨਰੇਗਾ ਕਰਮਚਾਰੀਆਂ ਦੇ ਸਰਪ੍ਰਸਤ ਵਰਿੰਦਰ ਸਿੰਘ, ਪ੍ਰਧਾਨ ਗੁਰਸੇਵਕ ਸਿੰਘ ਅਤੇ ਹੋਰ ਨੁਮਾਇੰਦੇ ਵੀ ਮੌਜੂਦ ਸਨ। ਮੀਡੀਆ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮਨਰੇਗਾ ਕਰਮਚਾਰੀਆਂ ਨਾਲ ਪਿਛਲੇ ਕਰੀਬ 20 ਦਿਨਾਂ ਤੋਂ ਲਗਾਤਾਰ ਗੱਲਬਾਤ ਅਤੇ ਮੀਟਿੰਗਾਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਨਰੇਗਾ ਕਰਮਚਾਰੀਆਂ ਦੀ ਮੌਜੂਦਾ ਸਥਿਤੀ ਦਾ ਮੁੱਖ ਕਾਰਨ ਕੇਂਦਰ ਸਰਕਾਰ ਵੱਲੋਂ ਮਨਰੇਗਾ ਸਕੀਮ ਨੂੰ ਬੰਦ ਕਰਕੇ ਨਵੀਂ ਸਕੀਮ ਲਾਗੂ ਕਰਨਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਕਰਮਚਾਰੀਆਂ ਨੇ ਆਪਣੇ ਜੀਵਨ ਦੇ ਕਈ ਸਾਲ ਮਨਰੇਗਾ ਸਕੀਮ ਲਈ ਸਮਰਪਿਤ ਕੀਤੇ ਹਨ ਅਤੇ ਉਨ੍ਹਾਂ ਨੂੰ ਨਵੀਂ ਵਿਵਸਥਾ ਵਿੱਚ ਢੁੱਕਵਾਂ ਮੌਕਾ ਮਿਲਣਾ ਚਾਹੀਦਾ ਹੈ। ਮਨਰੇਗਾ ਕਰਮਚਾਰੀਆਂ ਨੇ ਨਵੀਂ ਸਕੀਮ ਵਿੱਚ ਕੰਮ ਕਰਨ ਦੀ ਇੱਛਾ ਜਤਾਈ ਹੈ, ਬਸ਼ਰਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਵੀਕਾਰ ਕੀਤਾ ਜਾਵੇ। ਸ੍ਰੀ ਸੌਂਦ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਸਰਕਾਰ ਅਤੇ ਮਨਰੇਗਾ ਕਰਮਚਾਰੀਆਂ ਵਿਚਕਾਰ ਕੋਈ ਆਪਸੀ ਮਤਭੇਦ ਨਹੀਂ ਹੈ ਅਤੇ ਪੰਜਾਬ ਸਰਕਾਰ ਸੰਵਾਦ ਰਾਹੀਂ ਹਰ ਮਸਲੇ ਦਾ ਹੱਲ ਚਾਹੁੰਦੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੇ ਸਪੱਸ਼ਟ ਨਿਰਦੇਸ਼ ਹਨ ਕਿ ਮਨਰੇਗਾ ਕਰਮਚਾਰੀਆਂ ਦੀ ਗੱਲ ਪੂਰੀ ਹਮਦਰਦੀ ਨਾਲ ਸੁਣੀ ਜਾਵੇ ਅਤੇ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਸਵੀਕਾਰ ਕਰਕੇ ਹੱਲ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਉਹ ਅੱਜ ਚੰਡੀਗੜ੍ਹ ਤੋਂ ਆਪਣੀਆਂ ਮੀਟਿੰਗਾਂ ਸਮਾਪਤ ਕਰਕੇ ਤੁਰੰਤ ਖੰਨਾ ਪਹੁੰਚੇ ਅਤੇ ਮਨਰੇਗਾ ਕਰਮਚਾਰੀਆਂ ਨਾਲ ਇੱਕ ਘੰਟੇ ਤੋਂ ਵੱਧ ਸਮਾਂ ਬੈਠਕ ਕੀਤੀ। ਉਨ੍ਹਾਂ ਨੇ ਸੀਨੀਅਰ ਅਧਿਕਾਰੀਆਂ ਨਾਲ ਫੋਨ 'ਤੇ ਗੱਲ ਕਰਕੇ ਮਨਰੇਗਾ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਸਬੰਧੀ ਲਿਖਤੀ ਭਰੋਸਾ ਦੇਣ ਦੇ ਨਿਰਦੇਸ਼ ਵੀ ਜਾਰੀ ਕੀਤੇ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਇਹਨਾਂ ਕਰਮਚਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਹਮਦਰਦੀ ਅਤੇ ਸੰਵਿਧਾਨਕ ਢੰਗ ਨਾਲ ਹੱਲ ਕੀਤਾ ਜਾਵੇਗਾ।

ਇਸ ਮੌਕੇ ਮਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਦੇ ਸਰਪਰਸਤ ਸ੍ਰੀ ਵਰਿੰਦਰ ਸਿੰਘ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਨਰੇਗਾ ਕਰਮਚਾਰੀ ਪਿਛਲੇ 18 ਸਾਲਾਂ ਤੋਂ ਮਨਰੇਗਾ ਸਕੀਮ ਅਧੀਨ ਸੇਵਾਵਾਂ ਨਿਭਾ ਰਹੇ ਹਨ ਅਤੇ ਉਨ੍ਹਾਂ ਦੀ ਮੁੱਖ ਮੰਗ ਸਰਕਾਰ ਵੱਲੋਂ ਰੁਜ਼ਗਾਰ ਦਿੱਤਾ ਜਾਣਾ ਹੈ। ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਖੁਦ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਸਿਵਲ ਹਸਪਤਾਲ ਖੰਨਾ ਵਿਖੇ ਪਹੁੰਚੇ ਹਨ ਅਤੇ ਜ਼ਖ਼ਮੀ ਮੁਲਾਜ਼ਮਾਂ ਦਾ ਡਾਕਟਰਾਂ ਨੂੰ ਮੁਫ਼ਤ ਤੇ ਵਧੀਆ ਇਲਾਜ ਕਰਨ ਦੇ ਆਦੇਸ਼ ਦਿੱਤੇ ਹਨ।

ਵਰਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਇਸ ਤੋਂ ਪਹਿਲਾਂ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਦੀ ਰਿਹਾਇਸ਼ 'ਤੇ ਮੰਗਾਂ ਸਬੰਧੀ ਲਗਭਗ ਇੱਕ ਘੰਟੇ ਤੱਕ ਵਿਸਥਾਰਪੂਰਵਕ ਮੀਟਿੰਗ ਹੋਈ, ਜਿਸ ਵਿੱਚ ਮੰਤਰੀ ਨੇ ਵਿਭਾਗੀ ਅਧਿਕਾਰੀਆਂ ਨਾਲ ਗੱਲ ਕਰਕੇ ਜਾਇਜ਼ ਮੰਗਾਂ ਨੂੰ ਲਿਖਤੀ ਰੂਪ ਵਿੱਚ ਪੇਸ਼ ਕਰਨ ਲਈ ਕਿਹਾ ਅਤੇ ਉਨ੍ਹਾਂ ਦੇ ਹੱਲ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਸਾਰੀਆਂ ਜਾਇਜ਼ ਮੰਗਾਂ ਗੱਲਬਾਤ ਰਾਹੀਂ ਹੱਲ ਹੋਣਗੀਆਂ ਅਤੇ ਯੂਨੀਅਨ ਕੈਬਨਿਟ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਵੱਲੋਂ ਦਿੱਤੇ ਭਰੋਸੇ ਨਾਲ ਪੂਰੀ ਤਰ੍ਹਾਂ ਸੰਤੁਸ਼ਟ ਹੈ। ਇਸ ਮੌਕੇ ਸੀਨੀਅਰ ਪੁਲਿਸ ਕਪਤਾਨ (ਐਸ.ਐਸ.ਪੀ) ਖੰਨਾ ਡਾ. ਦਰਪਣ ਆਹਲੂਵਾਲੀਆ, ਉਪ ਮੰਡਲ ਮਜਿਸਟਰੇਟ (ਐਸ.ਡੀ.ਐਮ) ਖੰਨਾ ਸ੍ਰੀਮਤੀ ਸਵਾਤੀ ਟਿਵਾਣਾ, ਸੀਨੀਅਰ ਮੈਡੀਕਲ ਅਫਸਰ (ਐਸ.ਐਮ.ਓ) ਡਾ. ਮਨਿੰਦਰ ਸਿੰਘ ਭਸੀਨ ਤੋਂ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦੇ ਸੀਨੀਅਰ ਅਧਿਕਾਰੀ ਅਤੇ ਮਨਰੇਗਾ ਕਰਮਚਾਰੀ ਯੂਨੀਅਨ ਦੇ ਨੁਮਾਇੰਦੇ ਵੀ ਮੌਜੂਦ ਸਨ।

# ਮਾਂਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਲੁਧਿਆਣਾ ਰਿਹਾ ਲਾਭਪਾਤਰੀਆਂ ਦੀ ਸੂਚੀ ਵਿੱਚ ਸਭ ਤੋਂ ਅੱਗੇ

## ਪਟਿਆਲਾ, ਅੰਮ੍ਰਿਤਸਰ, ਜਲੰਧਰ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵੀ ਸਿਖਰਲੇ ਜ਼ਿਲ੍ਹਿਆਂ ਵਿੱਚ ਸ਼ਾਮਲ



**ਚੰਡੀਗੜ੍ਹ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮਾਂਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਲੁਧਿਆਣਾ ਸਭ ਤੋਂ ਵੱਧ ਲਾਭਪਾਤਰੀਆਂ ਵਾਲਾ ਜ਼ਿਲ੍ਹਾ ਬਣ ਕੇ ਉੱਭਰਿਆ ਹੈ। ਇਸ ਯੋਜਨਾ ਤਹਿਤ ਜ਼ਿਲ੍ਹੇ ਵਿੱਚ 7.4 ਲੱਖ ਲਾਭਪਾਤਰੀਆਂ ਦਾ ਰਜਿਸਟ੍ਰੇਸ਼ਨ ਕੀਤਾ ਗਿਆ ਹੈ।

ਲੁਧਿਆਣਾ ਤੋਂ ਬਾਅਦ ਪਟਿਆਲਾ ਵਿੱਚ 5.3 ਲੱਖ, ਅੰਮ੍ਰਿਤਸਰ ਵਿੱਚ 4.9 ਲੱਖ, ਜਲੰਧਰ ਵਿੱਚ 4.8 ਲੱਖ, ਗੁਰਦਾਸਪੁਰ ਵਿੱਚ 4.4 ਲੱਖ ਅਤੇ ਹੁਸ਼ਿਆਰਪੁਰ ਵਿੱਚ 4.2 ਲੱਖ ਲਾਭਪਾਤਰੀ ਯੋਜਨਾ ਨਾਲ ਜੁੜੇ ਹਨ। ਰਾਜ ਵਿੱਚ ਸਭ ਤੋਂ ਘੱਟ ਰਜਿਸਟ੍ਰੇਸ਼ਨ ਮਲੇਰਕੋਟਲਾ ਜ਼ਿਲ੍ਹੇ ਵਿੱਚ ਦਰਜ ਕੀਤਾ ਗਿਆ ਹੈ, ਜਿੱਥੇ 1.3 ਲੱਖ ਲਾਭਪਾਤਰੀ ਯੋਜਨਾ ਨਾਲ ਜੁੜੇ ਹਨ। ਪੂਰੇ ਪੰਜਾਬ ਵਿੱਚ 14 ਜੁਲਾਈ 2026 ਤੱਕ ਕੁੱਲ 68.9 ਲੱਖ ਲਾਭਪਾਤਰੀਆਂ ਦਾ ਇਸ ਯੋਜਨਾ ਤਹਿਤ ਰਜਿਸਟ੍ਰੇਸ਼ਨ ਕੀਤਾ ਜਾ ਚੁੱਕਾ ਹੈ।

ਪੰਜਾਬ ਦੀ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਲੁਧਿਆਣਾ, ਪਟਿਆਲਾ, ਅੰਮ੍ਰਿਤਸਰ, ਜਲੰਧਰ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਰਗੇ ਜ਼ਿਲ੍ਹਿਆਂ ਵਿੱਚ ਵੱਧ ਰਜਿਸਟ੍ਰੇਸ਼ਨਾਂ ਦੇ ਪਿੱਛੇ ਕਈ ਕਾਰਨ ਹਨ, ਜਿਨ੍ਹਾਂ ਵਿੱਚ ਵੱਡੀ ਆਬਾਦੀ, ਮਜ਼ਬੂਤ ਪ੍ਰਸ਼ਾਸਨਿਕ ਨੈੱਟਵਰਕ ਅਤੇ ਭਲਾਈ ਯੋਜਨਾਵਾਂ ਪ੍ਰਤੀ ਵੱਧ ਜਾਗਰੂਕਤਾ ਸ਼ਾਮਲ ਹਨ। ਉਨ੍ਹਾਂ ਕਿਹਾ, ਯੋਜਨਾ ਦੀ ਸਫ਼ਲਤਾ ਯਕੀਨੀ ਬਣਾਉਣ ਲਈ ਪੂਰੀ ਸਰਕਾਰੀ ਮਸ਼ੀਨਰੀ ਮਿਲ ਕੇ ਕੰਮ ਕਰ ਰਹੀ ਹੈ।

ਵੱਧ ਰਜਿਸਟ੍ਰੇਸ਼ਨ ਦਾ ਇੱਕ ਮੁੱਖ ਕਾਰਨ ਇਨ੍ਹਾਂ ਜ਼ਿਲ੍ਹਿਆਂ ਦੀ ਵੱਡੀ ਆਬਾਦੀ ਹੈ। ਇਨ੍ਹਾਂ ਜ਼ਿਲ੍ਹਿਆਂ ਵਿੱਚ ਸ਼ਹਿਰੀ ਅਤੇ ਪੇਂਡੂ ਆਬਾਦੀ ਵੱਧ ਹੈ, ਵਿਧਾਨ ਸਭਾ ਹਲਕਿਆਂ ਦੀ ਗਿਣਤੀ ਜ਼ਿਆਦਾ ਹੈ ਅਤੇ ਯੋਗ ਪਰਿਵਾਰਾਂ ਦੀ ਸੰਖਿਆ ਵੀ ਵੱਧ ਹੈ, ਜਿਸ ਕਾਰਨ ਲਾਭਪਾਤਰੀਆਂ ਦੀ ਗਿਣਤੀ ਕੁਦਰਤੀ ਤੌਰ 'ਤੇ ਵਧਦੀ ਹੈ। ਲੁਧਿਆਣਾ, ਅੰਮ੍ਰਿਤਸਰ ਅਤੇ ਜਲੰਧਰ ਵਰਗੇ ਵੱਡੇ ਸ਼ਹਿਰ ਰੋਜ਼ਗਾਰ, ਸਿੱਖਿਆ ਅਤੇ ਰੋਜ਼ੀ-ਰੋਟੀ ਦੇ ਮੌਕਿਆਂ ਲਈ ਨੇੜਲੇ ਜ਼ਿਲ੍ਹਿਆਂ ਦੇ ਲੋਕਾਂ ਨੂੰ ਵੀ ਆਕਰਸ਼ਿਤ ਕਰਦੇ ਹਨ, ਜਿਸ ਨਾਲ ਇੱਥੇ ਰਹਿਣ ਵਾਲੀ ਆਬਾਦੀ ਵਿੱਚ ਵਾਧਾ ਹੁੰਦਾ ਹੈ।

ਇਨ੍ਹਾਂ ਜ਼ਿਲ੍ਹਿਆਂ ਵਿੱਚ ਵੱਡੀ ਗਿਣਤੀ ਵਿੱਚ ਪਰਿਵਾਰ ਪੇਂਡੂ ਖੇਤਰਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਹਨ, ਜਿਸ ਕਾਰਨ ਧੀਆਂ ਵਾਲੇ ਪਰਿਵਾਰਾਂ ਨੂੰ ਸਹਾਇਤਾ ਦੇਣ ਵਾਲੀਆਂ ਭਲਾਈ ਯੋਜਨਾਵਾਂ ਤਹਿਤ ਯੋਗ ਲਾਭਪਾਤਰੀਆਂ ਦੀ ਗਿਣਤੀ ਵੱਧ ਜਾਂਦੀ ਹੈ। ਜਨਮ ਰਜਿਸਟ੍ਰੇਸ਼ਨ, ਆਧਾਰ ਨਾਮਾਂਕਣ, ਬੈਂਕ ਖ਼ਾਤਿਆਂ ਦੀ ਉਪਲੱਬਧਤਾ ਅਤੇ ਹੋਰ ਲੋੜੀਂਦੇ ਦਸਤਾਵੇਜ਼ਾਂ ਦੀ ਬਿਹਤਰ ਵਿਵਸਥਾ ਨੇ ਵੀ ਵੱਧ ਯੋਗ ਲਾਭਪਾਤਰੀਆਂ ਨੂੰ ਯੋਜਨਾ ਦਾ ਲਾਭ ਲੈਣ ਵਿੱਚ ਮਦਦ ਕੀਤੀ ਹੈ।

# ਪੰਜਾਬ ਵਿਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਹਰ ਵਰਗ ਵਲੋਂ ਭਰਪੂਰ ਸਹਿਯੋਗ ਦਿੱਤਾ ਜਾ ਰਿਹੈ : ਬਾਜਵਾ




**ਪਟਿਆਲਾ, 16 ਜੁਲਾਈ**
**-ਬਲਜੀਤ ਸਰਨਾ-**

ਸਾਂਝ ਕੇਂਦਰ ਸਦਰ ਪਟਿਆਲਾ ਪੁਲਿਸ ਵੱਲੋਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ, ਯੂਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਹਿਯੋਗ ਨਾਲ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਡਾਇਰੈਕਟਰ ਜਨਰਲ ਆਫ਼ ਪੁਲਿਸ ਗੌਰਵ ਯਾਦਵ, ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਊਨਿਟੀ ਅਫੇਅਰ ਡਵੀਜ਼ਨ ਪੰਜਾਬ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ, ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ -ਕਮ- ਜ਼ਿਲ੍ਹਾ ਕਾਮਊਨਟੀ ਅਫੇਅਰ ਅਫਸਰ ਵੈਭਵ ਚੋਧਰੀ ਦੀ ਅਗਵਾਈ ਹੇਠ ਆਯੋਜਨ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ ਕੀਤੀ। ਇਸ ਮੌਕੇ ਰਾਸ਼ਟਰਪਤੀ ਪੁਲਿਸ ਮੈਡਲ ਐਵਾਰਡੀ ਐਸ ਆਈ ਜਸਪਾਲ ਸਿੰਘ ਇੰਚਾਰਜ ਸਾਂਝ ਕੇਂਦਰ ਸਦਰ ਪਟਿਆਲਾ ਵੱਲੋਂ ਸਾਰੇ ਆਏਂ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ। ਵਿਸ਼ੇਸ਼ ਤੌਰ ਤੇ ਵਰਿੰਦਰ ਸਿੰਘ ਖਰੋੜ ਡੈਟਾ ਅਪਰੇਟਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਪ੍ਰਨੀਤ ਕੌਰ ਡੈਟਾ ਅਪਰੇਟਰ ਸਾਂਝ ਕੇਂਦਰ ਸਦਰ ਪਟਿਆਲਾ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਭਿੰਦਰ ਜਲਵੇੜਾ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਸੁਖਜਿੰਦਰ ਸਿੰਘ ਬਾਜਵਾ ਅਤੇ ਐਸ ਆਈ ਜਸਪਾਲ ਸਿੰਘ ਨੇ ਕਿਹਾ ਕਿ ਡਾਇਰੈਕਟਰ ਜਨਰਲ ਆਫ਼ ਪੁਲਿਸ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੰਜਾਬ ਵਿਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਹਰ ਵਰਗ ਵਲੋਂ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਨੋਜਵਾਨਾ ਵੱਲੋਂ ਪੰਜਾਬ ਸਰਕਾਰ ਵੱਲੋਂ ਚਲਾਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਬਲਿਕ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਅੱਗੇ ਆਉਣਾ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਪਬਲਿਕ ਨੂੰ ਅਪੀਲ ਕੀਤੀ ਕਿ ਉਹੋ ਪੰਜਾਬ ਵਿਚੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੰਜਾਬ ਪੁਲਿਸ ਨੂੰ ਸੰਪੂਰਨ ਸਹਿਯੋਗ ਕਰਨ ਲਈ ਅੱਗੇ ਆਉਣ ਤਾ ਹੀ ਅਸੀਂ ਮੁੜ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਸਕਾਂਗੇ। ਇਸ ਮੌਕੇ ਸੁਖਜਿੰਦਰ ਸਿੰਘ ਬਾਜਵਾ ਨੇ ਪਬਲਿਕ ਨੂੰ ਅਪੀਲ ਕੀਤੀ ਕਿ ਉਹੋ ਆਪਣੇ ਘਰਾਂ ਵਿੱਚ ਕਿਰਾਏਦਾਰਾਂ ਅਤੇ ਨੌਕਰਾਂ ਦੀ ਪੁਲਿਸ ਵੈਰੀਫਿਕੇਸ਼ਨ ਜ਼ਰੂਰ ਕਰਵਾਉਣ ਤਾ ਜੋ ਉਹਨਾਂ ਨੂੰ ਭਵਿੱਖ ਵਿੱਚ ਕਿਸੇ ਪ੍ਰਕਾਰ ਦੀ ਕੋਈ ਪ੍ਰੇਸ਼ਾਨੀ ਨਾ ਹੋਵੇ। ਇਸ ਤੋਂ ਇਲਾਵਾ ਉਹਨਾਂ ਨੋਜਵਾਨਾਂ ਨੂੰ ਸਾਈਬਰ ਸੁਰੱਖਿਆ ਸਬੰਧੀ ਜਾਣਕਾਰੀ ਦਿੱਤੀ ਅਤੇ ਉਹਨਾਂ ਕਿਹਾ ਕਿ ਜੇਕਰ ਕਿਸੇ ਨਾਲ ਕੋਈ ਸਾਈਬਰ ਸਬੰਧੀ ਠੱਗੀ ਜਾ ਕੋਈ ਹੋਰ ਪ੍ਰੇਸ਼ਾਨੀ ਆਉਂਦੀ ਹੈ ਤਾਂ ਉਹੋ ਤਰੁੰਤ ਸਾਈਬਰ ਸੁਰੱਖਿਆ ਨੰਬਰ 1930 ਤੇ ਸੰਪਰਕ ਕਰਨ ਤਾ ਜੋ ਸਮਾਂ ਰਹਿੰਦਿਆਂ ਤੁਸੀਂ ਸਾਈਬਰ ਠੱਗੀ ਤੋਂ ਬੱਚ ਸਕੋ। ਇਸ ਮੌਕੇ ਨੋਜਵਾਨਾ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਵੱਲੋਂ ਸਾਂਝ ਕੇਂਦਰਾਂ ਵੱਲੋਂ ਪਬਲਿਕ ਨੂੰ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਬਾਰੇ ਜਾਣਕਾਰੀ ਵੀ ਦਿੱਤੀ ਗਈ।

# ਏ ਡੀ ਸੀ ਨੇ ਆਜ਼ਾਦੀ ਦਿਹਾੜੇ ਦੇ ਸਮਾਗਮ ਦੀਆਂ ਤਿਆਰੀਆਂ ਸਬੰਧੀ ਅਧਿਕਾਰੀਆਂ ਨੂੰ ਸੌਂਪੀਆਂ ਵੱਖ-ਵੱਖ ਜ਼ਿੰਮੇਵਾਰੀਆਂ



**ਪਟਿਆਲਾ, 16 ਜੁਲਾਈ**
**-ਛਤਰਪਾਲ ਸਿੰਘ-**

15 ਅਗਸਤ 2026 ਨੂੰ ਮਨਾਏ ਜਾਣ ਵਾਲੇ ਆਜ਼ਾਦੀ ਦਿਹਾੜੇ ਦੀਆਂ ਤਿਆਰੀਆਂ ਨੂੰ ਲੈ ਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪਟਿਆਲਾ ਅਨੁਪ੍ਰਿਤਾ ਜੌਹਲ ਨੇ ਅੱਜ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਨੂੰ ਡਿਊਟੀਆਂ ਅਤੇ ਜ਼ਿੰਮੇਵਾਰੀਆਂ ਸੌਂਪੀਆਂ।

ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਆਜ਼ਾਦੀ ਦਿਹਾੜਾ ਦੇਸ਼ ਦੀ ਆਨ, ਬਾਨ ਅਤੇ ਸ਼ਾਨ ਨਾਲ ਜੁੜਿਆ ਰਾਸ਼ਟਰੀ ਪਵਿੱਤਰ ਦਿਹਾੜਾ ਹੈ। ਇਸ ਲਈ ਸਮਾਗਮ ਦੇ ਹਰ ਪ੍ਰਬੰਧ ਨੂੰ ਸੁਚਾਰੂ, ਸਮੇਂ ਸਿਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਮੁਕੰਮਲ ਕੀਤਾ ਜਾਵੇ। ਉਨ੍ਹਾਂ ਸਾਰੇ ਵਿਭਾਗਾਂ ਦੇ ਮੁਖੀਆਂ ਨੂੰ ਹਦਾਇਤ ਕੀਤੀ ਕਿ ਉਹ ਆਪਣੀਆਂ ਡਿਊਟੀਆਂ ਪੂਰੀ ਤਨਦੇਹੀ ਅਤੇ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ ਅਤੇ ਪ੍ਰਬੰਧਾਂ ਦੀ ਨਿੱਜੀ ਤੌਰ 'ਤੇ ਨਿਗਰਾਨੀ ਵੀ ਯਕੀਨੀ ਬਣਾਉਣ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜ਼ਿਲ੍ਹਾ ਪੱਧਰੀ ਆਜ਼ਾਦੀ ਦਿਹਾੜਾ ਸਮਾਗਮ ਰਾਜਾ ਭਲਿੰਦਰਾ ਖੇਡ ਕੰਪਲੈਕਸ, ਪੋਲੋ ਗਰਾਊਂਡ, ਪਟਿਆਲਾ ਵਿਖੇ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਵੇਗਾ। ਉਨ੍ਹਾਂ ਸੱਭਿਆਚਾਰਕ ਪ੍ਰੋਗਰਾਮਾਂ ਦੀਆਂ ਰਿਹਰਸਲਾਂ ਸਮੇਂ ਸਿਰ ਸ਼ੁਰੂ ਕਰਨ ਅਤੇ ਵੱਖ-ਵੱਖ ਵਿਭਾਗਾਂ ਵੱਲੋਂ ਸੌਂਪੇ ਗਏ ਕੰਮ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕਰਨ ਦੇ ਨਿਰਦੇਸ਼ ਵੀ ਦਿੱਤੇ।

ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਪੰਜਾਬ ਪੁਲਿਸ, ਆਈ.ਟੀ.ਬੀ.ਪੀ., ਐਨ.ਸੀ.ਸੀ., ਰੈੱਡ ਕਰਾਸ, ਸਕਾਊਟਸ ਅਤੇ ਗਾਈਡਜ਼ ਦੀਆਂ ਟੁਕੜੀਆਂ ਵੱਲੋਂ ਸ਼ਾਨਦਾਰ ਪਰੇਡ ਪੇਸ਼ ਕੀਤੀ ਜਾਵੇਗੀ। ਇਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਵੱਲੋਂ ਵਿਕਾਸ ਕਾਰਜਾਂ ਨੂੰ ਦਰਸਾਉਂਦੀਆਂ ਆਕਰਸ਼ਕ ਝਾਕੀਆਂ ਕੱਢੀਆਂ ਜਾਣਗੀਆਂ, ਜਦਕਿ ਸਕੂਲੀ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਨਾਲ ਭਰਪੂਰ ਸੱਭਿਆਚਾਰਕ ਪ੍ਰੋਗਰਾਮ, ਮੁਟਿਆਰਾਂ ਵੱਲੋਂ ਗਿੱਧਾ ਅਤੇ ਨੌਜਵਾਨਾਂ ਵੱਲੋਂ ਭੰਗੜਾ ਵੀ ਪੇਸ਼ ਕੀਤਾ ਜਾਵੇਗਾ।

ਸੱਭਿਆਚਾਰਕ ਪ੍ਰੋਗਰਾਮ ਦੀਆਂ ਤਿਆਰੀਆਂ ਸਬੰਧੀ ਮਹਿੰਦਰਾ ਕਾਲਜ ਅਤੇ ਸਰਕਾਰੀ ਕਾਲਜ ਲੜਕੀਆਂ ਨੂੰ ਗਿੱਧਾ ਅਤੇ ਭੰਗੜੇ ਦੀਆਂ ਟੀਮਾਂ ਤਿਆਰ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜਦਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਸਕੂਲੀ ਵਿਦਿਆਰਥੀਆਂ ਦਾ ਸੱਭਿਆਚਾਰਕ ਤਿਆਰ ਕਰਵਾਉਣ ਲਈ ਕਿਹਾ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਤਾਲਮੇਲ ਨਾਲ ਕੰਮ ਕਰਦੇ ਹੋਏ ਆਜ਼ਾਦੀ ਦਿਹਾੜੇ ਦੇ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਯਾਦਗਾਰ ਅਤੇ ਸ਼ਾਨਦਾਰ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

ਇਸ ਮੌਕੇ ਉਨ੍ਹਾਂ ਦੇ ਨਾਲ ਐਸ ਡੀ ਐਮ, ਸਹਾਇਕ ਕਮਿਸ਼ਨਰ ਹਰਜੋਤ ਕੌਰ , ਐਸ.ਪੀ. ਸਿਟੀ ਪਲਵਿੰਦਰ ਸਿੰਘ ਚੀਮਾ ,ਸਿਵਿਲ ਸਰਜਨ ਸ਼ੈਲੀ ਜੇਟਲੀ ਤੇ ਹੋਰ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਦੇਵ ਮਾਨ ਨੇ ਪਿੰਡ ਅੱਚਲ ਵਿੱਚ ਤਿਆਰ ਹੋਏ ਪੰਚਾਇਤ ਘਰ ਦਾ ਕੀਤਾ ਉਦਘਾਟਨ



**ਨਾਭਾ, 16 ਜੁਲਾਈ**
**-ਹਰਸ਼ਪ੍ਰੀਤ ਕੌਰ-**

ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਅੱਜ ਪਿੰਡ ਅੱਚਲ ਵਿਖੇ ਗ੍ਰਾਮ ਪੰਚਾਇਤ ਵੱਲੋਂ ਕਰੀਬ 50 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ ਪੰਚਾਇਤ ਘਰ ਦਾ ਉਦਘਾਟਨ ਕੀਤਾ। ਇਸ ਮੌਕੇ ਪਿੰਡ ਵਾਸੀਆਂ ਨੇ ਵਿਧਾਇਕ ਦੇਵ ਮਾਨ ਦਾ ਨਿੱਘਾ ਸਵਾਗਤ ਕੀਤਾ। ਉਦਘਾਟਨ ਉਪਰੰਤ ਵਿਧਾਇਕ ਦੇਵ ਮਾਨ ਨੇ ਲੋਕ ਮਿਲਣੀ ਕਰਕੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਮੁਸ਼ਕਲਾਂ ਦਾ ਜਲਦ ਹੱਲ ਕਰਨ ਲਈ ਲੋੜੀਂਦੇ ਨਿਰਦੇਸ਼ ਦਿੱਤੇ।

ਇਸ ਮੌਕੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਖੇਡ ਕਿੱਟਾਂ ਅਤੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੀ ਵੰਡੀਆਂ ਗਈਆਂ।

ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਸਰਕਾਰ ਦੀ ਪਹਿਲ ਹੈ ਅਤੇ ਵਿਕਾਸ ਦੇ ਕੰਮ ਇਸੇ ਤਰ੍ਹਾਂ ਜਾਰੀ ਰਹਿਣਗੇ , ਇਸ ਮੌਕੇ ਉਨਾਂ ਦੇ ਨਾਲ ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ, ਧਰਮਿੰਦਰ ਸਿੰਘ ਸੁਖੇਵਾਲ ਸੀਨੀਅਰ ਆਗੂ, ਜਸਵਿੰਦਰ ਸਿੰਘ ਅਚੱਲ ਸਰਪੰਚ, ਮਨਜੀਤ ਸਿੰਘ ਸਰਪੰਚ ਫਤਿਹਪੁਰ, ਅਮਨਦੀਪ ਕੁਮਾਰ ਸਰਪੰਚ ਛੱਜੂ ਭੱਟ, ਅਮਨਦੀਪ ਸਿੰਘ ਸਰਪੰਚ ਕੋਟ ਕਲਾਂ, ਮੇਜਰ ਸਿੰਘ ਤੁੰਗਾਂ, ਗੁਰਲਾਲ ਸਿੰਘ ਮੱਲੀ ਚੇਅਰਮੈਨ, ਸਿਮਰਨਜੀਤ ਅੜਕ ਚੌਹਾਨ, ਸਤਨਾਮ ਸਿੰਘ ਸੱਤੀ ਸਰਪੰਚ ਕਨਸੂਹਾ, ਟੋਨਾ ਸਰਪੰਚ ਮੁੰਗੋ, ਗੁਰਮੁੱਖ ਸਿੰਘ ਸਰਪੰਚ ਮੋਲਗਵਾਰਾ, ਜਸਵੀਰ ਸਿੰਘ ਵਜੀਦਪੁਰ, ਪੱਪੀ ਸਰਪੰਚ ਬਿਰਧਨੋ, ਗੁਰਜੰਟ ਸਿੰਘ ਅੱਚਲ, ਪਿੰਡ ਦੀ ਪੰਚਾਇਤ, ਪਾਰਟੀ ਆਗੂ, ਪੰਚ, ਪਿੰਡ ਦੇ ਮੋਹਤਬਰ ਵਿਅਕਤੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਮਾਲ ਵਿਭਾਗ ਨਾਲ ਸਬੰਧਤ ਵਿੱਚ ਹੋਰ ਤੇਜ਼ੀ ਲਿਆਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵਚਨਬੱਧ : ਡਿਪਟੀ ਕਮਿਸ਼ਨਰ



**ਮਲੇਰਕੋਟਲਾ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਮਾਲੇਰਕੋਟਲਾ ਵੱਲੋਂ ਲੋਕਾਂ ਨੂੰ ਰੈਵੇਨਿਊ ਵਿਭਾਗ ਨਾਲ ਸਬੰਧਤ ਸੇਵਾਵਾਂ ਸਮੇਂ ਸਿਰ, ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੀ ਅਗਵਾਈ ਹੇਠ ਰੈਵੇਨਿਊ ਵਿਭਾਗ ਦੇ ਕੰਮਕਾਜ ਦੀ ਸਮੀਖਿਆ ਲਈ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ,ਡੀ.ਆਰ.ਓ ਨਵਜੋਤ ਤਿਵਾੜੀ,ਨਾਇਬ ਤਹਿਸ਼ੀਲਦਾਰ ਅਮਰਗੜ੍ਹ ਪਰਵੀਨ ਕੁਮਾਰ,ਨਾਇਬ ਤਹਿਸ਼ੀਲਦਾਰ ਸੁਖਵਿੰਦਰ ਸਿੰਘ, ਹਰਬੀਰ ਸਿੰਘ ਢੀਡਸਾ ਤੋਂ ਇਲਾਵਾ ਹੋਰ ਮਾਲ ਵਿਭਾਗ ਦੇ ਅਧਿਕਾਰੀ ਮੌਜੂਦ ਸਨ ।

ਮੀਟਿੰਗ ਦੌਰਾਨ ਸਵਾਮਿਤਵ ਸਕੀਮ ਅਧੀਨ ਚੱਲ ਰਹੇ ਕੰਮਾਂ ਦੀ ਪ੍ਰਗਤੀ, ਇੰਤਕਾਲਾਂ ਦੇ ਲੰਬਿਤ ਪਏ ਕੇਸਾਂ ਦਾ ਨਿਪਟਾਰਾ, ਸਰਕਾਰੀ ਬਕਾਇਆ ਦੀ ਵਸੂਲੀ, ਈਜ਼ੀ ਰਜਿਸਟ੍ਰੇਸ਼ਨ ਅਤੇ ਐਨ.ਜੀ.ਡੀ.ਆਰ.ਐਸ. ਪ੍ਰਣਾਲੀ ਨੂੰ ਹੋਰ ਸੁਚਾਰੂ ਬਣਾਉਣ ਸਬੰਧੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਇਸ ਤੋਂ ਇਲਾਵਾ ਜਮਾਬੰਦੀਆਂ, ਫ਼ਰਦਾਂ ਅਤੇ ਹੋਰ ਰੈਵੇਨਿਊ ਰਿਕਾਰਡ ਦੀ ਡਿਜੀਟਾਈਜ਼ੇਸ਼ਨ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ ਗਿਆ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਰੈਵੇਨਿਊ ਨਾਲ ਸਬੰਧਤ ਲੰਬਿਤ ਮਾਮਲਿਆਂ ਦਾ ਨਿਪਟਾਰਾ ਨਿਰਧਾਰਤ ਸਮਾਂ-ਸੀਮਾ ਅੰਦਰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਇੰਤਕਾਲਾਂ ਦੇ ਲੰਬਿਤ ਕੇਸਾਂ ਨੂੰ ਤਰਜੀਹ ਦੇ ਆਧਾਰ 'ਤੇ ਨਿਪਟਾਇਆ ਜਾਵੇ ਅਤੇ ਸਰਕਾਰੀ ਬਕਾਇਆ ਦੀ ਵਸੂਲੀ ਲਈ ਪ੍ਰਭਾਵਸ਼ਾਲੀ ਕਾਰਵਾਈ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਈਜ਼ੀ ਰਜਿਸਟ੍ਰੇਸ਼ਨ ਅਤੇ ਐਨ.ਜੀ.ਡੀ.ਆਰ.ਐਸ. ਪ੍ਰਣਾਲੀ ਰਾਹੀਂ ਲੋਕਾਂ ਨੂੰ ਰਜਿਸਟ੍ਰੇਸ਼ਨ ਸੇਵਾਵਾਂ ਪ੍ਰਦਾਨ ਕਰਨ ਵਿੱਚ ਹੋਰ ਸੁਧਾਰ ਲਿਆਂਦਾ ਜਾਵੇ। ਇਸ ਦੇ ਨਾਲ ਹੀ ਰੈਵੇਨਿਊ ਰਿਕਾਰਡ ਦੀ ਡਿਜੀਟਾਈਜ਼ੇਸ਼ਨ ਦਾ ਕੰਮ ਤੇਜ਼ੀ ਨਾਲ ਮੁਕੰਮਲ ਕਰਨ ਲਈ ਵੀ ਹਦਾਇਤਾਂ ਦਿੱਤੀਆਂ ਗਈਆਂ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕਾਂ ਨੂੰ ਰੈਵੇਨਿਊ ਸੇਵਾਵਾਂ ਦੀ ਸਮੇਂ ਸਿਰ ਅਤੇ ਪਾਰਦਰਸ਼ੀ ਡਿਲੀਵਰੀ ਯਕੀਨੀ ਬਣਾਉਣਾ ਜ਼ਿਲ੍ਹਾ ਪ੍ਰਸ਼ਾਸਨ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨ ਅਤੇ ਰੈਵੇਨਿਊ ਸੇਵਾਵਾਂ ਵਿੱਚ ਹੋਰ ਤੇਜ਼ੀ ਲਿਆਉਣ ਲਈ ਹਰ ਸੰਭਵ ਕਦਮ ਚੁੱਕਿਆ ਜਾ ਰਿਹਾ ਹੈ।

# ਵਿਜੀਲੈਂਸ ਬਿਊਰੋ ਵੱਲੋਂ 50,000 ਰੁਪਏ ਰਿਸ਼ਵਤ ਲੈਂਦਾ ਇੰਸਪੈਕਟਰ ਰੰਗੇ ਹੱਥੀਂ ਕਾਬੂ



**ਪਟਿਆਲਾ, 16 ਜੁਲਾਈ**
**-ਛਤਰਪਾਲ ਸਿੰਘ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸਹਿਕਾਰੀ ਸਭਾ ਤਪਾ, ਜ਼ਿਲ੍ਹਾ ਬਰਨਾਲਾ ਵਿਖੇ ਤਾਇਨਾਤ ਇੰਸਪੈਕਟਰ ਹਰਸ਼ ਬਾਂਸਲ ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਸਹਿਕਾਰੀ ਸਭਾ ਤਪਾ ਤੋਂ ਸੇਵਾਮੁਕਤ ਹੋਏ ਸਕੱਤਰ ਜੰਗ ਸਿੰਘ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਖ਼ਿਲਾਫ਼ ਇਸ ਵੇਲੇ ਵਿਭਾਗੀ ਜਾਂਚ ਚੱਲ ਰਹੀ ਹੈ। ਮੁਲਜ਼ਮ ਇੰਸਪੈਕਟਰ ਨੇ ਕਥਿਤ ਤੌਰ 'ਤੇ ਰਿਟਾਇਰਮੈਂਟ ਦਾ ਬਕਾਇਆ ਰਾਸ਼ੀ ਕਲੀਅਰ ਕਰਨ ਅਤੇ ਜਾਂਚ ਦਾ ਫੈਸਲਾ ਸ਼ਿਕਾਇਤਕਰਤਾ ਦੇ ਪੱਖ ਵਿੱਚ ਕਰਨ ਬਦਲੇ 1,00,000 ਰੁਪਏ ਰਿਸ਼ਵਤ ਮੰਗੀ ਸੀ ਅਤੇ ਬਾਅਦ ਵਿੱਚ ਇਹ ਸੌਦਾ 50,000 ਰੁਪਏ ਵਿੱਚ ਤੈਅ ਹੋਇਆ।

ਰਿਸ਼ਵਤ ਨਾ ਦੇਣ ਲਈ ਰਾਜ਼ੀ ਹੋਣ 'ਤੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਤੱਕ ਪਹੁੰਚ ਕੀਤੀ। ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ, ਜਿਸ ਦੌਰਾਨ ਮੁਲਜ਼ਮ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਉਸ ਦੇ ਕਬਜ਼ੇ ਵਿੱਚੋਂ ਰਿਸ਼ਵਤ ਵਾਲੇ ਕਰੰਸੀ ਨੋਟ ਵੀ ਬਰਾਮਦ ਕੀਤੇ ਗਏ ਹਨ।

ਇਸ ਸਬੰਧੀ ਮੁਲਜ਼ਮ ਖ਼ਿਲਾਫ਼ ਵਿਜੀਲੈਂਸ ਬਿਊਰੋ ਥਾਣਾ ਪਟਿਆਲਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਸੀਟੀ ਯੂਨੀਵਰਸਿਟੀ ਵਿੱਚ 'ਇੰਫਲੂਐਂਸਰਜ਼ ਅਵਾਰਡਜ਼ 2026' ਦਾ ਸ਼ਾਨਦਾਰ ਆਯੋਜਨ



**ਲੁਧਿਆਣਾ, 16 ਜੁਲਾਈ**
**ਲਛਮਣ ਜੀਤ ਸਿੰਘ ਪੁਰਬਾ**

ਸੀਟੀ ਯੂਨੀਵਰਸਿਟੀ ਵੱਲੋਂ ਰਚਨਾਤਮਕਤਾ, ਨਵੀਂ ਸੋਚ ਅਤੇ ਡਿਜ਼ਿਟਲ ਪ੍ਰਭਾਵ ਨੂੰ ਸਮਰਪਿਤ 'ਇੰਫਲੂਐਂਸਰਜ਼ ਅਵਾਰਡਜ਼ 2026' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਐਂਟਰਟੇਨਮੈਂਟ, ਕਾਮੇਡੀ, ਡਾਂਸ, ਮਿਊਜ਼ਿਕ ਅਤੇ ਐਕਟਿੰਗ ਸਮੇਤ ਵੱਖ-ਵੱਖ ਸ਼੍ਰੇਣੀਆਂ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੇ 30 ਤੋਂ ਵੱਧ ਕੰਟੈਂਟ ਕ੍ਰੀਏਟਰਾਂ ਨੂੰ ਸਨਮਾਨਿਤ ਕੀਤਾ ਗਿਆ।

ਸਮਾਗਮ ਵਿੱਚ ਲੁਧਿਆਣਾ ਦੀ ਮੇਅਰ ਇੰਦਰਜੀਤ ਕੌਰ, ਐਸਪੀ ਲੁਧਿਆਣਾ ਰੂਰਲ ਰਾਜਨ ਸ਼ਰਮਾ ਅਤੇ ਪ੍ਰਸਿੱਧ ਪੰਜਾਬੀ ਗਾਇਕ ਸਿੱਪੀ ਗਿੱਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਡਿਜ਼ਿਟਲ ਕ੍ਰੀਏਟਰਾਂ ਦੀ ਭੂਮਿਕਾ ਦੀ ਸ਼ਲਾਘਾ ਕਰਦਿਆਂ ਸਕਾਰਾਤਮਕ ਅਤੇ ਜ਼ਿੰਮੇਵਾਰ ਕੰਟੈਂਟ ਰਾਹੀਂ ਸਮਾਜ ਵਿੱਚ ਬਦਲਾਅ ਲਿਆਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਸੀਟੀ ਯੂਨੀਵਰਸਿਟੀ ਦੇ ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਅੱਜ ਦੇ ਕੰਟੈਂਟ ਕ੍ਰੀਏਟਰ ਨਵੀਂ ਪੀੜ੍ਹੀ ਦੇ ਕਹਾਣੀਕਾਰ ਹਨ, ਜੋ ਆਪਣੀ ਰਚਨਾਤਮਕਤਾ ਰਾਹੀਂ ਸਮਾਜ ਨੂੰ ਨਵੀਂ ਦਿਸ਼ਾ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਅਜਿਹੀਆਂ ਪ੍ਰਤਿਭਾਵਾਂ ਨੂੰ ਸਨਮਾਨਿਤ ਕਰਕੇ ਨੌਜਵਾਨਾਂ ਨੂੰ ਵੱਡੇ ਸੁਪਨੇ ਦੇਖਣ ਲਈ ਪ੍ਰੇਰਿਤ ਕਰਦੀ ਰਹੇਗੀ। ਸਮਾਗਮ ਵਿੱਚ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਵੀ ਹਾਜ਼ਰ ਰਹੇ।

# ਪੀ ਆਰ ਟੀ ਸੀ ਪੈਨਸ਼ਨਰਾਂ ਦੀ ਹੋਈ ਮਾਸਿਕ ਮੀਟਿੰਗ, ਬਕਾਇਆਂ ਦੀ ਕੀਤੀ ਮੰਗ



**ਪਟਿਆਲਾ, 16 ਜੁਲਾਈ**
**-ਅਮਨਦੀਪ ਸੱਭਰਵਾਲ-**

ਇੱਥੇ ਪੁਰਾਣੇ ਬਸ ਸਟੈਂਡ ਵਿਖੇ ਪੀ ਆਰ ਟੀ ਸੀ ਪੈਨਸ਼ਰਾਂ ਦੀ ਮਾਸਿਕ ਮੀਟਿੰਗ ਪੀ ਆਰ ਟੀ ਸੀ ਪੈਨਸ਼ਨਰਜ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੇ ਚੇਅਰਮੈਨ ਮੁਕੰਦ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵੱਖ-ਵੱਖ ਡਿਪੂਆਂ ਤੋਂ ਭਾਰੀ ਗਿਣਤੀ ਵਿੱਚ ਪੈਨਸ਼ਨਰਾਂ ਨੇ ਸ਼ਮੂਲੀਅਤ ਕੀਤੀ ।ਵੱਖ ਵੱਖ ਬੁਲਾਰਿਆਂ ਨੇ ਬਕਾਇਆਂ ਸਬੰਧੀ ਮੈਨੇਜਮੈਂਟ ਦੀ ਧਾਰੀ ਚੁੱਪ ਦੀ ਨਿੰਦਾ ਕੀਤੀ। ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ਨੇ ਰੈਲੀ ਰੂਪੀ ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹੁਣ ਤੱਕ ਦੀਆਂ ਪ੍ਰਾਪਤੀਆਂ ਆਪਾਂ ਆਪਣੇ ਏਕੇ ਨਾਲ ਹੀ ਕੀਤੀਆਂ ਹਨ ,ਅੱਗੋਂ ਵਾਸਤੇ ਵੀ ਅਦਾਇਗੀਆਂ ਕਰਵਾਉਣ ਲਈ ਆਪਾਂ ਨੂੰ ਏਕਾ ਬਣਾਈ ਰੱਖਣ ਦੀ ਲੋੜ ਹੈ। ਉਹਨਾਂ ਏਕਾ ਬਣਾਈ ਰੱਖਣ ਤੇ ਜ਼ੋਰ ਦਿੱਤਾ। ਉਹਨਾਂ ਨੇ ਮੈਨੇਜਮੈਂਟ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਸਾਡੇ ਰਹਿੰਦੇ ਬਕਾਏ ਜਿਵੇਂ ਕਿ 2016 ਦੇ ਗਰੇਡਾਂ ਦੇ ਬਕਾਏ, ਮੈਡੀਕਲ ਬਿਲਾਂ ਦੀ ਬਕਾਏ ਅਤੇ ਨਵੇਂ ਰਿਟਾਇਰੀਆਂ ਦੇ ਇੱਕਾ ਦੁੱਕਾ ਰਹਿੰਦੇ ਬਕਾਏ ਤੁਰੰਤ ਦਿੱਤੇ ਜਾਣ, ਨਾ ਦਿਤੇ ਜਾਣ 'ਤੇ ਸਾਨੂੰ ਸੰਘਰਸ਼ ਲਈ ਮਜਬੂਰ ਹੋਣਾ ਪਵੇਗਾ। ਸਕੱਤਰ ਜਨਰਲ ਹਰੀ ਸਿੰਘ ਚਮਕ ਨੇ ਕਿਹਾ ਕਿ ਸੋਧੇ ਗਰੇਡਾਂ ਦੇ ਸਾਡੇ ਬਕਾਇਆਂ ਦੀ 10 ਸਾਲਾਂ ਤੋਂ ਅਦਾਇਗੀ ਨਾ ਹੋਣ ਕਾਰਨ ਪੈਨਸ਼ਨਰਾਂ ਵਿੱਚ ਬੇਚੈਨੀ ਪਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਸਾਡੀਆਂ ਰਹਿੰਦੀਆਂ ਅਦਾਇਗੀਆਂ ਤੁਰੰਤ ਨਾ✫ ਕੀਤੀਆਂ ਤਾਂ ਸਾਨੂੰ ਸੰਘਰਸ਼ ਲਈ ਮਜਬੂਰ ਹੋਣਾ ਹੋਵੇਗਾ। ਉਹਨਾਂ ਕਿਹਾ ਕਿ ਮੈਨੇਜਮੈਂਟ ਨਾਲ ਫੋਨ ਤੇ ਵਾਰ ਵਾਰ ਸੰਪਰਕ ਕਰਨ ਦੇ ਬਾਵਜੂਦ ਸਾਨੂੰ ਮੈਨੇਜਮੈਂਟ ਵੱਲੋਂ ਲਾਰਿਆਂ ਤੋਂ ਬਿਨਾਂ ਕੁਝ ਪੱਲੇ ਨਹੀਂ ਪਿਆ। ਉਨ੍ਹਾਂ ਕਿਹਾ ਕਿ ਸਾਡੀਆਂ ਅਦਾਇਗੀਆਂ ਤੁਰੰਤ ਕੀਤੀਆ ਜਾਣ ਇਸ ਖਾਤਰ ਸਾਨੂੰ ਸੰਘਰਸ਼ ਲਈ ਮਜਬੂਰ ਨਾ ਹੋਣਾ ਪਵੇ। ਚੇਅਰਮੈਨ ਮੁਕੰਦ ਸਿੰਘ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਸਮੂਹ ਪੈਨਸ਼ਨਰਾਂ ਨੂੰ ਏਕਾ ਬਣਾਈ ਰੱਖਣ ਤੇ ਜ਼ੋਰ ਦਿੰਦਿਆਂ ਬਕਾਇਆਂ ਦੀ ਅਦਾਇਗੀ ਪ੍ਰਤੀ ਮੈਨੇਜਮੈਂਟ ਦੀ ਚੁੱਪ ਦੀ ਨਿਖੇਧੀ ਕੀਤੀ। ਉਹਨਾਂ ਨੇ ਬਕਾਇਆਂ ਦੀ ਪ੍ਰਾਪਤੀ ਲਈ ਪੈਨਸ਼ਨਰਾਂ ਨੂੰ ਸੰਘਰਸ਼ ਕਰਨ ਲਈ ਤਿਆਰ ਰਹਿਣ ਲਈ ਕਿਹਾ ।ਇਸ ਮੌਕੇ 'ਤੇ ਰਮੇਸ਼ ਭੱਟੀ ਵੱਲੋਂ ਇੰਟਕ ਜਥੇਬੰਦੀ ਛੱਡ ਕੇ ਪੈਨਸ਼ਨਰਜ ਐਸੋਸੀਏਸ਼ਨ ਦਾ ਮੈਂਬਰ ਬਣਨ 'ਤੇ ਉਹਨਾਂ ਦਾ ਸਵਾਗਤ ਕੀਤਾ ਗਿਆ। ਉਪਰੋਕਤ ਤੋਂ ਇਲਾਵਾ ਇਸ ਮੀਟਿੰਗ ਨੂੰ ਸਰਬ ਸ਼੍ਰੀ ਬਚਨ ਸਿੰਘ ਅਰੋੜਾ ਸਕੱਤਰ ਕੇਂਦਰੀ ਬਾਡੀ, ਹਰਦੇਵ ਸਿੰਘ ਲੁਧਿਆਣਾ ਡੀਪੂ, ਗੁਰਮੀਤ ਸਿੰਘ ਕਪੂਰਥਲਾ, ਜਲੌਰ ਸਿੰਘ ਫਰੀਦਕੋਟ, ਪ੍ਰੀਤਮ ਸਿੰਘ ਬਰਾੜ ਬਠਿੰਡਾ ,ਰਘਵੀਰ ਸਿੰਘ ਖੜਿਆਲ ਬੁੱਢਲਾਡਾ, ਮਦਨ ਮੋਹਨ ਸ਼ਰਮਾ ਬਰਨਾਲਾ ,ਬਲਵੰਤ ਸਿੰਘ ਜੋਗਾ ਸੰਗਰੂਰ ,ਜੋਗਿੰਦਰ ਸਿੰਘ ਪਟਿਆਲਾ, ਸੁਰਮੁਖ ਸਿੰਘ ਚੰਡੀਗੜ੍ਹ, ਬਚਿੱਤਰ ਸਿੰਘ ਵਾਇਸ ਚੇਅਰਮੈਨ ਲੁਧਿਆਣਾ ਨੇ ਵੀ ਸੰਬੋਧਨ ਕੀਤਾ। ਇਸ ਮੀਟਿੰਗ ਨੂੰ ਸਫਲ ਬਣਾਉਣ ਲਈ ਸਰਬ ਸ਼੍ਰੀ ਬਖਸ਼ੀਸ਼ ਸਿੰਘ ਦਫਤਰ ਸਕੱਤਰ ,ਅਮੋਲਕ ਸਿੰਘ ਕੈਸ਼ੀਅਰ ਕੇਂਦਰੀ ਬਾਡੀ, ਸੂਰਜ ਭਾਨ ਜਰਨਲ ਸਕੱਤਰ ਪਟਿਆਲਾ ਡਿਪੂ,ਬਲਬੀਰ ਸਿੰਘ ਬੁੱਟਰ, ਗੁਰਦੀਪ ਸਿੰਘ ,ਬਲਵੰਤ ਸਿੰਘ ਕੈਸ਼ੀਅਰ ਪਟਿਆਲਾ ਡਿੱਪੂ, ਲਲਕਾਰ ਸਿੰਘ ਟਿਵਾਣਾ, ਲਖਬੀਰ ਸਿੰਘ ਲੱਖੀ, ਮਨਜੀਤ ਸਿੰਘ, ਦਵਿੰਦਰ ਸਿੰਘ ਟਿਵਾਣਾ, ਸੰਤੋਸ਼ ਕ੍ਰਿਸ਼ਨ ਚਪੜ, ਮਹਿੰਦਰ ਸਿੰਘ ਸੋਹੀ, ਮਲਕੀਤ ਸਿੰਘ ,ਰਮੇਸ਼ਵਰ ਦਿਆਲ ਪਰਮਜੀਤ ਸਿੰਘ ਅਤੇ ਰਵਿੰਦਰ ਠਾਕੁਰ ਨੇ ਭਰਪੂਰ ਯੋਗਦਾਨ ਪਾਇਆ।



## ਹਰਿਆਣਾ ਖ਼ਬਰਨਾਮਾ



# ਪ੍ਰਧਾਨ ਮੰਤਰੀ ਨੇ ਜੀਂਦ ਤੋਂ 14,721 ਕਰੋੜ ਰੁਪਏ ਦੀ ਲਾਗਤ ਵਾਲੇ 9 ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ

## ਦੇਸ਼ ਦੀ ਪਹਿਲੀ ਹਾਈਡ੍ਰੋਜਨ ਬਾਲਣ ਅਧਾਰਤ ਟ੍ਰੇਨ ਨੂੰ ਦਿਖਾਈ ਹਰੀ ਝੰਡੀ, ਇਸ ਇਤਿਹਾਸਕ ਪਹਿਲ ਨਾਲ ਹਰਿਆਣਾ ਬਣਿਆ ਹਰਿਤ ਆਵਾਜਾਈ ਕ੍ਰਾਂਤੀ ਦਾ ਮੋਹਰੀ

**ਚੰਡੀਗੜ੍ਹ 16 ਜੁਲਾਈ**
**-ਛਤਰਪਾਲ ਸਿੰਘ-**

ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਸ਼ੁੱਕਰਵਾਰ ਨੂੰ ਦੇਸ਼ ਵਾਸੀਆਂ ਨੂੰ ਵੱਡੀ ਸੌਗਾਤ ਦਿੰਦਿਆਂ ਜੀਂਦ ਵਿੱਚ ਦੇਸ਼ ਦੀ ਪਹਿਲੀ ਹਾਈਡ੍ਰੋਜਨ ਫਿਊਲ ਅਧਾਰਤ ਯਾਤਰੀ ਟ੍ਰੇਨ ਨੂੰ ਹਰੀ ਝੰਡੀ ਦਿਖਾਉਣ ਸਮੇਤ 14,721 ਕਰੋੜ ਰੁਪਏ ਦੀ ਲਾਗਤ ਵਾਲੇ 9 ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ। ਦੇਸ਼ ਦੀ ਪਹਿਲੀ ਹਾਈਡ੍ਰੋਜਨ ਫਿਊਲ ਅਧਾਰਤ ਟ੍ਰੇਨ ਦੀ ਸ਼ੁਰੂਆਤ ਦੀ ਇਸ ਇਤਿਹਾਸਕ ਪਹਿਲ ਨਾਲ ਹਰਿਆਣਾ ਹਰਿਤ ਆਵਾਜਾਈ ਕ੍ਰਾਂਤੀ ਦਾ ਮੋਹਰੀ ਬਣ ਗਿਆ ਹੈ।

ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਹਰਿਆਣਾ ਦੌਰੇ ਦੌਰਾਨ ਲਗਭਗ 9681 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਦਿੱਲੀ-ਜੰਮੂ-ਕਟੜਾ ਐਕਸਪ੍ਰੈਸਵੇਅ ਦਾ ਹਰਿਆਣਾ ਖੰਡ ਰਾਸ਼ਟਰ ਨੂੰ ਸਮਰਪਿਤ ਕੀਤਾ। ਰਾਸ਼ਟਰੀ ਰਾਜਧਾਨੀ ਨੂੰ ਜੰਮੂ-ਕਸ਼ਮੀਰ ਨਾਲ ਜੋੜਨ ਵਾਲਾ ਇਹ ਐਕਸਪ੍ਰੈਸਵੇਅ ਤੇਜ਼, ਸੁਰੱਖਿਅਤ ਅਤੇ ਨਿਰਵਿਘਨ ਸੜਕੀ ਸੰਪਰਕ ਪ੍ਰਦਾਨ ਕਰਨ ਵਾਲੀ ਦੇਸ਼ ਦੀ ਮਹੱਤਵਪੂਰਨ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਵਿੱਚੋਂ ਇੱਕ ਹੈ। ਇਸ ਦੇ ਸ਼ੁਰੂ ਹੋਣ ਨਾਲ ਹਰਿਆਣਾ ਦੇ ਕਈ ਜ਼ਿਲ੍ਹਿਆਂ ਦੀ ਕਨੈਕਟੀਵਿਟੀ ਬਿਹਤਰ ਹੋਵੇਗੀ, ਸਫ਼ਰ ਦੇ ਸਮੇਂ ਵਿੱਚ ਕਮੀ ਆਵੇਗੀ ਅਤੇ ਵਪਾਰ, ਉਦਯੋਗ, ਸੈਰ-ਸਪਾਟਾ ਅਤੇ ਮਾਲ ਆਵਾਜਾਈ ਨੂੰ ਨਵੀਂ ਗਤੀ



ਮਿਲੇਗੀ।

ਨਾਲ ਹੀ, ਪ੍ਰਧਾਨ ਮੰਤਰੀ ਨੇ ਲਗਭਗ 1184 ਕਰੋੜ ਰੁਪਏ ਦੀ ਲਾਗਤ ਨਾਲ ਬਣੇ 33.81 ਕਿਲੋਮੀਟਰ ਲੰਬੇ ਅੰਬਾਲਾ-ਕਾਲਾ ਅੰਬ ਨੈਸ਼ਨਲ ਹਾਈ-ਵੇ ਦਾ ਵੀ ਉਦਘਾਟਨ ਕੀਤਾ। ਇਸ ਰਾਸ਼ਟਰੀ ਰਾਜਮਾਰਗ ਦੇ ਚਾਲੂ ਹੋਣ ਨਾਲ ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਉੱਤਰੀ ਭਾਰਤ ਦੇ ਹੋਰ ਖੇਤਰਾਂ ਵਿਚਕਾਰ ਸੜਕੀ ਸੰਪਰਕ ਹੋਰ ਵੀ ਸੁਖਾਲਾ ਹੋਵੇਗਾ। ਇਸ ਦੇ ਨਾਲ ਹੀ, ਪ੍ਰਧਾਨ ਮੰਤਰੀ ਦੁਆਰਾ ਲਗਭਗ 1606 ਕਰੋੜ ਰੁਪਏ ਦੀ ਲਾਗਤ ਨਾਲ ਨਿਰਮਿਤ 40.60 ਕਿਲੋਮੀਟਰ ਲੰਬੇ ਜੀਂਦ-ਗੋਹਾਣਾ ਨੈਸ਼ਨਲ ਹਾਈ-ਵੇ ਦਾ ਉਦਘਾਟਨ ਕੀਤਾ ਗਿਆ।

ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ 135 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ 24.27 ਕਿਲੋਮੀਟਰ ਲੰਬਾਈ ਦੇ ਹਾਂਸੀ-ਬਰਵਾਲਾ ਨੈਸ਼ਨਲ ਹਾਈ-ਵੇ ਦਾ ਨੀਂਹ ਪੱਥਰ ਵੀ ਰੱਖਿਆ। ਇਨ੍ਹਾਂ ਸੜਕੀ ਪ੍ਰੋਜੈਕਟਾਂ ਨਾਲ ਖੇਤਰੀ ਅਤੇ ਅੰਤਰ-ਜ਼ਿਲ੍ਹਾ ਸੰਪਰਕ ਹੋਰ ਮਜ਼ਬੂਤ ਹੋਵੇਗਾ, ਜਿਸ ਨਾਲ ਯਾਤਰੀਆਂ ਨੂੰ ਸੁਰੱਖਿਅਤ, ਸੁਖਾਲਾ ਅਤੇ ਤੇਜ਼ ਆਵਾਜਾਈ ਦੀ ਸਹੂਲਤ ਮਿਲੇਗੀ।

**ਕੁਰੂਕਸ਼ੇਤਰ ਐਲੀਵੇਟਿਡ ਰੇਲਵੇ ਟ੍ਰੈਕ ਦਾ ਉਦਘਾਟਨ**

ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਕੁਰੂਕਸ਼ੇਤਰ ਵਿੱਚ 372 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਐਲੀਵੇਟਿਡ ਰੇਲਵੇ ਟ੍ਰੈਕ ਦਾ ਵੀ ਉਦਘਾਟਨ ਕੀਤਾ। ਇਸ ਪ੍ਰੋਜੈਕਟ ਦੇ ਪੂਰਾ ਹੋਣ ਨਾਲ ਸ਼ਹਿਰ ਵਿੱਚ ਲੰਬੇ ਸਮੇਂ ਤੋਂ ਰੇਲਵੇ ਫਾਟਕਾਂ 'ਤੇ ਲੱਗਣ ਵਾਲੇ ਜਾਮ ਤੋਂ ਰਾਹਤ ਮਿਲੇਗੀ, ਸੜਕੀ ਆਵਾਜਾਈ ਵਧੇਰੇ ਸੁਖਾਲੀ ਹੋਵੇਗੀ ਅਤੇ ਰੇਲ ਅਤੇ ਸੜਕ ਦੋਵਾਂ ਦੀ ਸੰਚਾਲਨ ਸਮਰੱਥਾ ਵਿੱਚ ਵਾਧਾ ਹੋਵੇਗਾ। ਇਹ ਪ੍ਰੋਜੈਕਟ ਆਧੁਨਿਕ ਸ਼ਹਿਰੀ ਆਵਾਜਾਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ।

**ਭਿਵਾਨੀ ਅਤੇ ਕੋਰੀਆਵਾਸ ਦੇ ਨਵੇਂ ਸਰਕਾਰੀ ਮੈਡੀਕਲ ਕਾਲਜਾਂ ਦਾ ਕੀਤਾ ਉਦਘਾਟਨ**

ਸਿਹਤ ਖੇਤਰ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਲਗਭਗ 594 ਕਰੋੜ ਰੁਪਏ ਦੀ ਲਾਗਤ ਨਾਲ ਨਿਰਮਿਤ ਪੰਡਿਤ ਨੇਕੀ ਰਾਮ ਸ਼ਰਮਾ ਸਰਕਾਰੀ ਮੈਡੀਕਲ ਕਾਲਜ, ਭਿਵਾਨੀ ਅਤੇ ਲਗਭਗ 844 ਕਰੋੜ ਰੁਪਏ ਦੀ ਲਾਗਤ ਨਾਲ ਨਿਰਮਿਤ ਮਹਾਰਿਸ਼ੀ ਚਯਵਨ ਮੈਡੀਕਲ ਕਾਲਜ ਅਤੇ ਰਾਓ ਤੁਲਾਰਾਮ ਹਸਪਤਾਲ, ਕੋਰੀਆਵਾਸ (ਨਾਰਨੌਲ) ਦਾ ਉਦਘਾਟਨ ਕੀਤਾ। ਇਨ੍ਹਾਂ ਸੰਸਥਾਵਾਂ ਦੇ ਸ਼ੁਰੂ ਹੋਣ ਨਾਲ ਹਰਿਆਣਾ ਵਿੱਚ ਮਿਆਰੀ ਡਾਕਟਰੀ ਸਿੱਖਿਆ ਦਾ ਵਿਸਤਾਰ ਹੋਵੇਗਾ, ਐਮ.ਬੀ.ਬੀ.ਐਸ ਸੀਟਾਂ ਦੀ ਗਿਣਤੀ ਵਿੱਚ ਵਾਧਾ ਹੋਵੇਗਾ ਅਤੇ ਖੇਤਰ ਦੇ ਲੋਕਾਂ ਨੂੰ ਆਪਣੇ ਜ਼ਿਲ੍ਹੇ ਅਤੇ ਆਸਪਾਸ ਹੀ ਬਿਹਤਰ ਸਿਹਤ ਸੇਵਾਵਾਂ ਉਪਲਬਧ ਹੋ ਸਕਣਗੀਆਂ। ਨਾਲ ਹੀ, ਮਾਹਿਰ ਡਾਕਟਰਾਂ ਦੀ ਉਪਲਬਧਤਾ ਵਧੇਗੀ ਅਤੇ ਪ੍ਰਦੇਸ਼ ਦੀ ਸਿਹਤ ਵਿਵਸਥਾ ਨੂੰ ਨਵੀਂ ਮਜ਼ਬੂਤੀ ਮਿਲੇਗੀ।

**ਸਿੱਖ ਅਜਾਇਬ ਘਰ ਦਾ ਰੱਖਿਆ ਨੀਂਹ ਪੱਥਰ**

ਹਰਿਆਣਾ ਦੀ ਅਮੀਰ ਸੱਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਨੂੰ ਸੰਭਾਲਣ ਅਤੇ ਭਵਿੱਖ ਦੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਦੀ ਦਿਸ਼ਾ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਕੁਰੂਕਸ਼ੇਤਰ ਵਿੱਚ ਸਿੱਖ ਅਜਾਇਬ ਘਰ ਦਾ ਨੀਂਹ ਪੱਥਰ ਵੀ ਰੱਖਿਆ। ਲਗਭਗ 164 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲਾ ਇਹ ਅਜਾਇਬ ਘਰ ਸਿੱਖ ਇਤਿਹਾਸ, ਗੁਰੂਆਂ ਦੀਆਂ ਸਿੱਖਿਆਵਾਂ, ਬਹਾਦਰੀ, ਕੁਰਬਾਨੀ ਅਤੇ ਭਾਰਤੀ ਸੱਭਿਆਚਾਰ ਵਿੱਚ ਸਿੱਖ ਭਾਈਚਾਰੇ ਦੇ ਅਮੁੱਲ ਯੋਗਦਾਨ ਨੂੰ ਆਧੁਨਿਕ ਤਕਨੀਕ ਰਾਹੀਂ ਪ੍ਰਦਰਸ਼ਿਤ ਕਰੇਗਾ। ਇਸ ਨਾਲ ਕੁਰੂਕਸ਼ੇਤਰ ਦੀ ਧਾਰਮਿਕ ਅਤੇ ਸੱਭਿਆਚਾਰਕ ਪਛਾਣ ਹੋਰ ਮਜ਼ਬੂਤ ਹੋਵੇਗੀ ਅਤੇ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਅਤੇ ਸੈਲਾਨੀਆਂ ਲਈ ਇਹ ਇੱਕ ਮਹੱਤਵਪੂਰਨ ਖਿੱਚ ਦਾ ਕੇਂਦਰ ਬਣੇਗਾ।

## ਮਾਰਕੰਡਾ ਨਦੀ ਵਿੱਚ ਪਾਣੀ ਦਾ ਪੱਧਰ ਵਧਿਆ



**ਪਿਹੋਵਾ , 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਿਮਾਚਲ ਪ੍ਰਦੇਸ਼ ਅਤੇ ਉੱਤਰੀ ਪਰਬਤੀ ਖੇਤਰਾਂ ਵਿੱਚ ਲਗਾਤਾਰ ਪੈ ਰਹੇ ਮੀਂਹ ਕਰਕੇ ਮਾਰਕੰਡਾ ਨਦੀ ਦੇ ਪਾਣੀ ਦਾ ਪੱਧਰ ਵਧਣਾ ਸ਼ੁਰੂ ਹੋ ਗਿਆ ਹੈ।

ਪ੍ਰਸ਼ਾਸਨ ਅਨੁਸਾਰ ਫਿਲਹਾਲ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ ਅਤੇ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਸਥਿਤੀ ਦਾ ਜਾਇਜ਼ਾ ਲੈਣ ਲਈ ਐੱਸ ਡੀ ਐੱਮ ਗੁਰਵਿੰਦਰ ਸਿੰਘ ਨੇ ਅੱਜ ਪਿੰਡ ਜਲਬੇੜਾ ਅਤੇ ਝਾਂਸਾ ਮਾਰਕੰਡਾ ਖੇਤਰਾਂ ਦਾ ਨਿਰੀਖਣ ਕੀਤਾ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਚੌਕਸੀ ਵਰਤਣ ਦੇ ਦਿਸ਼ਾ ਨਿਰਦੇਸ਼ ਦਿੱਤੇ।

ਐੱਸ ਡੀ ਐੱਮ ਨੇ ਹੜ੍ਹ ਵਰਗੀ ਕਿਸੇ ਵੀ ਸੰਭਾਵੀ ਸਥਿਤੀ ਨਾਲ ਨਜਿੱਠਣ ਲਈ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਜੇ ਪਹਾੜਾਂ ਵਿੱਚ ਭਾਰੀ ਬਾਰਸ਼ ਕਾਰਨ ਮਾਰਕੰਡਾ ਨਦੀ ਵਿੱਚ ਪਾਣੀ ਦੀ ਆਮਦ ਹੋਰ ਵਧਦੀ ਹੈ, ਤਾਂ ਪਿਹੋਵਾ ਉਪ ਮੰਡਲ ਦੇ ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨ ਅਤੇ ਆਵਾਜਾਈ ਪ੍ਰਭਾਵਿਤ ਹੋਣ ਦਾ ਖ਼ਤਰਾ ਬਣ ਸਕਦਾ ਹੈ। ਉਨ੍ਹਾਂ ਸਾਰੇ ਵਿਭਾਗਾਂ ਨੂੰ ਪਹਿਲਾਂ ਹੀ ਤਿਆਰ ਰਹਿਣ ਲਈ ਆਖਿਆ ਤਾਂ ਜੋ ਆਮ ਲੋਕਾਂ ਨੂੰ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

ਪ੍ਰਸ਼ਾਸਨ ਵੱਲੋਂ ਅਧਿਕਾਰੀਆਂ ਦੀਆਂ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜੋ ਦਿਨ ਰਾਤ ਨਦੀ ਦੇ ਪਾਣੀ ਦੇ ਪੱਧਰ ਅਤੇ ਸੰਵੇਦਨਸ਼ੀਲ ਇਲਾਕਿਆਂ ਉੱਤੇ ਨਜ਼ਰ ਰੱਖਣਗੀਆਂ।

ਐੱਸ ਡੀ ਐੱਮ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਮਜ਼ੋਰ ਬੰਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਹੜ੍ਹ ਰੋਕੂ ਸਮੱਗਰੀ ਦਾ ਪ੍ਰਬੰਧ ਪਹਿਲਾਂ ਹੀ ਮੁਕੰਮਲ ਰੱਖਿਆ ਜਾਵੇ। ਆਮ ਲੋਕਾਂ ਦੀ ਜਾਨ ਮਾਲ ਦੀ ਸੁਰੱਖਿਆ ਪ੍ਰਸ਼ਾਸਨ ਦੀ ਮੁੱਖ ਤਰਜੀਹ ਹੈ ਅਤੇ ਕਿਸੇ ਵੀ ਪੱਧਰ ਉੱਤੇ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਮਾਰਕੰਡਾ ਨਦੀ ਵਿੱਚ ਪਾਣੀ ਦਾ ਪੱਧਰ ਵਧਿਆ

**ਪਿਹੋਵਾ , 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਿਮਾਚਲ ਪ੍ਰਦੇਸ਼ ਅਤੇ ਉੱਤਰੀ ਪਰਬਤੀ ਖੇਤਰਾਂ ਵਿੱਚ ਲਗਾਤਾਰ ਪੈ ਰਹੇ ਮੀਂਹ ਕਰਕੇ ਮਾਰਕੰਡਾ ਨਦੀ ਦੇ ਪਾਣੀ ਦਾ ਪੱਧਰ ਵਧਣਾ ਸ਼ੁਰੂ ਹੋ ਗਿਆ ਹੈ। ਪ੍ਰਸ਼ਾਸਨ ਅਨੁਸਾਰ ਫਿਲਹਾਲ ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ ਅਤੇ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਸਥਿਤੀ ਦਾ ਜਾਇਜ਼ਾ ਲੈਣ ਲਈ ਐੱਸ ਡੀ ਐੱਮ ਗੁਰਵਿੰਦਰ ਸਿੰਘ ਨੇ ਅੱਜ ਪਿੰਡ ਜਲਬੇੜਾ ਅਤੇ ਝਾਂਸਾ ਮਾਰਕੰਡਾ ਖੇਤਰਾਂ ਦਾ ਨਿਰੀਖਣ ਕੀਤਾ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਚੌਕਸੀ ਵਰਤਣ ਦੇ ਦਿਸ਼ਾ ਨਿਰਦੇਸ਼ ਦਿੱਤੇ। ਐੱਸ ਡੀ ਐੱਮ ਨੇ ਹੜ੍ਹ ਵਰਗੀ ਕਿਸੇ ਵੀ ਸੰਭਾਵੀ ਸਥਿਤੀ ਨਾਲ ਨਜਿੱਠਣ ਲਈ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਨ੍ਹਾਂ ਕਿਹਾ ਕਿ ਜੇ ਪਹਾੜਾਂ ਵਿੱਚ ਭਾਰੀ ਬਾਰਸ਼ ਕਾਰਨ ਮਾਰਕੰਡਾ ਨਦੀ ਵਿੱਚ ਪਾਣੀ ਦੀ ਆਮਦ ਹੋਰ ਵਧਦੀ ਹੈ, ਤਾਂ ਪਿਹੋਵਾ ਉਪ ਮੰਡਲ ਦੇ ਨੀਵੇਂ ਇਲਾਕਿਆਂ ਵਿੱਚ ਪਾਣੀ ਭਰਨ ਅਤੇ ਆਵਾਜਾਈ ਪ੍ਰਭਾਵਿਤ ਹੋਣ ਦਾ ਖ਼ਤਰਾ ਬਣ ਸਕਦਾ ਹੈ। ਉਨ੍ਹਾਂ ਸਾਰੇ ਵਿਭਾਗਾਂ ਨੂੰ ਪਹਿਲਾਂ ਹੀ ਤਿਆਰ ਰਹਿਣ ਲਈ ਆਖਿਆ ਤਾਂ ਜੋ ਆਮ ਲੋਕਾਂ ਨੂੰ ਕਿਸੇ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਪ੍ਰਸ਼ਾਸਨ ਵੱਲੋਂ ਅਧਿਕਾਰੀਆਂ ਦੀਆਂ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜੋ ਦਿਨ ਰਾਤ ਨਦੀ ਦੇ ਪਾਣੀ ਦੇ ਪੱਧਰ ਅਤੇ ਸੰਵੇਦਨਸ਼ੀਲ ਇਲਾਕਿਆਂ ਉੱਤੇ ਨਜ਼ਰ ਰੱਖਣਗੀਆਂ। ਐੱਸ ਡੀ ਐੱਮ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਮਜ਼ੋਰ ਬੰਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਹੜ੍ਹ ਰੋਕੂ ਸਮੱਗਰੀ ਦਾ ਪ੍ਰਬੰਧ ਪਹਿਲਾਂ ਹੀ ਮੁਕੰਮਲ ਰੱਖਿਆ ਜਾਵੇ।

## ਸਵੱਛਤਾ ਨਾਲ ਹੋਵੇਗਾ ਇਤਿਹਾਸਕ ਪਲ ਦਾ ਸਵਾਗਤ, ਹਾਈਡ੍ਰੋਜਨ ਟ੍ਰੇਨ ਨਾਲ ਵਿਸ਼ਵ ਨਕਸ਼ੇ 'ਤੇ ਉਭਰੇਗਾ ਗੋਹਾਣਾ : ਡਾ. ਅਰਵਿੰਦ ਸ਼ਰਮਾ

**ਚੰਡੀਗੜ੍ਹ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਦੇ ਸਹਿਕਾਰਤਾ, ਜੇਲ੍ਹ, ਚੋਣ, ਵਿਰਾਸਤ ਅਤੇ ਸੈਰ-ਸਪਾਟਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਸਵੱਛਤਾ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਨਾਗਰਿਕਾਂ ਦੀ ਸਮੂਹਿਕ ਜ਼ਿੰਮੇਵਾਰੀ ਹੈ। ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਦੇ ਇਤਿਹਾਸਕ ਸੰਚਾਲਨ ਤੋਂ ਪਹਿਲਾਂ ਗੋਹਾਣਾ ਰੇਲਵੇ ਜੰਕਸ਼ਨ 'ਤੇ ਵੀਰਵਾਰ ਨੂੰ ਆਯੋਜਿਤ 'ਸਵੱਛਤਾ ਨਾਲ ਸਵਾਗਤ' ਮੁਹਿੰਮ ਤਹਿਤ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਆਪਣੀ ਧਰਮਪਤਨੀ ਡਾ. ਗੀਤਾ ਸ਼ਰਮਾ ਅਤੇ ਵਰਕਰਾਂ ਨਾਲ ਖੁਦ ਝਾੜੂ ਲਗਾ ਕੇ ਵਿਸ਼ੇਸ਼ ਸਵੱਛਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਅਤੇ ਸ਼ਰਮਦਾਨ ਕਰਕੇ ਰੇਲਵੇ ਕੰਪਲੈਕਸ ਨੂੰ ਸਾਫ਼ ਬਣਾਉਣ ਦਾ ਸੰਦੇਸ਼ ਦਿੱਤਾ।

ਇਸ ਮੌਕੇ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਭਾਰਤੀ ਸੰਸਕ੍ਰਿਤੀ ਵਿੱਚ ਮਹਿਮਾਨ ਦਾ ਸਵਾਗਤ ਸਰਵਉੱਚ ਪਰੰਪਰਾ ਰਹੀ ਹੈ। ਅਸੀਂ ਰੋਜ਼ਾਨਾ ਆਪਣੇ ਘਰ ਦੀ ਸਾਫ਼-ਸਫਾਈ ਕਰਦੇ ਹਾਂ, ਪਰ ਜਦੋਂ ਕੋਈ ਵਿਸ਼ੇਸ਼ ਮਹਿਮਾਨ ਆਉਣ ਵਾਲਾ ਹੁੰਦਾ ਹੈ ਤਾਂ ਪੂਰੇ ਉਤਸ਼ਾਹ ਅਤੇ ਸਮਰਪਣ ਨਾਲ ਘਰ ਨੂੰ ਸਜਾਉਂਦੇ-ਸੰਵਾਰਦੇ ਹਾਂ। 17 ਜੁਲਾਈ ਨੂੰ ਜਦੋਂ ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਪਹਿਲੀ ਵਾਰ ਗੋਹਾਣਾ ਰੇਲਵੇ ਸਟੇਸ਼ਨ ਪਹੁੰਚੇਗੀ,



ਉਦੋਂ ਇਹ ਸਿਰਫ਼ ਇੱਕ ਟ੍ਰੇਨ ਦਾ ਆਗਮਨ ਨਹੀਂ ਹੋਵੇਗਾ, ਸਗੋਂ ਆਧੁਨਿਕ ਭਾਰਤ ਦੇ ਇਤਿਹਾਸ ਦਾ ਸੁਨਹਿਰੀ ਪਲ ਹੋਵੇਗਾ। ਇਸੇ ਭਾਵਨਾ ਨਾਲ ਅੱਜ ਰੇਲਵੇ ਸਟੇਸ਼ਨ 'ਤੇ ਵਿਸ਼ੇਸ਼ ਸਵੱਛਤਾ ਮੁਹਿੰਮ ਚਲਾਈ ਗਈ ਹੈ। ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਭਾਰਤ ਹਰੀ ਊਰਜਾ ਅਤੇ ਆਧੁਨਿਕ ਤਕਨੀਕ ਦੇ ਖੇਤਰ ਵਿੱਚ ਲਗਾਤਾਰ ਨਵੇਂ ਕੀਰਤੀਮਾਨ ਸਥਾਪਿਤ ਕਰ ਰਿਹਾ ਹੈ। ਦੇਸ਼ ਦੀ ਪਹਿਲੀ ਹਾਈਡ੍ਰੋਜਨ ਟ੍ਰੇਨ ਦਾ ਸੰਚਾਲਨ ਉਸੇ ਦੂਰਦਰਸ਼ੀ ਸੋਚ ਦਾ ਨਤੀਜਾ ਹੈ। ਇਸ ਪ੍ਰੋਜੈਕਟ ਨਾਲ ਗੋਹਾਣਾ ਨੂੰ ਰਾਸ਼ਟਰੀ ਹੀ ਨਹੀਂ, ਸਗੋਂ ਵਿਸ਼ਵ ਪੱਧਰੀ ਪਛਾਣ ਵੀ ਮਿਲੇਗੀ ਅਤੇ ਇਹ ਸ਼ਹਿਰ ਆਧੁਨਿਕ ਅਤੇ ਸਾਫ਼ ਆਵਾਜਾਈ ਪ੍ਰਣਾਲੀ ਦੀ ਨਵੀਂ ਪਛਾਣ ਬਣੇਗਾ।

ਸਹਿਕਾਰਤਾ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ 17 ਜੁਲਾਈ ਨੂੰ ਜੀਂਦ ਤੋਂ ਦੇਸ਼ ਦੀ ਪਹਿਲੀ ਈਕੋ-ਫ੍ਰੈਂਡਲੀ ਹਾਈਡ੍ਰੋਜਨ ਟ੍ਰੇਨ ਦਾ ਉਦਘਾਟਨ ਕਰਨਗੇ। ਇਸ ਇਤਿਹਾਸਕ ਮੌਕੇ 'ਤੇ ਜੀਂਦ ਵਿੱਚ ਵਿਸ਼ਾਲ ਈਕੋ-ਫ੍ਰੈਂਡਲੀ ਰੈਲੀ ਦਾ ਆਯੋਜਨ ਵੀ ਕੀਤਾ ਜਾਵੇਗਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਦੀ ਭਾਗੀਦਾਰੀ ਹੋਵੇਗੀ। ਉਨ੍ਹਾਂ ਨੇ ਕਿਹਾ ਕਿ ਇਸ ਸਵਦੇਸ਼ੀ, ਪ੍ਰਦੂਸ਼ਣ-ਮੁਕਤ ਅਤੇ ਵਾਤਾਵਰਣ-ਅਨੁਕੂਲ ਟ੍ਰੇਨ ਨੂੰ ਲੈ ਕੇ ਪੂਰੇ ਖੇਤਰ ਵਿੱਚ ਬੇਮਿਸਾਲ ਉਤਸ਼ਾਹ ਹੈ ਅਤੇ ਲੋਕ ਇਸ ਇਤਿਹਾਸਕ ਪਲ ਦੇ ਗਵਾਹ ਬਣਨ ਲਈ ਉਤਸੁਕ ਹਨ। ਡਾ. ਸ਼ਰਮਾ ਨੇ ਨਾਗਰਿਕਾਂ ਨੂੰ ਸੱਦਾ ਦਿੱਤਾ ਕਿ ਉਹ ਸਵੱਛਤਾ ਨੂੰ ਸਿਰਫ਼ ਇੱਕ ਮੁਹਿੰਮ ਨਹੀਂ, ਸਗੋਂ ਆਪਣੀ ਰੋਜ਼ਾਨਾ ਜੀਵਨ ਸ਼ੈਲੀ ਦਾ ਹਿੱਸਾ ਬਣਾਉਣ। ਉਨ੍ਹਾਂ ਨੇ ਕਿਹਾ ਕਿ ਸਾਫ਼ ਵਾਤਾਵਰਣ ਹੀ ਸਿਹਤਮੰਦ ਸਮਾਜ ਅਤੇ ਵਿਕਸਤ ਰਾਸ਼ਟਰ ਦੀ ਨੀਂਹ ਹੈ। ਜੇਕਰ ਹਰ ਨਾਗਰਿਕ ਆਪਣੇ ਆਲੇ-ਦੁਆਲੇ ਸਵੱਛਤਾ ਬਣਾਈ ਰੱਖਣ ਦਾ ਸੰਕਲਪ ਲਵੇ, ਤਾਂ ਦੇਸ਼ ਨੂੰ ਸਾਫ਼ ਅਤੇ ਵਿਕਸਤ ਬਣਾਉਣ ਦਾ ਟੀਚਾ ਹੋਰ ਵੀ ਤੇਜ਼ੀ ਨਾਲ ਪੂਰਾ ਕੀਤਾ ਜਾ ਸਕਦਾ ਹੈ।

## ਫਸਲ ਅਵਸ਼ੇਸ਼ ਪ੍ਰਬੰਧਨ ਖੇਤੀ ਯੰਤਰਾਂ 'ਤੇ 50 ਫੀਸਦੀ ਸਬਸਿਡੀ ਲਈ 3 ਅਗਸਤ ਤੱਕ ਕਰੋ ਆਨਲਾਈਨ ਅਪਲਾਈ

**ਚੰਡੀਗੜ੍ਹ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਰਾਸ਼ਟਰੀ ਖੇਤੀਬਾੜੀ ਵਿਕਾਸ ਯੋਜਨਾ ਸਾਲ 2026-27 ਤਹਿਤ ਫਸਲ ਅਵਸ਼ੇਸ਼ ਪ੍ਰਬੰਧਨ ਲਈ ਕਿਸਾਨਾਂ ਤੋਂ 3 ਅਗਸਤ 2026 ਤੱਕ ਆਨਲਾਈਨ ਅਰਜ਼ੀਆਂ ਮੰਗੀਆਂ ਗਈਆਂ ਹਨ।

ਵਿਭਾਗ ਦੇ ਬੁਲਾਰੇ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਯੋਜਨਾ ਤਹਿਤ ਕਿਸਾਨਾਂ ਨੂੰ ਫਸਲ ਅਵਸ਼ੇਸ਼ ਪ੍ਰਬੰਧਨ ਖੇਤੀ ਸੰਦਾਂ 'ਤੇ 50 ਫੀਸਦੀ ਸਬਸਿਡੀ ਪ੍ਰਾਪਤ ਕਰਨ ਦਾ ਮੌਕਾ ਦਿੱਤਾ ਗਿਆ ਹੈ।

ਉਨ੍ਹਾਂ ਨੇ ਦੱਸਿਆ ਕਿ ਪਰਾਲੀ ਸਾੜਨ ਦੀਆਂ ਘਟਨਾਵਾਂ ਅਤੇ ਹਵਾ ਪ੍ਰਦੂਸ਼ਣ ਨੂੰ ਘੱਟ ਕਰਨ ਦੇ ਉਦੇਸ਼ ਨਾਲ ਕਿਸਾਨਾਂ ਨੂੰ ਨਿੱਜੀ ਸ਼੍ਰੇਣੀ ਵਿੱਚ ਵੱਖ-ਵੱਖ ਖੇਤੀ ਯੰਤਰਾਂ 'ਤੇ 50 ਫੀਸਦੀ ਸਬਸਿਡੀ ਉਪਲਬਧ ਕਰਵਾਈ ਜਾਵੇਗੀ। ਯੋਜਨਾ ਤਹਿਤ ਸੁਪਰ ਐਸਐਮਐਸ, ਹੈਪੀ ਸੀਡਰ, ਸੁਪਰ ਸੀਡਰ, ਸਟਰਾਅ ਚੌਪਰ/ਸ਼ਰੇਡਰ/ਮਲਚਰ, ਰਿਵਰਸੀਬਲ ਐਮਬੀ ਪਲਾਓ, ਜ਼ੀਰੋ ਟਿੱਲ ਸੀਡ ਡ੍ਰਿਲ, ਸਟਰਾਅ ਬੇਲਰ, ਰੇਕ, ਕ੍ਰੌਪ ਰੀਪਰ, ਟਰੈਕਟਰ ਮਾਊਂਟਡ ਲੋਡਰ ਅਤੇ ਟਰੈਕਟਰ ਚਾਲਿਤ ਟੈਂਡਰ ਮਸ਼ੀਨ ਸਮੇਤ ਵੱਖ-ਵੱਖ ਖੇਤੀ ਯੰਤਰਾਂ 'ਤੇ ਸਬਸਿਡੀ ਦਿੱਤੀ ਜਾਵੇਗੀ।

ਬੁਲਾਰੇ ਨੇ ਦੱਸਿਆ ਕਿ ਚਾਹਵਾਨ ਕਿਸਾਨ ਵਿਭਾਗੀ ਪੋਰਟਲ agriharyana.gov.in 'ਤੇ 3 ਅਗਸਤ ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ। ਅਪਲਾਈ ਕਰਨ ਲਈ ਕਿਸਾਨ ਦਾ 'ਮੇਰੀ ਫਸਲ ਮੇਰਾ ਬਿਊਰਾ' ਪੋਰਟਲ 'ਤੇ ਰਜਿਸਟ੍ਰੇਸ਼ਨ ਹੋਣਾ ਲਾਜ਼ਮੀ ਹੈ। ਇਸ ਤੋਂ ਇਲਾਵਾ, ਪਰਿਵਾਰ ਪਛਾਣ ਪੱਤਰ, ਪੈਨ ਕਾਰਡ, ਬੈਂਕ ਖਾਤਾ ਵੇਰਵਾ, ਟਰੈਕਟਰ ਦੀ ਵੈਧ ਆਰਸੀ ਅਤੇ ਹੋਰ ਲੋੜੀਂਦੇ ਦਸਤਾਵੇਜ਼ਾਂ ਦੀ ਲੋੜ ਹੋਵੇਗੀ। ਅਨੁਸੂਚਿਤ ਜਾਤੀ ਵਰਗ ਦੇ ਕਿਸਾਨਾਂ ਨੂੰ ਜਾਤੀ ਸਰਟੀਫਿਕੇਟ ਵੀ ਪੇਸ਼ ਕਰਨਾ ਹੋਵੇਗਾ।

ਉਨ੍ਹਾਂ ਨੇ ਦੱਸਿਆ ਕਿ ਅਪਲਾਈ ਕਰਨ ਵਾਲੇ ਕਿਸਾਨਾਂ ਨੂੰ ਖੇਤ ਵਿੱਚ ਫਸਲ ਦੀ ਰਹਿੰਦ-ਖੂੰਹਦ ਨਾ ਸਾੜਨ ਅਤੇ ਪਿਛਲੇ ਤਿੰਨ ਸਾਲਾਂ ਵਿੱਚ ਸਬੰਧਤ ਖੇਤੀ ਯੰਤਰ 'ਤੇ ਪਰਿਵਾਰ ਦੇ ਕਿਸੇ ਮੈਂਬਰ ਵੱਲੋਂ ਸਬਸਿਡੀ ਨਾ ਲੈਣ ਦਾ ਸਹੁੰ-ਪੱਤਰ ਦੇਣਾ ਹੋਵੇਗਾ। ਨਿੱਜੀ ਸ਼੍ਰੇਣੀ ਵਿੱਚ ਹਰੇਕ ਕਿਸਾਨ ਸਿਰਫ਼ ਇੱਕ ਖੇਤੀ ਯੰਤਰ ਲਈ ਹੀ ਅਰਜ਼ੀ ਦੇ ਸਕੇਗਾ। ਜੇਕਰ ਕਿਸਾਨ ਦੀ ਚੋਣ ਬੇਲਰ ਮਸ਼ੀਨ ਲਈ ਹੁੰਦੀ ਹੈ ਤਾਂ ਉਹ ਰੇਕ, ਸਟਰਾਅ ਰੇਕ ਜਾਂ ਸ਼ਰੇਡਰ ਮਾਸਟਰ/ਰੋਟਰੀ ਸਲੇਸ਼ਰ ਮਸ਼ੀਨ 'ਤੇ ਵੀ ਸਬਸਿਡੀ ਪ੍ਰਾਪਤ ਕਰ ਸਕਦਾ ਹੈ।

ਉਨ੍ਹਾਂ ਨੇ ਦੱਸਿਆ ਕਿ ਚੁਣੇ ਗਏ ਕਿਸਾਨਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਲੋੜੀਂਦੇ ਦਸਤਾਵੇਜ਼ ਸਬੰਧਤ ਜ਼ਿਲ੍ਹੇ ਦੇ ਸਹਾਇਕ ਖੇਤੀਬਾੜੀ ਇੰਜੀਨੀਅਰ ਦਫ਼ਤਰ ਵਿੱਚ ਜਮ੍ਹਾਂ ਕਰਾਉਣੇ ਹੋਣਗੇ। ਦਸਤਾਵੇਜ਼ਾਂ ਦੀ ਤਸਦੀਕ ਤੋਂ ਬਾਅਦ ਆਨਲਾਈਨ ਪਰਮਿਟ ਜਾਰੀ ਕੀਤੇ ਜਾਣਗੇ। ਪਰਮਿਟ ਜਾਰੀ ਹੋਣ ਤੋਂ ਬਾਅਦ ਕਿਸਾਨ ਨੂੰ 7 ਸਤੰਬਰ, 2026 ਤੱਕ ਵਿਭਾਗ ਵੱਲੋਂ ਪ੍ਰਵਾਨਿਤ ਨਿਰਮਾਤਾ/ਡੀਲਰ ਤੋਂ ਖੇਤੀ ਯੰਤਰ ਖਰੀਦ ਕੇ ਬਿੱਲ, ਈ-ਵੇਅ ਬਿੱਲ ਅਤੇ ਜੀਪੀਐਸ ਲੋਕੇਸ਼ਨ ਸਮੇਤ ਲੋੜੀਂਦੇ ਦਸਤਾਵੇਜ਼ ਪੋਰਟਲ 'ਤੇ ਅਪਲੋਡ ਕਰਨੇ ਹੋਣਗੇ। ਉਡੀਕ ਸੂਚੀ ਵਾਲੇ ਕਿਸਾਨਾਂ ਨੂੰ ਲੋੜ ਅਨੁਸਾਰ ਬਾਅਦ ਵਿੱਚ ਪਰਮਿਟ ਜਾਰੀ ਕੀਤੇ ਜਾਣਗੇ। ਖੇਤੀ ਯੰਤਰ ਨਿਰਮਾਤਾ ਵੀ ਇਸ ਯੋਜਨਾ ਤਹਿਤ ਵਿਭਾਗੀ ਪੋਰਟਲ agriharyana.gov.in 'ਤੇ ਆਨਲਾਈਨ ਰਜਿਸਟ੍ਰੇਸ਼ਨ ਕਰ ਸਕਦੇ ਹਨ। ਸਾਲ 2025-26 ਵਿੱਚ ਪ੍ਰਵਾਨਿਤ ਅਤੇ ਜਿਨ੍ਹਾਂ ਦੀ ਟੈਸਟ ਰਿਪੋਰਟ ਇਸ ਸਾਲ ਵੀ ਵੈਧ ਹੈ, ਉਨ੍ਹਾਂ ਨੂੰ ਦੁਬਾਰਾ ਅਪਲਾਈ ਕਰਨ ਦੀ ਲੋੜ ਨਹੀਂ ਹੋਵੇਗੀ।

## ਮੇਵਾਤ ਵਿਕਾਸ ਏਜੰਸੀ ਦੇ ਡਿਪਟੀ ਸੀਈਓ ਲਈ ਲਿੰਕ ਅਧਿਕਾਰੀ ਨਾਮਜ਼ਦ

**ਚੰਡੀਗੜ੍ਹ, 17 ਜੁਲਾਈ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਨੇ ਮੇਵਾਤ ਵਿਕਾਸ ਏਜੰਸੀ, ਨੂਹ ਦੇ ਉਪ ਮੁੱਖ ਕਾਰਜਕਾਰੀ ਅਧਿਕਾਰੀ (ਡਿਪਟੀ ਸੀਈਓ) ਦੀ ਗੈਰ-ਮੌਜੂਦਗੀ ਵਿੱਚ ਕੰਮਕਾਜ ਨੂੰ ਸੁਚਾਰੂ ਰੂਪ ਨਾਲ ਚਲਾਉਣ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਲਿੰਕ ਅਧਿਕਾਰੀ ਨਾਮਜ਼ਦ ਕੀਤੇ ਹਨ।

ਮੁੱਖ ਸਕੱਤਰ ਦੇ ਦਫ਼ਤਰ ਵੱਲੋਂ ਜਾਰੀ ਆਦੇਸ਼ਾਂ ਅਨੁਸਾਰ ਸਿਟੀ ਮੈਜਿਸਟ੍ਰੇਟ, ਨੂਹ ਨੂੰ ਲਿੰਕ ਅਧਿਕਾਰੀ-1 ਅਤੇ ਉਪ ਮੰਡਲ ਅਧਿਕਾਰੀ (ਨਾਗਰਿਕ), ਨੂਹ ਨੂੰ ਲਿੰਕ ਅਧਿਕਾਰੀ-2 ਨਿਯੁਕਤ ਕੀਤਾ ਗਿਆ ਹੈ।

ਇਹ ਲਿੰਕ ਅਧਿਕਾਰੀ ਸਬੰਧਤ ਅਧਿਕਾਰੀ ਦੇ ਛੁੱਟੀ, ਸਿਖਲਾਈ, ਦੌਰੇ ਜਾਂ ਚੋਣ ਡਿਊਟੀ 'ਤੇ ਰਹਿਣ ਦੀ ਸਥਿਤੀ ਵਿੱਚ ਅਤੇ ਤਬਾਦਲੇ, ਸੇਵਾਮੁਕਤੀ ਜਾਂ ਕਿਸੇ ਹੋਰ ਕਾਰਨ ਕਰਕੇ ਅਹੁਦਾ ਖਾਲੀ ਹੋਣ ਦੀ ਸਥਿਤੀ ਵਿੱਚ ਕੰਮਕਾਜ ਦੇਖਣਗੇ।

ਆਦੇਸ਼ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਸਬੰਧਤ ਅਧਿਕਾਰੀ ਛੁੱਟੀ, ਸਿਖਲਾਈ, ਦੌਰੇ ਜਾਂ ਚੋਣ ਡਿਊਟੀ 'ਤੇ ਜਾਣ ਤੋਂ ਪਹਿਲਾਂ ਨਾਮਜ਼ਦ ਲਿੰਕ ਅਧਿਕਾਰੀਆਂ ਨੂੰ ਇਸ ਦੀ ਸੂਚਨਾ ਦੇਣਾ ਯਕੀਨੀ





